6-MAR-PAGE-1.qxd 3/5/2024 10:21 PM Page 1

ਬੁੱਧਵਾਰ, 6 ਮਾਰਚ, 2024
23 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 276

ਨਵਾਂ ਜ਼ਮਾਨਾ

DAILY NAWAN ZAMANA • WEDNESDAY, 6 MARCH, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਦੋ ਲੱਖ ਕਰੋੜ ਤੋਂ ਵੱਧ ਦਾ ਟੈਕਸ ਫ੍ਰੀ ਬਜਟ

ਬਜਟ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵੱਲ ਅਹਿਮ ਕਦਮ : ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਵਿੱਤੀ ਸਾਲ 2024-25 ਲਈ ਅਸੰਬਲੀ 'ਚ ਸੂਬੇ ਦਾ 2,04,918 ਕਰੋੜ ਰੁਪਏ ਤੋਂ ਵੱਧ ਦਾ ਬਜਟ ਪੇਸ਼ ਕੀਤਾ। ਉਨ੍ਹਾ ਕਿਹਾ ਕਿ ਬਜਟ ਮੁੱਖ ਤੌਰ 'ਤੇ ਸਿਹਤ ਅਤੇ ਸਿੱਖਿਆ ਖੇਤਰਾਂ 'ਤੇ ਕੇਂਦਰਤ ਹੈ। ਚੀਮਾ ਨੇ ਕਿਹਾ ਕਿ ਕੋਈ ਨਵਾਂ ਟੈਕਸ ਨਹੀਂ ਲਗਾਇਆ ਗਿਆ, ਫਿਰ ਵੀ 2024-25 'ਚ 1,03,936 ਕਰੋੜ ਰੁਪਏ ਮਾਲੀਆ ਪ੍ਰਾਪਤ ਹੋਣ ਦੀ ਉਮੀਦ ਹੈ, ਜਿਸ ਵਿੱਚੋਂ ਆਪਣਾ ਟੈਕਸ ਮਾਲੀਆ 58,900 ਕਰੋੜ ਰੁਪਏ ਹੋਵੇਗਾ। ਰਾਜ ਨੂੰ ਕੇਂਦਰੀ ਟੈਕਸਾਂ ਤੋਂ ਆਪਣੇ ਹਿੱਸੇ ਵਜੋਂ 22,041 ਕਰੋੜ ਰੁਪਏ ਅਤੇ ਕੇਂਦਰ ਤੋਂ ਸਹਾਇਤਾ ਵਜੋਂ 11,748 ਕਰੋੜ ਰੁਪਏ ਮਿਲਣਗੇ।

ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਦੋ ਸਾਲਾਂ 'ਚ 40000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। 2 ਲੱਖ ਕਰੋੜ ਰੁਪਏ ਤੋਂ ਵੱਧ ਦੇ ਕੁੱਲ ਸਾਲਾਨਾ ਖਰਚੇ ਵਿੱਚੋਂ 13,784 ਕਰੋੜ ਰੁਪਏ ਖੇਤੀਬਾੜੀ ਲਈ ਅਤੇ 16,987 ਕਰੋੜ ਰੁਪਏ ਸਿੱਖਿਆ ਲਈ ਰੱਖੇ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਪੇਸ਼ ਕੀਤੇ ਬੱਜਟ 2024-25 ਦੀ ਸ਼ਲਾਘਾ ਕਰਦਿਆਂ ਇਸ ਨੂੰ ਸੂਬੇ ਦੇ ਸਮੁੱਚੇ, ਬਰਾਬਰ ਅਤੇ ਵਿਆਪਕ ਵਿਕਾਸ ਰਾਹੀਂ 'ਰੰਗਲਾ ਪੰਜਾਬ' ਬਣਾਉਣ ਦੀ ਦਿਸ਼ਾ ਵੱਲ ਕਦਮ ਦੱਸਿਆ। ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ 'ਜ਼ੀਰੋ ਟੈਕਸ' ਬੱਜਟ ਵਿੱਚ ਸਾਰੇ ਮੁੱਖ ਖੇਤਰਾਂ ਜਿਵੇਂ ਸਿਹਤ, ਸਿੱਖਿਆ, ਬਿਜਲੀ, ਬੁਨਿਆਦੀ ਢਾਂਚਾ, ਉਦਯੋਗ, ਖੇਡਾਂ, ਸਮਾਜਿਕ ਸੁਰੱਖਿਆ ਅਤੇ ਹੋਰ ਖੇਤਰਾਂ ਵੱਲ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਗਿਆ ਹੈ, ਜੋ ਸੂਬੇ ਦੇ ਵਿਕਾਸ ਲਈ ਨਵੇਂ ਰਾਹ ਖੋਲ੍ਹੇਗਾ। ਉਨ੍ਹਾ ਕਿਹਾ ਕਿ ਇਹ ਬੱਜਟ ਸੂਬੇ ਦੇ ਸਮੁੱਚੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰੇਗਾ ਅਤੇ ਸਮਾਜ ਦੇ ਸਾਰੇ ਵਰਗਾਂ ਖਾਸ ਕਰ ਕੇ ਗਰੀਬ ਤੇ ਪੱਛੜੇ ਵਰਗਾਂ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਵਾਰ ਸੂਬੇ ਦਾ ਬੱਜਟ ਦੋ ਲੱਖ ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ ਕਿਉਂਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕਈ ਅਹਿਮ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ 2012-17 ਦੌਰਾਨ 8 ਫ਼ੀਸਦ ਤੇ 2017-22 ਦੌਰਾਨ 6 ਫ਼ੀਸਦ ਦੀ ਮਿਸਰਤ ਸਾਲਾਨਾ

● ਬਾਕੀ ਸਫ਼ਾ 2 'ਤੇ

ਕੁੜੀਆਂ ਪਹਾੜ ਦੀਆਂ, ਦ੍ਰਿੜ ਇਰਾਦੇ ਵਾਲੀਆਂ

ਸ਼ਿਮਲਾ : ਬਰਫਬਾਰੀ ਕਾਰਨ ਸੜਕਾਂ ਬੰਦ ਹੋ ਜਾਣ ਤੇ ਬਿਜਲੀ ਨਾ ਆਉਣ ਦੇ ਬਾਵਜੂਦ ਲਾਹੌਲ ਤੇ ਸਪਿਤੀ ਦੀ ਕੁੜੀ ਇਮਤਿਹਾਨ ਕਿਸੇ ਵੀ ਹਾਲਤ ਵਿਚ ਮਿਸ ਨਹੀਂ ਕਰਨਾ ਚਾਹੁੰਦੀ ਸੀ। ਉਹ ਆਪਣੇ ਪਿਤਾ ਨਾਲ ਦੋ-ਤਿੰਨ ਫੁੱਟ ਬਰਫ ਵਿੱਚੋਂ ਲੰਘ ਕੇ ਬੋਰਡ ਦਾ ਇਮਤਿਹਾਨ ਦੇਣ ਪੁੱਜੀ।

ਇਮਤਿਹਾਨ ਫਰਵਰੀ ਦੇ ਅਖੀਰ ਵਿਚ ਸ਼ੁਰੂ ਹੋਏ ਸਨ ਤੇ ਮੱਧ ਮਾਰਚ ਤੱਕ ਚੱਲਣੇ ਹਨ।

ਚੀਨੀ ਰੱਖਿਆ ਬਜਟ 'ਚ 7.2 ਫੀਸਦੀ ਦਾ ਵਾਧਾ

ਬੀਜਿੰਗ : ਚੀਨ ਨੇ ਰੱਖਿਆ ਬਜਟ 'ਚ 7.2 ਫੀਸਦੀ ਦੇ ਵਾਧੇ ਦਾ ਐਲਾਨ ਕੀਤਾ ਹੈ, ਜੋ ਪਹਿਲਾਂ ਹੀ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਰੱਖਿਆ ਬਜਟ ਹੈ। ਅਮਰੀਕਾ ਦਾ ਦੁਨੀਆ 'ਚ ਸਭ ਤੋਂ ਵੱਧ ਰੱਖਿਆ ਬਜਟ ਹੈ, ਜੋ 222 ਅਰਬ ਡਾਲਰ ਹੈ। ਚੀਨ ਦੀ ਸੰਸਦ ਦੇ ਉਦਘਾਟਨੀ ਸੈਸ਼ਨ 'ਚ ਮੰਗਲਵਾਰ ਐਲਾਨੇ ਅਧਿਕਾਰਤ ਬਜਟ ਦੇ ਅੰਕੜਿਆਂ ਨੂੰ ਬਹੁਤ ਸਾਰੇ ਵਿਦੇਸ਼ੀ ਮਾਹਰ ਸੱਤਾਧਾਰੀ ਕਮਿਊਨਿਸਟ ਪਾਰਟੀ ਦੇ ਫੌਜੀ ਵਿੰਗ ਪੀਪਲਜ਼ ਲਿਬਰੇਸ਼ਨ ਆਰਮੀ ਵੱਲੋਂ ਕੀਤੇ ਖਰਚੇ ਦਾ ਇੱਕ ਹਿੱਸੇ ਮੰਨਦੇ ਹਨ।

ਮੋਦੀ ਦੀ ਸ਼ਾਹਬਾਜ਼ ਨੂੰ ਵਧਾਈ

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਵਾਲੇ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ ਦੇ ਨੇਤਾ ਸ਼ਾਹਬਾਜ਼ ਸ਼ਰੀਫ ਨੂੰ ਵਧਾਈ ਦਿੱਤੀ। ਸ਼ਾਹਬਾਜ਼ ਨੇ ਸੋਮਵਾਰ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕੀ ਸੀ। ਉਹ 2022 ਤੋਂ ਬਾਅਦ ਦੂਜੀ ਵਾਰ ਦੇਸ਼ ਦੀ ਵਾਗਡੋਰ ਸੰਭਾਲਣਗੇ।

ਭਾਜਪਾ ਦੀ ਟਿਕਟ ਲਈ ਹਾਈ ਕੋਰਟ ਦੇ ਜੱਜ ਵੱਲੋਂ ਅਸਤੀਫਾ

ਕੋਲਕਾਤਾ : ਜਸਟਿਸ ਅਭਿਜੀਤ ਗੰਗੋਪਾਧਿਆਏ ਨੇ ਮੰਗਲਵਾਰ ਕਲਕੱਤਾ ਹਾਈ ਕੋਰਟ ਦੇ ਜੱਜ ਦੇ ਅਹੁਦੇ ਤੋਂ ਅਸਤੀਫਾ ਦੇਣ ਦੇ ਕੁਝ ਘੰਟਿਆਂ ਬਾਅਦ ਐਲਾਨ ਕੀਤਾ ਕਿ ਉਹ ਭਾਜਪਾ 'ਚ ਸ਼ਾਮਲ ਹੋ ਰਹੇ ਹਨ ਤੇ ਭਾਜਪਾ ਜਿਥੋਂ ਲੋਕ ਸਭਾ ਦੀ ਟਿਕਟ ਦੇਵੇਗੀ, ਉਥੋਂ ਉਹ ਚੋਣ ਲੜਨਗੇ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਉਹ 7 ਮਾਰਚ ਨੂੰ ਭਾਜਪਾ 'ਚ ਸ਼ਾਮਲ ਹੋਣਗੇ। ਉਨ੍ਹਾ ਕਿਹਾ—ਮੈਂ ਭਾਜਪਾ 'ਚ ਸ਼ਾਮਲ ਹੋ ਰਿਹਾ ਹਾਂ, ਕਿਉਂਕਿ ਇਹ ਰਾਸ਼ਟਰੀ ਪਾਰਟੀ ਹੈ, ਜੋ ਬੰਗਾਲ 'ਚ ਟੀ ਐੱਮ ਸੀ ਦੇ ਭ੍ਰਿਸ਼ਟਾਚਾਰ ਵਿਰੁੱਧ ਲੜ ਰਹੀ ਹੈ।

ਯੂ ਏ ਪੀ ਏ 'ਚ ਫਸਾਏ ਪ੍ਰੋਫੈਸਰ ਸਾਈਬਾਬਾ ਤੇ ਪੰਜ ਹੋਰ ਬਰੀ

ਨਾਗਪੁਰ : ਬੰਬੇ ਹਾਈ ਕੋਰਟ ਦੀ ਨਾਗਪੁਰ ਬੈਂਚ ਨੇ ਮੰਗਲਵਾਰ ਕਥਿਤ ਮਾਓਵਾਦੀ ਲਿੰਕ ਕੇਸ ਵਿਚ ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਜੀ ਐੱਨ ਸਾਈਬਾਬਾ ਨੂੰ ਬਰੀ ਕਰ ਦਿੱਤਾ। ਉਸ ਨੇ 54 ਸਾਲਾ ਸਾਈਬਾਬਾ ਦੀ ਉਮਰ ਕੈਦ ਦੀ ਸਜ਼ਾ ਵੀ ਰੱਦ ਕਰ ਦਿੱਤੀ। ਜਸਟਿਸ ਵਿਨੈ ਜੋਸ਼ੀ ਅਤੇ ਜਸਟਿਸ ਵਾਲਮੀਕਿ ਐੱਸ ਏ ਮੇਨੇਜ਼ੇਸ ਦੀ ਡਵੀਜਨ ਬੈਂਚ ਨੇ ਇਸ ਮਾਮਲੇ 'ਚ ਪੰਜ ਹੋਰ ਮੁਲਜ਼ਮਾਂ ਨੂੰ ਵੀ ਬਰੀ ਕਰ ਦਿੱਤਾ। ਬੈਂਚ ਨੇ ਕਿਹਾ ਕਿ ਉਹ ਸਾਰੇ ਮੁਲਜ਼ਮਾਂ ਨੂੰ ਬਰੀ ਕਰ ਰਹੀ ਹੈ, ਕਿਉਂਕਿ ਇਸਤਗਾਸਾ ਪੱਖ ਉਨ੍ਹਾਂ ਖਿਲਾਫ ਠੋਸ ਸਬੂਤ ਪੇਸ਼ ਕਰਨ 'ਚ ਨਾਕਾਮ ਰਿਹਾ।

ਪ੍ਰੋਫੈਸਰ ਸਾਈਬਾਬਾ ਪਤਨੀ ਵਸੰਤ ਕੁਮਾਰੀ ਨਾਲ।

ਬੈਂਚ ਨੇ ਕਿਹਾ ਕਿ ਇਸਤਗਾਸਾ ਪੱਖ ਮੁਲਜ਼ਮਾਂ ਤੋਂ ਇਤਰਾਜ਼ਯੋਗ ਸਮਗਰੀ ਬਰਾਮਦ ਕਰਨ ਦਾ ਸਬੂਤ ਪੇਸ਼ ਕਰਨ ਵਿਚ ਨਾਕਾਮ ਰਿਹਾ। ਟਰਾਇਲ ਕੋਰਟ ਦਾ ਫੈਸਲਾ ਕਾਨੂੰਨ 'ਤੇ ਖਰਾ ਨਹੀਂ ਉਤਰਦਾ, ਇਸ ਕਰਕੇ ਉਹ ਮੁਲਜ਼ਮਾਂ ਦੀਆਂ ਅਪੀਲਾਂ ਨੂੰ ਮਨਜ਼ੂਰ ਕਰਦਿਆਂ ਟਰਾਇਲ ਕੋਰਟ ਦਾ ਫੈਸਲਾ ਰੱਦ ਕਰਦੀ ਹੈ। ਬੈਂਚ ਨੇ ਇਨ੍ਹਾਂ ਖਿਲਾਫ ਗੈਰਕਾਨੂੰਨੀ ਸਰਗਰਮੀਆਂ ਰੋਕੂ ਐਕਟ (ਯੂ ਏ ਪੀ ਏ) ਤਹਿਤ ਕੇਸ ਚਲਾਉਣ ਲਈ ਹਾਸਲ ਕੀਤੀ ਮਨਜ਼ੂਰੀ ਨੂੰ ਵੀ ਕਾਨੂੰਨੀ ਤੇ ਮੁਨਾਸਬ ਨਾ ਮੰਨਦਿਆਂ ਰੱਦ ਕਰ ਦਿੱਤਾ। ਉਸ ਨੇ ਕਿਹਾ ਕਿ ਇਨ੍ਹਾਂ ਖਿਲਾਫ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਨਾਜਾਇਜ਼ ਸੀ। ਕਾਨੂੰਨ ਦੀਆਂ ਲਾਜ਼ਮੀ ਮੱਦਾਂ ਦੀ ਉਲੰਘਣਾ ਕਰਕੇ ਚਲਾਇਆ ਗਿਆ ਮੁਕੱਦਮਾ ਇਨਸਾਫ ਦੀ ਨਾਕਾਮੀ ਦੇ ਤੁਲ ਸੀ।

● ਬਾਕੀ ਸਫ਼ਾ 2 'ਤੇ

ਦੇਹਰਾਦੂਨ-ਅੰਮ੍ਰਿਤਸਰ ਵਿਚਾਲੇ ਹਵਾਈ ਸੇਵਾ ਅੱਜ ਤੋਂ

ਦੇਹਰਾਦੂਨ : ਕੇਂਦਰ ਸਰਕਾਰ ਨੇ ਦੇਹਰਾਦੂਨ ਤੋਂ ਦੇਸ਼ ਦੇ ਤਿੰਨ ਵੱਡੇ ਸ਼ਹਿਰਾਂ ਅਯੋਧਿਆ, ਵਾਰਾਨਸੀ ਅਤੇ ਅੰਮ੍ਰਿਤਸਰ ਲਈ ਉਡਾਣ ਸੰਚਾਲਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਮੰਗਲਵਾਰ ਕਿਹਾ ਕਿ ਤਿੰਨੋਂ ਸੇਵਾਵਾਂ 6 ਮਾਰਚ ਤੋਂ ਸ਼ੁਰੂ ਕੀਤੀਆਂ ਜਾਣਗੀਆਂ। ਉਦਘਾਟਨ ਵਾਲੇ ਦਿਨ ਇੱਕ ਜਹਾਜ਼ ਦੇਹਰਾਦੂਨ ਤੋਂ ਅਯੋਧਿਆ ਲਈ ਸਵੇਰੇ 9.40 ਵਜੇ ਉਡਾਣ ਭਰੇਗਾ ਅਤੇ ਸਵੇਰੇ 11.30 ਵਜੇ ਅਯੋਧਿਆ ਪਹੁੰਚੇਗਾ। ਉਸੇ ਦਿਨ ਇੱਕ ਜਹਾਜ਼ ਅਯੋਧਿਆ ਤੋਂ ਬਾਅਦ ਦੁਪਹਿਰ 12.15 ਵਜੇ ਉਡਾਣ ਭਰੇਗਾ ਅਤੇ ਬਾਅਦ ਦੁਪਹਿਰ 1.55 ਵਜੇ ਦੇਹਰਾਦੂਨ ਪਹੁੰਚੇਗਾ। ਇਕ ਹੋਰ ਫਲਾਈਟ ਅੰਮ੍ਰਿਤਸਰ ਤੋਂ ਬਾਅਦ ਦੁਪਹਿਰ 1.10 ਵਜੇ ਦੇਹਰਾਦੂਨ ਪਹੁੰਚੇਗੀ। ਇਸੇ ਤਰ੍ਹਾਂ ਦੇਹਰਾਦੂਨ ਤੋਂ ਫਲਾਈਟ ਬਾਅਦ ਦੁਪਹਿਰ 1.35 ਵਜੇ ਅੰਮ੍ਰਿਤਸਰ ਲਈ ਉਡਾਣ ਭਰੇਗੀ ਅਤੇ ਬਾਅਦ ਦੁਪਹਿਰ 2.45 ਵਜੇ ਅੰਮ੍ਰਿਤਸਰ ਪਹੁੰਚੇਗੀ। ਪੰਤ ਨਗਰ ਦੇ ਰਸਤੇ ਵਾਰਾਨਸੀ ਲਈ ਹਵਾਈ ਸੇਵਾ ਵੀ 6 ਮਾਰਚ ਤੋਂ ਸ਼ੁਰੂ ਹੋ ਰਹੀ ਹੈ। ਜਹਾਜ਼ ਦੇਹਰਾਦੂਨ ਤੋਂ ਪੰਤ ਨਗਰ ਲਈ ਸਵੇਰੇ 9.50 ਵਜੇ ਉਡਾਣ ਭਰੇਗਾ ਅਤੇ ਸਵੇਰੇ 10.35 ਵਜੇ ਪੰਤ ਨਗਰ ਪਹੁੰਚੇਗਾ।

ਪਿੰਦੀ ਜਹਾਜ਼ ਖੇਤ 'ਚ ਉਤਰਿਆ

ਗਯਾ : ਬਿਹਾਰ ਦੇ ਗਯਾ ਜ਼ਿਲ੍ਹੇ ਦੇ ਬਗਦਾਹਾ ਪਿੰਡ ਵਿਚ ਸਿਖਲਾਈ ਲਈ ਵਰਤਿਆ ਜਾਣ ਵਾਲਾ ਛੋਟਾ ਫੌਜੀ ਜਹਾਜ਼ ਮੰਗਲਵਾਰ ਸਵੇਰੇ ਉਡਾਣ ਭਰਨ ਤੋਂ ਤੁਰੰਤ ਬਾਅਦ ਖਰਾਬੀ ਕਾਰਨ ਖੇਤ ਵਿਚ ਉਤਰ ਗਿਆ। ਦੋਵੇਂ ਟਰੇਨੀ ਪਾਇਲਟ ਜ਼ਖਮੀ ਹੋ ਗਏ।

ਸਰਕਾਰ ਸਟੇਟ ਬੈਂਕ ਨੂੰ ਢਾਲ ਬਣਾ ਰਹੀ : ਖੜਗੇ

ਨਵੀਂ ਦਿੱਲੀ : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਮੰਗਲਵਾਰ ਦੋਸ਼ ਲਾਇਆ ਕਿ ਸਰਕਾਰ ਆਪਣੇ ਸ਼ੱਕੀ ਲੈਣ-ਦੇਣ ਨੂੰ ਲੁਕਾਉਣ ਅਤੇ ਚੋਣ ਬਾਂਡ ਨਾਲ ਸੰਬੰਧਤ ਸੁਪਰੀਮ ਕੋਰਟ ਦੇ ਫੈਸਲੇ ਨੂੰ ਦਰਕਿਨਾਰ ਕਰਨ ਲਈ ਸਟੇਟ ਬੈਂਕ ਆਫ ਇੰਡੀਆ ਨੂੰ ਢਾਲ ਵਜੋਂ ਵਰਤ ਰਹੀ ਹੈ। ਬੈਂਕ ਨੇ ਸੋਮਵਾਰ ਸੁਪਰੀਮ ਕੋਰਟ ਨੂੰ ਸਿਆਸੀ ਪਾਰਟੀਆਂ ਵੱਲੋਂ ਜਮ੍ਹਾਂ ਕੀਤੇ ਹਰ ਚੋਣ ਬਾਂਡ ਦੇ ਵੇਰਵਿਆਂ ਦਾ ਖੁਲਾਸਾ ਕਰਨ ਲਈ ਸਮਾਂ 30 ਜੂਨ ਤੱਕ ਵਧਾਉਣ ਦੀ ਬੇਨਤੀ ਕੀਤੀ ਸੀ। ਪਿਛਲੇ ਮਹੀਨੇ ਆਪਣੇ ਫੈਸਲੇ 'ਚ ਸੁਪਰੀਮ ਕੋਰਟ ਨੇ ਉਸ ਨੂੰ 6 ਮਾਰਚ ਤੱਕ ਚੋਣ ਕਮਿਸ਼ਨ ਨੂੰ ਵੇਰਵੇ ਜਮ੍ਹਾਂ ਕਰਨ ਦਾ ਨਿਰਦੇਸ਼ ਦਿੱਤਾ ਸੀ।

ਇਜ਼ਰਾਈਲ 'ਤੇ ਮਿਜ਼ਾਈਲ ਹਮਲੇ 'ਚ ਕੇਰਲਾ ਦੇ ਵਿਅਕਤੀ ਦੀ ਮੌਤ

ਯੇਰੂਸ਼ਲਮ : ਇਜ਼ਰਾਈਲ ਦੀ ਉੱਤਰੀ ਸਰਹੱਦ 'ਤੇ ਸਥਿਤ ਮਾਰਗਲੀਓਟ ਦੇ ਨੇੜੇ ਬਾਗ 'ਚ ਸੋਮਵਾਰ ਨੂੰ ਲਿਬਨਾਨ ਤੋਂ ਦਾਗੀ ਟੈਂਕ ਵਿਰੋਧੀ ਮਿਜ਼ਾਈਲ ਦੀ ਲਪੇਟ 'ਚ ਆਉਣ ਕਾਰਨ ਭਾਰਤੀ ਨਾਗਰਿਕ ਦੀ ਮੌਤ ਹੋ ਗਈ ਅਤੇ ਦੋ ਜ਼ਖਮੀ ਹੋ ਗਏ। ਇਹ ਤਿੰਨੋਂ ਕੇਰਲਾ ਦੇ ਰਹਿਣ ਵਾਲੇ ਸਨ। ਮਿਜ਼ਾਈਲ ਸੋਮਵਾਰ ਸਵੇਰੇ ਕਰੀਬ 11 ਵਜੇ ਉੱਤਰੀ ਇਜ਼ਰਾਈਲ ਦੇ ਗੈਲੀਲੀ ਖੇਤਰ 'ਚ ਮਾਰਗਲੀਓਟ ਦੇ ਬਾਗ 'ਚ ਡਿੱਗੀ। ਇਸ ਹਮਲੇ 'ਚ ਕੇਰਲਾ ਦੇ ਕੋਲੱਮ ਵਾਸੀ ਪੈਟਨੀਬਿਨ ਮੈਕਸਵੈੱਲ ਦੀ ਮੌਤ ਹੋ ਗਈ। ਬੁਸ਼ ਜੋਸਫ ਜਾਰਜ ਅਤੇ ਪਾਲ ਮੇਲਵਿਨ ਜ਼ਖਮੀ ਹੋਏ ਹਨ।

ਸਿੰਗਾਪੁਰ ਨੇ ਵਿਦੇਸ਼ੀ ਕਾਮਿਆਂ ਦੀ ਉਜਰਤ ਵਧਾਈ

ਸਿੰਗਾਪੁਰ : ਸਿੰਗਾਪੁਰ ਨੇ ਵਿਦੇਸ਼ੀ ਕਾਮਿਆਂ ਨੂੰ ਜਾਰੀ ਕੀਤੇ ਰੁਜ਼ਗਾਰ ਪਾਸ (ਈ ਪੀ) ਲਈ ਘੱਟੋ-ਘੱਟ ਯੋਗਤਾ ਮਾਸਕ ਤਨਖਾਹ 5000 ਤੋਂ ਵਧਾ ਕੇ 5600 ਸਿੰਗਾਪੁਰ ਡਾਲਰ ਕਰ ਦਿੱਤੀ ਹੈ। ਵਧੀ ਹੋਈ ਤਨਖਾਹ 1 ਜਨਵਰੀ 2025 ਤੋਂ ਲਾਗੂ ਹੋਵੇਗੀ। ਵਿੱਤੀ ਸੇਵਾਵਾਂ 'ਚ ਕੰਮ ਕਰਨ ਵਾਲਿਆਂ ਲਈ ਘੱਟੋ-ਘੱਟ ਉਜਰਤ 5500 ਤੋਂ 6200 ਸਿੰਗਾਪੁਰ ਡਾਲਰ ਤੱਕ ਵਧਾ ਦਿੱਤੀ ਗਈ ਹੈ। ਅਜਿਹਾ ਇਸ ਸੈਕਟਰ 'ਚ ਵੱਧ ਤਨਖਾਹਾਂ ਦੇ ਰੁਝਾਨ ਨੂੰ ਦੇਖਦੇ ਹੋਏ ਕੀਤਾ ਗਿਆ ਹੈ। ਨਵਾਂ ਤਨਖਾਹ ਸਕੇਲ ਈ ਪੀ ਧਾਰਕਾਂ 'ਤੇ ਉਦੋਂ ਲਾਗੂ ਹੋਵੇਗਾ, ਜਦੋਂ ਉਹ ਇੱਕ ਸਾਲ ਬਾਅਦ ਪਾਸ ਨੂੰ ਰੀਨਿਊ ਕਰਨਗੇ।

ਪਾਕਿਸਤਾਨੀ ਮੁੱਕੇਬਾਜ਼ ਇਟਲੀ 'ਚ ਸਾਥਣ ਦੇ ਪੈਸੇ ਚੁੱਕ ਕੇ ਗਾਇਬ

ਕਰਾਚੀ : ਪਾਕਿਸਤਾਨੀ ਮੁੱਕੇਬਾਜ਼ ਇਟਲੀ 'ਚ ਆਪਣੇ ਸਾਥੀ ਖਿਡਾਰੀ ਦੇ ਬੈਗ ਵਿੱਚੋਂ ਪੈਸੇ ਚੋਰੀ ਕਰਕੇ ਲਾਪਤਾ ਹੋ ਗਿਆ। ਪਾਕਿਸਤਾਨ ਐਮੇਚਿਓਰ ਬਾਕਸਿੰਗ ਫੈਡਰੇਸ਼ਨ ਨੇ ਕਿਹਾ ਕਿ ਜੋਹੇਬ ਰਸ਼ੀਦ ਉਲੰਪਿਕ ਕੁਆਲੀਫਾਇੰਗ ਟੂਰਨਾਮੈਂਟ 'ਚ ਹਿੱਸਾ ਲੈਣ ਲਈ ਇਟਲੀ ਗਿਆ ਸੀ। ਉਸ ਦੀ ਇਹ ਕਾਰਵਾਈ ਫੈਡਰੇਸ਼ਨ ਅਤੇ ਦੇਸ਼ ਲਈ ਬਹੁਤ ਸ਼ਰਮਨਾਕ ਹੈ। ਜੋਹੇਬ ਨੇ ਪਿਛਲੇ ਸਾਲ ਏਸ਼ੀਆਈ ਮੁੱਕੇਬਾਜ਼ੀ ਚੈਂਪੀਅਨਸ਼ਿਪ 'ਚ ਕਾਂਸੀ ਦਾ ਤਮਗਾ ਜਿੱਤਿਆ ਸੀ। ਮਹਿਲਾ ਮੁੱਕੇਬਾਜ਼ ਲੋਰਾ ਇਕਰਾਮ ਅਭਿਆਸ ਲਈ ਗਈ ਸੀ ਅਤੇ ਜੋਹੇਬ ਨੇ ਫਰੰਟ ਡੈਸਕ ਤੋਂ ਉਸ ਦੇ ਕਮਰੇ ਦੀ ਚਾਬੀ ਕੱਢੀ ਤੇ ਉਸ ਦੇ ਪਰਸ ਵਿੱਚੋਂ ਵਿਦੇਸ਼ੀ ਕਰੰਸੀ ਕੱਢ ਲਈ। ਇਸ ਤੋਂ ਬਾਅਦ ਉਹ ਹੋਟਲ ਤੋਂ ਗਾਇਬ ਹੋ ਗਿਆ।

ਰਲੇਵੇਂ ਤੋਂ ਬਾਅਦ ਸੁਖਬੀਰ ਨੇ ਢੀਂਡਸਾ ਨੂੰ ਬਾਦਲ ਦਲ ਦਾ ਸਰਪ੍ਰਸਤ ਐਲਾਨਿਆ

ਚੰਡੀਗੜ੍ਹ : ਸੁਖਦੇਵ ਸਿੰਘ ਢੀਂਡਸਾ ਦੀ ਅਗਵਾਈ ਵਾਲਾ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਮੰਗਲਵਾਰ ਸ਼੍ਰੋਮਣੀ ਅਕਾਲੀ ਦਲ (ਬਾਦਲ) ਨਾਲ ਰਲ ਗਿਆ। ਢੀਂਡਸਾ ਸਾਥੀ ਆਗੂਆਂ ਨਾਲ ਚੰਡੀਗੜ੍ਹ ਸਥਿਤ ਸ਼੍ਰ

6-MAR-PAGE-1.qxd 3/5/2024 10:22 PM Page 2

ਸ਼ਿਵ ਸ਼ਨੀ ਮੰਦਰ ਦੀ ਪ੍ਰਬੰਧਕ ਕਮੇਟੀ ਨੇ ਸਜਾਈ ਵਿਸ਼ਾਲ ਸ਼ੋਭਾ ਯਾਤਰਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ ਮੁੱਦਕੀ ਰੋਡ ਵੱਲੋਂ 8 ਮਾਰਚ ਨੂੰ ਸ਼ਹਿਰ ਨਿਵਾਸੀਆਂ, ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਮਹਾਂਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮ-ਧਾਮ ਨਾਲ ਪ੍ਰਧਾਨ ਰਾਜ ਕੁਮਾਰ ਗਰਗ, ਯੁਗੇਸ਼ ਬਾਂਸਲ ਯੋਗੀ, ਦੀਪਕ ਬਾਂਸਲ ਰੇਲੂ ਤੇ ਵਿਮਲ ਗਰਗ ਵਿੱਕੀ ਦੀ ਅਗਵਾਈ ਵਿੱਚ ਮਨਾਇਆ ਜਾਵੇਗਾ, ਜਿਸ ਨੂੰ ਲੈ ਕੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ, ਜਿਸ ਦੀ ਰਵਾਨਗੀ ਪ੍ਰਸਿੱਧ ਸਮਾਜ ਸੇਵੀ ਤੇ ਜੈ ਸ੍ਰੀ ਬਾਲਾ ਜੀ ਸੀਮਿੰਟ ਇੰਡਸਟਰੀ ਦੇ ਪਵਨ ਗੁਪਤਾ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤੀ ਅਤੇ ਇਸ ਤੋਂ ਪਹਿਲਾਂ ਪੂਜਨ ਕੀਤਾ ਗਿਆ।ਇਹ ਸ਼ੋਭਾ ਯਾਤਰਾ ਮੁੱਦਕੀ ਰੋਡ, ਕੋਟਕਪੂਰਾ ਰੋਡ, ਨਿਹਾਲ ਸਿੰਘ ਵਾਲਾ ਰੋਡ, ਚਨੂੰਵਾਲਾ ਰੋਡ, ਮੋਗਾ ਰੋਡ, ਗਿਆਨੀ ਮਾਰਕੀਟ ਤੋਂ ਹੁੰਦੀ ਹੋਈ ਸ਼ਿਵ ਸ਼ਨੀ ਮੰਦਰ ਵਿਖੇ ਜਾ ਕੇ ਸਮਾਪਤ ਹੋਈ।ਸ਼ੋਭਾ ਯਾਤਰਾ ਵਿੱਚ ਭੋਲੇ ਨਾਥ ਦੀਆਂ ਸੁੰਦਰ ਝਾਕੀਆਂ ਸਜਾਈਆਂ ਗਈਆਂ।ਸ਼ਹਿਰ ਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਤੇ ਖੂਬ ਆਤਿਸ਼ਬਾਜ਼ੀਆਂ ਚਲਾ ਕੇ ਸ਼ੋਭਾ ਯਾਤਰਾ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ ਅਤੇ ਦੁਕਾਨਦਾਰਾਂ ਵੱਲੋਂ ਅਲੱਗ-ਅਲੱਗ ਤਰ੍ਹਾਂ ਦੇ ਲੰਗਰ ਲਾਏ ਗਏ ਅਤੇ ਲੰਗਰ ਲਾਉਣ ਵਾਲੇ ਦੁਕਾਨਦਾਰਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਜ ਕੁਮਾਰ ਗਰਗ, ਯੁਗੇਸ਼ ਬਾਂਸਲ ਯੋਗੀ ਨੇ ਦੱਸਿਆ ਕਿ ਸ਼ਰਧਾਲੂਆਂ ਵੱਲੋਂ ਸ਼ਿਵਰਾਤਰੀ ਵਾਲੇ ਦਿਨ ਸ਼ਿਵਲਿੰਗ ਤੇ ਪਵਿੱਤਰ ਜਲ ਚੜ੍ਹਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਮੰਦਰ ਦੀ ਰੰਗ ਬਿਰੰਗੀਆਂ ਲਾਈਟਾਂ ਤੇ ਫੂਲਾਂ ਦੇ ਨਾਲ ਖੂਬ ਸਜਾਇਆ ਜਾਵੇਗੀ।ਉਨ੍ਹਾਂ ਕਿਹਾ ਕਿ ਸਾਰੇ ਮੈਂਬਰਾਂ ਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ।

ਦੋਧੀ ਯੂਨੀਅਨ ਨੇ ਸੁਖਮਨੀ ਸਾਹਿਬ ਦੇ ਪਾਠ ਕਰਾਏ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਦੋਧੀ ਯੂਨੀਅਨ ਵੱਲੋਂ 44ਵੇਂ ਧਾਰਮਿਕ ਸਮਾਗਮ ਮੌਕੇ ਫਾਇਰ ਬ੍ਰਿਗੇਡ ਦਫ਼ਤਰ ਵਿਖੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਇਲਾਹੀ ਬਾਣੀ ਦਾ ਕੀਰਤਨ ਹੋਇਆ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਦੋਧੀ ਯੂਨੀਅਨ ਦੇ ਪ੍ਰਧਾਨ ਲਛਮਣ ਸਿੰਘ ਕਾਕਾ ਭੂੰਦੜ ਅਤੇ ਬੀ ਡੀ ਸੀ ਰਾਮਪੁਰਾ ਫੂਲ ਦੇ ਪ੍ਰਧਾਨ ਧਰਮ ਸਿੰਘ ਭੁੱਲਰ ਨੇ ਦੱਸਿਆ ਕਿ ਧਾਰਮਿਕ ਸਮਾਗਮ ਦੌਰਾਨ ਬੀ.ਡੀ.ਸੀ ਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਸਵ: ਰਾਗੀ ਜਸਵੰਤ ਸਿੰਘ ਭੁੱਲਰ ਢਿਪਾਲੀ ਦੀ ਨਿੱਘੀ ਯਾਦ ਨੂੰ ਸਮਰਪਤ ਰਾਮਬਾਗ ਸ਼ਾਂਤੀ ਹਾਲ ਵਿਖੇ 44ਵਾਂ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਕੈਂਪ ਦੌਰਾਨ 101 ਯੂਨਿਟ ਖੂਨਦਾਨ ਕੀਤਾ ਗਿਆ ਅਤੇ ਕੈਂਪ ਵਿੱਚ ਪਹੁੰਚੀ ਡਾ. ਸੋਨਲ ਦੀ ਅਗਵਾਈ ਵਿੱਚ ਡੀ ਐਮ ਸੀ ਲੁਧਿਆਣਾ ਬਲੱਡ ਬੈਂਕ ਦੀ ਟੀਮ ਵੱਲੋਂ ਬਲੱਡ ਇਕੱਤਰ ਕੀਤਾ ਗਿਆ।ਕੈਂਪ ਦੌਰਾਨ ਖੂਨਦਾਨ ਕਰਨ ਵਾਲੇ ਖੂਨਦਾਨੀਆਂ ਨੂੰ ਰਾਗੀ ਜਸਵੰਤ ਸਿੰਘ ਭੁੱਲਰ ਦੇ ਪਰਵਾਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਤੇ ਬਲੱਡ ਬੈਂਕ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

ਨੌਜਵਾਨਾਂ 'ਚ ਨੈਤਿਕ ਕਦਰਾਂ-ਕੀਮਤਾਂ ਵਿਸ਼ੇ 'ਤੇ ਵਿਸ਼ੇਸ਼ ਲੈਕਚਰ

ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਦੇ ਵਿਭਾਗ ਤੇ ਪੰਜਾਬੀ ਵਿਭਾਗ ਦੇ ਸਾਂਝੇ ਉਦਮ ਸਦਕਾ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਯੂਨੀਵਰਸਿਟੀ ਦੇ ਗ੍ਰੈਜੂਏਟ ਵਿਦਿਆਰਥੀਆਂ ਲਈ ਵਿਸ਼ੇਸ਼ ਭਾਸ਼ਣ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ੍ਰੀ ਸਹਿਜ ਪਾਠ ਸੇਵਾ ਸੰਸਥਾ ਵੱਲੋਂ ਭਾਈ ਰਾਜਪਾਲ ਸਿੰਘ ਨੇ ਮੁੱਖ ਵਕਤਾ ਦੀ ਭੂਮਿਕਾ ਨਿਭਾਈ।ਉਨ੍ਹਾਂ ਦੇ ਭਾਸ਼ਣ ਦਾ ਵਿਸ਼ਾ ਨੌਜਵਾਨਾਂ ਵਿੱਚ ਨੈਤਿਕ ਕਦਰਾਂ ਕੀਮਤਾਂ ਸੀ, ਜਿਸ ਤਹਿਤ ਉਨ੍ਹਾਂ ਵਿਦਿਆਰਥੀਆਂ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਵਿੱਚੋਂ ਸੇਧ ਲੈਂਦਿਆਂ ਸਮਾਜਿਕ ਅਤੇ ਵਿਹਾਰਕ ਪੱਖੋਂ ਚੰਗੇ ਨਾਗਰਿਕ ਬਣਨ ਦੀ ਪ੍ਰੇਰਣਾ ਦਿੱਤੀ।ਉਨ੍ਹਾਂ ਨੇ ਤੱਥਾਂ ਸਹਿਤ ਦੱਸਿਆ ਕਿ ਨੈਤਿਕ ਜੀਵਨ ਜਿਊਣ ਵਾਲੇ ਵਿਦਿਆਰਥੀਆਂ ਦਾ ਅਕਾਦਮਿਕ ਮਿਆਰ ਤੇ ਨਤੀਜਾ ਵੀ ਚੰਗਾ ਹੁੰਦਾ ਹੈ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਹਰਦੇਵ ਸਿੰਘ ਨੇ ਵਿਦਵਾਨ ਵਕਤਾ ਅਤੇ ਹੋਰ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਇਹ ਸੰਸਥਾ ਵਿਦਿਆਰਥੀਆਂ ਨੂੰ ਗੁਰਬਾਣੀ ਦੇ ਸਹਿਜ ਪਾਠ ਨਾਲ ਜੋੜਨ ਦਾ ਉੱਦਮ ਕਰ ਰਹੀ ਹੈ। ਉਨ੍ਹਾਂ ਸ੍ਰੀ ਸਹਿਜ ਪਾਠ ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਭੇਟਾ ਰਹਿਤ ਗੁਰਬਾਣੀ ਦੀਆਂ ਪੋਥੀਆਂ ਤੇ ਪੁਸਤਕਾਂ ਵੰਡਣ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਪਿਛਲੇ ਸਾਲ ਤੋਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਗੁਰਬਾਣੀ ਤੇ ਗੁਰਮਤਿ ਨਾਲ ਜੁੜੇ ਹਨ।ਸਮਾਗਮ ਦੇ ਅਖੀਰ ਵਿੱਚ ਡਾ ਹਰਦੇਵ ਸਿੰਘ, ਡਾ. ਹਰਪ੍ਰੀਤ ਕੌਰ, ਪੰਜਾਬੀ ਵਿਭਾਗ, ਡਾ. ਚਰਨ ਕਮਲ ਸੇਖੋਂ, ਜੋਲੋਜੀ ਵਿਭਾਗ ਵੱਲੋਂ ਵਿਦਵਾਨ ਵਕਤਾ ਦਾ ਯੂਨੀਵਰਸਿਟੀ ਪ੍ਰਕਾਸ਼ਨਾਵਾਂ ਦਾ ਸੈੱਟ ਭੇਟ ਕਰਕੇ ਸਨਮਾਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ 'ਚ ਵਿਦਿਆਰਥੀ ਨੇ ਸ਼ਮੂਲੀਅਤ ਕੀਤੀ ਤੇ ਵਿਚਾਰ+-ਵਟਾਂਦਰੇ ਵਿੱਚ ਹਿੱਸਾ ਲਿਆ।

ਰੇਲਵੇ ਸ਼ਟੇਸ਼ਨਾਂ 'ਤੇ ਚਲਾਇਆ ਸਰਚ ਅਭਿਆਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਭਗਵੰਤ ਸਿੰਘ ਮਾਨ, ਗੌਰਵ ਯਾਦਵ ਡੀ.ਜੀ.ਪੀ ਪੰਜਾਬ ਅਤੇ ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ ਫ਼ਰੀਦਕੋਟ ਰੇਂਜ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਵੱਲੋਂ ਜਿੱਥੇ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ, ਉੱਥੇ ਹੀ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਰਾਤ ਦਿਨ ਪੀ ਸੀ ਆਰ ਮੋਟਰਸਾਇਕਲ ਪੁਲਸ ਪਾਰਟੀਆਂ ਵੱਲੋਂ ਗਸ਼ਤ ਕੀਤੀ ਜਾ ਰਹੀ ਹੈ, ਉੱਥੇ ਹੀ ਡਰੋਨ ਕੈਮਰਿਆਂ ਰਾਹੀਂ ਸ਼ਹਿਰ ਅੰਦਰ ਨਿਗ੍ਹਾ ਰੱਖੀ ਜਾ ਰਹੀ ਹੈ। ਇਸੇ ਤਹਿਤ ਭਾਗੀਰਥ ਸਿੰਘ ਮੀਨਾ ਆਈ ਐਸ.ਐਸ.ਪੀ ਦੀ ਅਗਵਾਈ ਹੇਠ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿਧਦੜਬਾਹਾ, ਲੰਬੀ ਦੇ ਏਰੀਏ ਵਿਚਚ ਪੈਂਦੇ ਸਮੂਹ ਰੇਲਵੇ ਸਟੇਸ਼ਨ ਵਿਖੇ ਕੋਡਨ ਐਂਡ ਸਰਚ ਆਪਰੇਸਨ (ਸੀ ਏ ਸ ਓ) ਅਪ੍ਰੇਸ਼ਨ ਸਰਚ ਅਭਿਆਨ ਚਲਾਇਆ ਗਿਆ। ਇਸ ਮੌਕੇ ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ (ਐੱਚ), ਸਤਨਾਮ ਸਿੰਘ ਡੀ.ਐਸ.ਪੀ, ਫ਼ਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਸ੍ਰੀ ਪਵਨਜੀਤ ਡੀ.ਐਸ.ਪੀ (ਮਲੋਟ) ਤੇ ਸਮੂਹ ਮੁੱਖ ਅਫ਼ਸਰਾਨ ਥਾਣਾ ਤੋਂ ਇਲਾਵਾ ਜ਼ਿਲ੍ਹੇ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਵੱਲੋਂ ਸਾਂਝੇ ਤੌਰ 'ਤੇ ਸੀ ਏ ਸ ਓ ਅਪ੍ਰੇਸ਼ਨ ਦੇ ਤਹਿਤ ਰੇਲਵੇ ਸਟੇਸ਼ਨ 'ਤੇ ਸਰਚ ਅਪ੍ਰੇਸ਼ਨ ਚਲਾਇਆ ਗਿਆ। ਇਸ ਮੌਕੇ ਪਾਇਸ ਐਪ ਦੀ ਵਰਤੋਂ ਨਾਲ ਸ਼ੱਕੀ ਪੁਰਸ਼ਾਂ ਨੂੰ ਚੈੱਕ ਕੀਤਾ ਗਿਆ। ਰੇਲਵੇ ਸਟੇਸ਼ਨ ਤੇ ਪਾਰਕਿੰਗ ਵਿੱਚ ਵਹੀਕਲਾਂ ਦੀ ਵਾਹਨ ਐਪ ਰਾਹੀਂ ਜਾਂਚ ਕੀਤੀ ਗਈ।

ਗਨਪਤੀ ਸੇਵਾ ਮੰਡਲ ਵੱਲੋਂ ਲੰਗਰ

ਬਾਘਾ ਪੁਰਾਣਾ (ਮਨੀ ਸਿੰਗਲਾ)-ਗਨਪਤੀ ਸੇਵਾ ਮੰਡਲ ਵੱਲੋਂ ਪ੍ਰਾਚੀਨ ਸ਼ਿਵ ਸ਼ਨੀ ਮੰਦਰ ਵਿਖੇ ਪ੍ਰਧਾਨ ਰਕੇਸ਼ ਬਾਂਸਲ ਰੌਂਪੀ ਦੀ ਅਗਵਾਈ ਵਿੱਚ ਛੋਲੇ-ਪੂਰੀ, ਕੜਾਹ ਪ੍ਰਸ਼ਾਦ ਦਾ ਵਿਸ਼ਾਲ ਲੰਗਰ ਲਗਾਇਆ ਗਿਆ।ਇਸ ਮੌਕੇ ਮਦਨ ਗੋਪਾਲ, ਸੁਖਜੀਵਨ ਬਾਂਸਲ, ਗੋਰੇ ਲਾਲ, ਅੰਕੁਸ਼ ਅਗਰਵਾਲ, ਵਿਵੇਕ ਗੋਇਲ, ਦੀਪਕ ਬਾਂਸਲ, ਵਿਮਲ ਗਰਗ ਵਿੱਕੀ, ਰਾਮ ਕੁਮਾਰ ਤੇ ਹੋਰ ਹਾਜ਼ਰ ਸਨ।

ਮੰਡਲ ਪ੍ਰਧਾਨ ਸੁਸ਼ੀਲ ਜਲੋਤਰਾ ਵੱਲੋਂ ਕਾਰਜਕਾਰਨੀ ਦਾ ਗਠਨ

ਮਲੋਟ ਲੰਬੀ (ਓਮ ਪ੍ਰਕਾਸ਼ ਸੋਨੂ)-ਭਾਜਪਾ ਦੇ ਮੰਡਲ ਦੇ ਪ੍ਰਧਾਨ ਸੁਸ਼ੀਲ ਕੁਮਾਰ ਜਲੋਤਰਾ ਵੱਲੋਂ ਆਪਣੀ ਕਾਰਜਕਾਰਨੀ ਕਮੇਟੀ ਦਾ ਗਠਨ ਕੀਤਾ ਗਿਆ। ਵਾਈਸ ਪ੍ਰਧਾਨ ਅਸ਼ੋਕ ਜੱਗਾ, ਸੁਭਾਸ਼ ਗੁੰਬਰ, ਸੁਰਿੰਦਰ ਤਰਮਾਲਾ, ਰਵਿੰਦਰ ਗਰੋਵਰ, ਅਮਨ ਮਿੱਡਾ, ਰਜਨੀਸ਼ ਜੱਗਾ। ਜਰਨਲ ਸਕੱਤਰ ਅਸ਼ਵਨੀ ਡਾਵਰ (ਹੈਪੀ ਡਾਵਰ), ਗੁਲਸ਼ਨ ਸ਼ਰਮਾ ਤੇ ਸਕੱਤਰ ਰੂਪ ਲਾਲ ਸ਼ਰਮਾ, ਅਸ਼ੋਕ ਆਰੋਦੀਆ, ਨਰੇਸ਼ ਗਾਬਾ, ਸਤੀਸ਼ ਦੂਬੇ, ਬਲਵੰਤ ਮੋਰੀਆ, ਜਤਿੰਦਰ ਸਿੰਘ ਤੇ ਸਤੀਸ਼ ਅਰੋੜਾ ਬਣਾਏ ਗਏ। ਇਸ ਮੌਕੇ ਮੰਡਲ ਪ੍ਰਧਾਨ ਸੁਸ਼ੀਲ ਕੁਮਾਰ ਜਲੋਤਰਾ ਤੇ ਪੂਰੀ ਟੀਮ ਵੱਲੋਂ ਪ੍ਰਣ ਕੀਤਾ ਗਿਆ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ। ਇਸ ਮੌਕੇ ਐੱਸ ਸੀ ਮੋਰਚਾ ਦੇ ਪ੍ਰਧਾਨ ਗਿਸ਼ੀਕੇਸ਼ ਭੋਲੀ, ਯੁਵਾ ਮੋਰਚਾ ਦੇ ਪ੍ਰਧਾਨ ਗੌਰਵ ਸ਼ਰਮਾ, ਓਬੀਸੀ ਮੋਰਚਾ ਦੇ ਪ੍ਰਧਾਨ ਲੱਖਵਿੰਦਰ ਸਿੰਘ (ਲੱਕੀ ਸੋਨੀ), ਦਫਤਰ ਦੇ ਸਕੱਤਰ ਰਾਜ ਕੁਮਾਰ ਗੁਪਤਾ ਹਾਜ਼ਰ ਸਨ।

ਦੋਆਬੇ ਦੀ ਧਰਤੀ ਤੋਂ ਪੈਦਲ ਚੱਲੇ ਸੰਗ ਦਾ ਡੇਰਾ ਬਾਬਾ ਨਾਨਕ ਪੁੱਜਣ 'ਤੇ ਭਰਵਾਂ ਸਵਾਗਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਸਿੱਖ ਧਰਮ ਦੇ ਬਾਨੀ ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਮੌਕੇ ਹਰ ਸਾਲ ਦੀ ਤਰ੍ਹਾਂ 1 ਮਾਰਚ ਨੂੰ ਦੁਆਬੇ ਦੀ ਧਰਤੀ ਖਡਿਆਲਾ ਸੈਣੀਆ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਜਥੇਦਾਰ ਰਣਧੀਰ ਸਿੰਘ ਦੀ ਅਗਵਾਈ ਹੇਠ ਪੈਦਲ ਚੱਲੀਆਂ ਲੱਖਾਂ ਸੰਗਤਾਂ ਸੰਗ ਦੇ ਰੂਪ ਵਿੱਚ ਦੇਰ ਰਾਤ ਕਰੀਬ 12 ਵਜੇ ਜਦ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਪੁੱਜੀਆਂ ਤਾਂ ਜੈਕਾਰਿਆਂ ਦੀਆਂ ਗੂੰਜਾਂ ਨਾਲ ਜਿਥੇ ਅਸਮਾਨ ਗੂੰਜ ਉੱਠਿਆ ਉੱਥੇ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਪੂਰੀ ਤਰ੍ਹਾਂ ਖਾਲਸਾਈ ਰੰਗ ਵਿੱਚ ਰੰਗਿਆ ਗਿਆ।ਇਨ੍ਹਾਂ ਸੰਗਤਾਂ ਦਾ ਕਸਬਾ ਡੇਰਾ ਬਾਬਾ ਨਾਨਕ ਪੁੱਜਣ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ, ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾ, ਗੁਰਦੁਆਰਾ ਸ੍ਰੀ ਚੋਲਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲੇ, ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ ਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਗ ਦੇ ਮੁੱਖ ਜਥੇਦਾਰ ਰਣਧੀਰ ਸਿੰਘ ਨੂੰ ਵੱਖ ਵੱਖ ਥਾਵਾਂ 'ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਸੰਗਤਾਂ ਉਪਰ ਫੁੱਲਾਂ ਦੀ ਵਰਖਾ ਕੀਤੀ ਗਈ।ਇਸ ਸੰਗ ਦਾ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਪੁੱਜਣ 'ਤੇ ਮੇਲਾ ਸ੍ਰੀ ਚੋਲਾ ਸਾਹਿਬ ਦੇ ਮੁੱਖ ਪ੍ਰਬੰਧਕ ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਉਥੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਅਤੇ ਮੈਨੇਜਰ ਬਲਜੀਤ ਸਿੰਘ ਤਲਵੰਡੀ ਰਾਮਾਂ ਤੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਵੀ ਇਨ੍ਹਾਂ ਸੰਗਤਾਂ ਦਾ ਭਰਵਾਂ ਸਵਾਗਤ ਕੀਤਾ ਗਿਆ।ਇਨ੍ਹਾਂ ਸੰਗਤਾਂ ਵੱਲੋਂ ਜਿੱਥੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ,ਗੁਰਦੁਆਰਾ ਸ੍ਰੀ ਚੋਲਾ ਸਾਹਿਬ ਦੇ ਦਰਸ਼ਨ ਕੀਤੇ ਗਏ ਉਥੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ, ਗੁਰਦੁਆਰਾ ਬਾਬਾ ਸ੍ਰੀਚੰਦ ਜੀ ਪੱਖੋਕੇ ਟਾਹਲੀ ਸਾਹਿਬ, ਮੰਦਰ ਬਾਬਾ ਸ੍ਰੀਚੰਦ ਜੀ ਚੰਦੂ ਨੰਗਲ ਤੇ ਗੁਰਦੁਆਰਾ ਸੱਚਖੰਡ ਗੁਰੂ ਨਾਨਕ ਅਸਥਾਨ ਵਿਖੇ ਵੀ ਨਤਮਸਤਕ ਹੋਈਆਂ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਬੇਬੇ ਨਾਨਕੀ ਦੇ ਹੱਥ ਦੇ ਕੱਢੇ ਗੁਮਾਲ ਤੇ ਚੌਰ ਸਾਹਿਬ ਦੇ ਦਰਸ਼ਨ ਦੀਦਾਰੇ ਕੀਤੇ।ਇਸ ਮੌਕੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਗ ਦੇ ਦਰਸ਼ਨ ਕਰਕੇ ਜਿੱਥੇ ਉਨ੍ਹਾਂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਨਾਲ ਲਾ ਕੇ ਆਪਣੇ ਆਪ ਨੂੰ ਵਡਭਾਗੇ ਸਮਝ ਰਹੀਆਂ ਸਨ ਉਥੇ ਦੇਸ਼ਾਂ-ਵਿਦੇਸ

6-MAR-PAGE-3.qxd 3/5/2024 10:42 PM Page 1

9ਵੇਂ ਅੰਮ੍ਰਿਤਸਰ ਸਾਹਿਤ ਉਤਸਵ-2024 ਦਾ ਆਗਾਜ਼

ਸਾਹਿਤ ਲੇਖਕ ਦੀ ਆਤਮ-ਕਥਾ ਹੀ ਹੁੰਦੀ ਹੈ : ਸੁਰਜੀਤ ਪਾਤਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਵੱਖ-ਵੱਖ ਯੂਨੀਵਰਸਿਟੀਆਂ ਵਿੱਚ ਪੜ੍ਹ ਰਹੇ ਖੋਜਾਰਥੀਆਂ ਅਤੇ ਵਿਦਿਆਰਥੀਆਂ ਦੁਆਰਾ ਸੰਚਾਲਿਤ ਸੰਸਥਾ ਨਾਦ ਪ੍ਰਗਾਸੁ ਸ੍ਰੀ ਅੰਮ੍ਰਿਤਸਰ ਦੁਆਰਾ ਖ਼ਾਲਸਾ ਕਾਲਜ ਫਾਰ ਵਿਮਨ ਵਿਖੇ ਪ੍ਰਸਿੱਧ ਸਮਾਜ ਵਿਗਿਆਨੀ ਪ੍ਰੋ. ਜੇ. ਪੀ. ਐੱਸ. ਓਬਰਾਏ ਨੂੰ ਸਮਰਪਿਤ ਨੌਵੇਂ ਅੰਮ੍ਰਿਤਸਰ ਸਾਹਿਤ ਉਤਸਵ ਦਾ ਆਗਾਜ਼ ਬਹੁਤ ਹੀ ਪ੍ਰਭਾਵਸ਼ਾਲੀ ਹੋ ਨਿੱਬੜਿਆ। ਪਹਿਲੇ ਦਿਨ ਵੱਖ-ਵੱਖ ਯੂਨੀਵਰਸਿਟੀਆਂ ਨਾਲ ਜੁੜੇ ਵਿਦਵਾਨਾਂ ਦੀ ਹਾਜ਼ਰੀ ਅਤੇ ਵਿਚਾਰਾਂ ਨੇ ਯੂਨੀਵਰਸਿਟੀ ਦੀ ਖੋਜ ਨਾਲ ਸੰਬੰਧਤ ਗੰਭੀਰ ਪ੍ਰਸ਼ਨਾਂ ਵੱਲ ਧਿਆਨ ਦੁਆਇਆ। ਸਮਾਗਮ ਦਾ ਆਰੰਭ ਪ੍ਰਿੰ. ਡਾ. ਸੁਰਿੰਦਰ ਕੌਰ ਦੇ ਸੁਆਗਤੀ ਸ਼ਬਦਾਂ ਨਾਲ ਹੋਇਆ। ਪ੍ਰੋ. ਅਕਸ਼ੈ ਕੁਮਾਰ ਨੇ ਕਿਹਾ ਕਿ ਸਮਕਾਲ ਵਿੱਚ ਸਿਧਾਂਤ ਨਾਲੋਂ ਸਾਹਿਤ ਅਤੇ ਬਿਰਤਾਂਤ ਨੂੰ ਸਥਾਪਿਤ ਕਰਨ ਦਾ ਰੁਝਾਨ ਬਣ ਰਿਹਾ ਹੈ। ਪ੍ਰੋ. ਰਾਜੇਸ਼ ਸ਼ਰਮਾ ਨੇ ਕਿਹਾ ਕਿ ਸਾਡੀ ਅਕਾਦਮੀ ਨੂੰ ਪੱਛਮ ਨਾਲ ਸੰਵਾਦ ਪੱਛਮ ਦੇ ਹੀ ਮੁਹਾਵਰੇ ਵਿੱਚ ਕਰਨ ਦੀ ਬਜਾਏ ਆਪਣੇ ਮੁਹਾਵਰੇ ਵਿੱਚ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਡਾ. ਮਨਿੰਦਰਾ ਨਾਥ ਠਾਕੁਰ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਨਵੀਂ ਦਿੱਲੀ ਨੇ ਕਿਹਾ ਕਿ ਸਾਡੀਆਂ ਯੂਨੀਵਰਸਿਟੀਆਂ ਨੂੰ ਦੂਜੀਆਂ ਗਿਆਨ ਪ੍ਰੰਪਰਾਵਾਂ ਨਾਲ ਸੰਵਾਦ ਰਚਾਉਣਾ ਅਤਿ ਜ਼ਰੂਰੀ ਹੋ ਗਿਆ ਹੈ। ਅੱਜ ਦੇ ਤੀਜੇ ਸਮਾਗਮ ਵਿੱਚ ਪਦਮਸ਼੍ਰੀ ਸੁਰਜੀਤ ਪਾਤਰ ਤੋਂ ਇਲਾਵਾ ਪੰਜਾਬ ਦੇ ਪ੍ਰਸਿੱਧ ਲੇਖਕਾਂ ਨੇ ਆਪਣੀ ਸਿਰਜਣਾ ਪ੍ਰਕ੍ਰਿਆ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਜਿਸ ਵਿੱਚ ਪ੍ਰਸਿੱਧ ਕਵੀ ਸੁਰਜੀਤ ਪਾਤਰ ਨੇ ਕਿਹਾ ਕਿ ਮੇਰੀ ਕਵਿਤਾ ਮੇਰੇ ਸਵੈ ਦੀ ਆਪਣੇ ਨਾਲ ਹੀ ਸੰਘਰਸ਼ ਦੀ ਆਤਮ ਕਥਾ ਹੈ ਜਦਕਿ ਕਵੀ ਭੁਪਿੰਦਰਪ੍ਰੀਤ ਨੇ ਪੰਜਾਬੀ ਕਵੀਆਂ ਨੂੰ ਕਵਿਤਾ ਨੂੰ ਬਿਆਨਬਾਜ਼ੀ ਤੋਂ ਮੁਕਤ ਹੁੰਦੇ ਹੋਏ ਸ਼ਬਦ ਦੀ ਧੁਨੀ 'ਤੇ ਕੇਂਦਰਿਤ ਹੋਣ ਦਾ ਸੁਝਾਅ ਦਿੱਤਾ। ਇਸ ਮੌਕੇ ਪੰਜਾਬੀ ਚਿੰਤਕ ਮਨਮੋਹਨ ਅਤੇ ਤਸਕੀਨ ਨੇ ਸਾਹਿਤ ਦੀ ਸਿਰਜਣਾ ਵਿੱਚ ਸਮਾਜਿਕ-ਰਾਜਨੀਤਿਕ ਕਾਰਨਾਂ ਦੀ ਭੂਮਿਕਾ ਨੂੰ ਮਹੱਤਵਪੂਰਨ ਦੱਸਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਹਰਕਮਲਪ੍ਰੀਤ ਸਿੰਘ, ਅਮਨਿੰਦਰ ਸਿੰਘ ਅਤੇ ਡਾ. ਪ੍ਰਵੀਨ ਕੁਮਾਰ ਦੁਆਰਾ ਨਿਭਾਈ ਗਈ। ਸਾਹਿਤ ਉਤਸਵ ਵਿੱਚ ਪੰਜਾਬ ਤੋਂ ਇਲਾਵਾ ਦਿੱਲੀ, ਰਾਜਸਥਾਨ, ਜੰਮੂ ਅਤੇ ਹਿਮਾਚਲ ਪ੍ਰਦੇਸ਼ ਤੋਂ ਵੀ ਵਿਦਿਅਰਥੀਆਂ ਨੇ ਵੀ ਭਾਗ ਲਿਆ।

ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਪੁਲਸ ਪੈਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੇਵਾ ਮੁਕਤ ਇੰ. ਮਲਹਾਰ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੇਵਾ ਮੁਕਤ ਮੁਲਾਜ਼ਮਾਂ ਅਤੇ ਅਫ਼ਸਰਾਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ। ਇਸ ਮੌਕੇ ਪੰਜਾਬ ਵੈੱਲਫ਼ਅਰ ਐਸੋਸੀਏਸ਼ਨ ਦੀ ਚੋਣਾਂ ਸਬੰਧੀ ਰਣਨੀਤੀ ਤਿਆਰ ਕੀਤੀ ਗਈ। ਇਸ ਮੌਕੇ ਸੇਵਾ ਮੁਕਤ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ 'ਤੇ ਖੁੱਲ੍ਹ ਕੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਮੁਸ਼ਕਲਾਂ ਦਾ ਪੁਲਸ ਅਫ਼ਸਰਾਂ ਨਾਲ ਬੈਠ ਕੇ ਹੱਲ ਕਰਵਾਉਣ ਦਾ ਫ਼ੈਸਲਾ ਲਿਆ ਗਿਆ। ਉਨ੍ਹਾਂ ਡੀਏ ਦੀ 4 ਫ਼ੀਸਦੀ ਕਿਸ਼ਤ ਮਿਲਣ 'ਤੇ ਪੰਜਬ ਸਰਕਾਰ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ 1-1-16 ਤੋਂ 20-6-21 ਤੱਕ ਦਾ ਰਹਿੰਦਾ ਬਕਾਇਆ ਵੀ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਰਕਰ ਨੇ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੇਵਾਮੁਕਤ ਪੁਲਸ ਮੁਲਾਜ਼ਮ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਡੀਐੱਸਪੀ ਮਲਕੀਤ ਸਿੰਘ, ਇਸ. ਤਰਸੇਮ ਲਾਲ, ਡੀਐੱਸਪੀ ਦਲਜੀਤ ਸਿੰਘ, ਦਰਸ਼ਨ ਲਾਲ ਸ਼ਰਮਾ, ਇਸ. ਰਮੇਸ਼ ਲਾਲ, ਇਸ. ਜਗਦੀਸ਼ ਰਾਜ, ਡੀਐੱਸਪੀ ਰਤਨ ਸਿੰਘ, ਜਰਨੈਲ ਸਿੰਘ, ਲਖਵੀਰ ਸਿੰਘ, ਪੂਰਨ ਚੰਦ, ਸੰਸਾਰ ਚੰਦ, ਜੋਗਿੰਦਰ ਸਿੰਘ, ਹੰਸ ਰਾਜ, ਕਰਮ ਸਿੰਘ, ਦਰਸ਼ਨ ਕੁਮਾਰ, ਜਗਦੀਸ਼ ਰਾਜ, ਵਿਜੇ ਕੁਮਾਰ, ਜਗਤ ਸਿੰਘ, ਦਲਬੀਰ ਚੰਦ ਤੋਂ ਇਲਾਵਾ ਹੋਰ ਸੇਵਾ ਮੁਕਤ ਪੁਲਸ ਮੁਲਾਜ਼ਮ ਹਾਜ਼ਰ ਸਨ।

ਪੀਰ ਬਾਬਾ ਲੱਖ ਦਾਤਾ ਦੀ ਦਰਗਾਹ ਤਰਫਾਨ 'ਤੇ ਦੋ ਰੋਜ਼ਾ ਮੇਲਾ ਧੂਮਧਾਮ ਨਾਲ ਭਰਿਆ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੀਰ ਬਾਬਾ ਲੱਖ ਦਾਤਾ ਬਾਬਾ ਪਿੰਡੀ ਵਾਲੇ ਦਾ ਸਾਲਾਨਾ 2 ਰੋਜ਼ਾ ਜੋੜ ਮੇਲਾ ਪਿੰਡ ਤਰਫ਼ਾਨ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਮੇਲੇ ਦੇ ਦੂਸਰੇ ਦਿਨ ਕਲੱਬ ਤਰਫ਼ਾਨ ਵੱਲੋਂ ਕਰਵਾਏ ਜਾਂਦੇ ਕਬੱਡੀ ਦੇ ਟੂਰਨਾਮੈਂਟ ਵਿੱਚ ਇਸ ਵਾਰ ਪਹਿਲਾ ਵੱਡਾ ਇਨਾਮ ਮਾਝਾ ਕਬੱਡੀ ਕਲੱਬ ਨੇ ਡਡਿਆਲਾ ਕਲੱਬ ਨੂੰ ਹਰਾ ਕੇ ਜਿੱਤ ਲਿਆ। ਇਸ ਮੈਚ ਵਿੱਚ ਬਤੌਰ ਮੁੱਖ ਮਹਿਮਾਨ ਪਹੁੰਚੇ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਜੇਤੂਆਂ ਨੂੰ ਇਨਾਮ ਵੰਡੇ। ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਸਾਨੂੰ ਪਿੰਡ ਪੱਧਰ 'ਤੇ ਕਲੱਬਾਂ ਤੇ ਕਮੇਟੀਆਂ ਦਾ ਨਿਰਮਾਣ ਕਰੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਉਤਸ਼ਾਹਿਤ ਕਰ ਸਕੀਏ। ਸੱਚਰ ਨੇ ਕਿਹਾ ਕਿ ਅੱਜ ਨਸ਼ਾ ਹਰ ਪਿੰਡ ਸ਼ਹਿਰ ਗਲੀ-ਗਲੀ ਵਿੱਚ ਮੁੰਗਫਲੀ ਵਾਂਗ ਵਿਕ ਰਿਹਾ ਹੈ ਅਤੇ ਕਾਨੂੰਨ ਵਿਵਸਥਾ ਦਾ ਵੀ ਬਹੁਤ ਮਾੜਾ ਹਾਲ ਹੈ। ਲੁੱਟਾਂ-ਖੋਹਾਂ, ਫਿਰੌਤੀਆਂ, ਚੋਰੀਆਂ ਨੂੰ ਰੋਕਣ ਵਿੱਚ ਪੁਲਸ ਪ੍ਰਸ਼ਾਸਨ ਬੁਰੀ ਤਰਾਂ ਫੇਲ ਹੋਇਆ ਹੈ। ਇਸ ਮੌਕੇ ਸਤਨਾਮ ਸਿੰਘ ਤਰਫਾਨ, ਤਜਿੰਦਰ ਸਿੰਘ ਆੜ੍ਹਤੀਆ,

ਝਿਲਮਿਲ ਸਿੰਘ ਸਾਧਪੁਰ, ਨਿਸ਼ਾਨ ਸਿੰਘ ਨਾਮਧਾਰੀ, ਕਰਨ ਚੋਗਾਵਾਂ, ਸੁਰਜੀਤ ਸਿੰਘ ਭੀਲੋਵਾਲ, ਸਰਪੰਚ ਜਗੀਰ ਸਿੰਘ, ਬਲਜੀਤ ਸਿੰਘ ਸਾਧਪੁਰ, ਗੁੱਰਮੁੱਖ ਸਿੰਘ, ਨੰਬਰਦਾਰ ਗੁਰਸ਼ਰਨਜੀਤ ਸਿੰਘ, ਅਮਰੀਕ ਸਿੰਘ ਚੋਗਾਵਾਂ, ਸਤਨਾਮ ਸਿੰਘ, ਗੁਰਵਿੰਦਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

ਸਮਾਰਟ ਸਕੂਲ ਠਾਕੁਰਪੁਰ ਵਿਖੇ ਨਵੇਂ ਕਮਰੇ ਦੀ ਉਸਾਰੀ ਦਾ ਰੱਖਿਆ ਨੀਂਹ ਪੱਥਰ

ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਸਮਾਰਟ ਸਕੂਲਾਂ ਨੂੰ ਸਮਾਰਟ ਦਿੱਖ ਦੇਣ ਦੇ ਉਪਰਾਲੇ ਨਾਲ ਲਗਾਤਾਰ ਸਕੂਲ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਇਸੇ ਤਹਿਤ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਠਾਕੁਰਪੁਰ ਬਲਾਕ ਨਰੋਟ ਜੈਮਲ ਸਿੰਘ ਨੂੰ ਨਵੇਂ ਕਮਰੇ ਲਈ ਗ੍ਰਾਂਟ ਜਾਰੀ ਹੋਣ ਉਪਰੰਤ ਸਕੂਲ ਮੁਖੀ ਰਾਕੇਸ਼ ਸੈਣੀ ਸਟੇਟ ਅਵਾਰਡੀ ਦੀ ਅਗਵਾਈ ਹੇਠ ਕਮਰੇ ਦੀ ਉਸਾਰੀ ਸ਼ੁਰੂ ਕਰਵਾਈ ਗਈ ਜਿਸ ਦਾ ਨੀਂਹ ਪੱਥਰ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਪੰਕਜ ਅਰੋੜਾ ਵੱਲੋਂ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਸਕੂਲ ਮੁਖੀ ਇਨ੍ਹਾਂ ਗ੍ਰਾਂਟਾਂ ਨੂੰ ਵਿਭਾਗੀ ਨਿਯਮਾਂ ਅਨੁਸਾਰ ਖ਼ਰਚ ਕਰਨ।ਸਕੂਲ ਮੁਖੀ ਸਟੇਟ ਅਵਾਰਡੀ ਰਾਕੇਸ਼ ਸੈਣੀ ਨੇ ਕਿਹਾ ਕਿ ਸਮੂਹ ਸਟਾਫ਼ ਅਤੇ ਪਿੰਡ ਵਾਸੀਆਂ ਦੇ ਸਾਂਝੇ ਉਦਮ ਨਾਲ ਭਵਿੱਖ ਲਈ ਸਕੂਲ ਵਿੱਚ ਹੋਰ ਵਧੀਆ ਉਪਰਾਲੇ ਕੀਤੇ ਜਾ ਰਹੇ ਤਾਂ ਜੋ ਸਿੱਖਿਆ ਨੂੰ ਹੋਰ ਵੀ ਵਧੀਆ ਤਰੀਕੇ ਨਾਲ ਵਿਦਿਆਰਥੀਆਂ ਤੱਕ ਪੁਜਦਾ ਕੀਤਾ ਜਾ ਸਕੇ।ਉਨ੍ਹਾਂ ਨੇ ਇਸ ਸਾਰੀ ਪ੍ਰਕਿਰਿਆ ਲਈ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸਿੱਖਿਆ ਹਰਭਗਵੰਤ ਸਿੰਘ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡੀਜੀ ਸਿੰਘ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਪੰਕਜ ਅਰੋੜਾ ਦਾ ਧੰਨਵਾਦ ਕੀਤਾ। ਇਸ ਮੌਕੇ ਸੀਐੱਚਟੀ ਅੰਜੂ ਬਾਲਾ, ਚੇਅਰਮੈਨ ਜੋਤੀ ਬਾਲਾ, ਸਰਪੰਚ ਸਤੀਸ਼ ਕੁਮਾਰ, ਪੂਜਾ ਕਾਟਲ, ਮੈਂਬਰ ਸੰਦੀਪ ਸਿੰਘ, ਗੋਲਡੀ ਠਾਕੁਰ, ਕੈਪਟਨ ਅਵਤਾਰ ਸਿੰਘ, ਮਾਸਟਰ ਰਾਮ ਲਾਲ, ਪਿੰਡ ਦੀ ਪੰਚਾਇਤ ਸਕੂਲ ਮੈਨੇਜਮੈਂਟ ਕਮੇਟੀ ਅਤੇ ਹੋਰ ਵੀ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

'ਕਿਸਾਨਾਂ ਨੂੰ ਕਣਕ/ਝੋਨੇ ਦੀ ਫਸਲੀ ਚੱਕਰ 'ਚੋਂ ਕੱਢਣ ਲਈ ਕਿਸੇ ਤਜਰਬੇਕਾਰ ਅਧਿਕਾਰੀ ਦੀ ਲੋੜ'

ਪੱਟੀ,(ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਭਾਰਤ ਅਤੇ ਪੰਜਾਬ ਦੀਆਂ ਸਰਕਾਰਾਂ ਵੱਲੋਂ ਕਿਸਾਨਾਂ ਨੂੰ ਕਣਕ ਅਤੇ ਝੋਨੇ ਦੀ ਫਸਲ ਤੋਂ ਬਾਹਰ ਕੱਢ ਕੇ ਫਸਲ ਵਿਭਿੰਨਤਾ ਦਾ ਹੋਕਾ ਲੰਬੇ ਸਮੇਂ ਤੋਂ ਦਿੱਤਾ ਜਾ ਰਿਹਾ ਹੈ ਜਿਸ ਤਹਿਤ ਪੰਜਾਬ ਦੇ ਬਹੁ ਤਿਹਾਈ ਕਿਸਾਨਾਂ ਨੇ ਆਪਣਾ ਰੁਖ ਬਾਗਾਂ ਦੀ ਕਾਸ਼ਤ ਵੱਲ ਮੋੜਿਆ ਹੈ ਪਰ ਅਫ਼ਸੋਸ ਪੰਜਾਬ ਸਰਕਾਰ ਨੇ ਬਾਗਬਾਨੀ ਵਿੱਚ ਤਜਰਬਾ ਰੱਖਣ ਵਾਲੇ ਕਿਸੇ ਅਧਿਕਾਰੀ ਨੂੰ ਬਾਗਬਾਨੀ ਵਿਭਾਗ ਦਾ ਮੁਖੀ ਲਾਉਣ ਦੀ ਬਜਾਏ ਜੰਗਲ ਦਾ ਤਜਰਬਾ ਰੱਖਣ ਵਾਲੇ ਇੱਕ ਅਧਿਕਾਰੀ ਨੂੰ ਲਗਾਇਆ ਗਿਆ ਹੈ ਜਿਸ ਕਾਰਨ ਬਾਗਾਂ ਦੀ ਕਾਸ਼ਤ ਕਰਨ ਵਾਲੇ ਕਿਸਾਨ ਜਿੱਥੇ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਕਿਸਾਨ ਮੁੜ ਕਣਕ ਝੋਨੇ ਦੀ ਖੇਤੀ ਵੱਲ ਹੀ ਧਿਆਨ ਆਕਰਸ਼ਤ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਸਵਰਨ ਸਿੰਘ, ਸੁਖਵਿੰਦਰ ਸਿੰਘ, ਬਲਕਾਰ ਸਿੰਘ ਆਦਿ ਨੇ ਦੱਸਿਆ ਕਿ ਮਾਝੇ ਖੇਤਰ ਦਾ ਜ਼ਮੀਨ ਹੇਠਲਾ ਪਾਣੀ ਖਾਰਾ ਹੋਣ ਕਾਰਨ ਕਿਸਾਨਾਂ ਨੇ ਨਹਿਰੀ ਪਾਣੀ ਵੱਲ ਆਪਣਾ ਝੁਕਾਅ ਕੀਤਾ ਸੀ ਪਰ ਅਫਸੋਸ ਨਹਿਰਾਂ ਦੀ ਵੀ ਪਿਛਲੇ ਲੰਬੇ ਸਮੇਂ ਤੋਂ ਖਲਾਈ ਨਾ ਹੋਣ ਕਾਰਨ ਖੇਤਾਂ ਨੂੰ ਪਾਣੀ ਦੀ ਸਪਲਾਈ ਨਾ ਮਿਲਣ ਕਾਰਨ ਕਿਸਾਨਾਂ ਨੇ ਡੂੰਘੇ ਬੋਰ ਕਰਵਾ ਕੇ ਪਾਣੀ ਤਾਂ ਧਰਤੀ ਹੇਠੋਂ ਮਿੱਠਾ ਕੱਢ ਕੇ ਆਪਣੀਆਂ ਫਸਲਾਂ ਨੂੰ ਸਿੰਜਣਾ ਸ਼ੁਰੂ ਕਰ ਦਿੱਤਾ। ਬਾਗਬਾਨੀ ਵਿਭਾਗ ਦੇ ਮੁਖੀ ਨੂੰ ਬਾਗਾਂ ਸਬੰਧੀ ਤਜਰਬੇ ਦੀ ਘਾਟ ਹੋਣ ਕਾਰਨ ਸਮੇਂ ਸਿਰ ਬਾਗਾਂ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਜਾਣਕਾਰੀ ਮੁਹੱਈਆ ਨਾ ਹੋਣ ਕਾਰਨ ਕਿਸਾਨਾਂ ਨੇ ਆਪਣਾ ਰੁਖ ਫਿਰ ਤੋਂ ਕਣਕ/ਝੋਨੇ ਵੱਲ ਕਰ ਲਿਆ।

ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ 14 ਨੂੰ ਵੱਡਾ ਜਥਾ ਦਿੱਲੀ ਵੱਲ ਨੂੰ ਕਰੇਗਾ ਕੂਚ: ਟਾਂਡਾ

ਮੀਆਂਵਿੰਡ (ਰਵੀ ਖਹਿਰਾ)-ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਪਵਿੱਤਰ ਅਸਥਾਨ ਗੁਰੂਦਵਾਰਾ ਖੱਡੀ ਸਾਹਿਬ ਸਰਾਂ ਖਡੂਰ ਸਾਹਿਬ ਵਿਖੇ ਹੋਈ।ਇਸ ਮੀਟਿੰਗ ਵਿੱਚ ਜਥੇਬੰਦੀ ਦੀ ਸੂਬਾ ਕਮੇਟੀ ਅਤੇ ਕੋਰ ਕਮੇਟੀ ਦੇ ਆਗੂਆਂ ਨੇ ਭਾਗ ਲਿਆ।ਮੀਟਿੰਗ ਦੀ ਪ੍ਰਧਾਨਗੀ ਸੂਬਾ ਸਰਪਰਸਤ ਬਾਬਾ ਮੋਹਿੰਦਰ ਸਿੰਘ ਵੇਈਂਪੂਈਂ ਨੇ ਕੀਤੀ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਟਾਂਡਾ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵਲੋਂ 14 ਮਾਰਚ ਨੂੰ ਦਿੱਲੀ ਵਿੱਚ ਹੋਣ ਵਾਲੀ ਮਹਾਂ ਪੰਚਾਇਤ ਵਿਚ ਦੇਸ਼ ਭਰ ਦੇ ਕਿਸਾਨ, ਮਜ਼ਦੂਰ ਅਤੇ ਹੋਰ ਸਾਰੇ ਵਰਗਾਂ ਦੇ ਲੋਕ ਲੱਖਾਂ ਦੀ ਗਿਣਤੀ ਵਿੱਚ ਇਕੱਠੇ ਹੋ ਰਹੇ ਹਨ ।ਸ਼੍ਰੀ ਟਾਂਡਾ ਨੇ ਆਪਣੇ ਸਾਰੇ ਹੀ ਆਗੂਆਂ ਨੂੰ ਦਿੱਲੀ ਵੱਲ ਵੱਡੀ ਤਿਆਰੀ ਕਰਨ ਲਈ ਕਿਹਾ।ਇਸ ਮੌਕੇ ਸਾਰੇ ਆਗੂਆਂ ਨੇ ਇਕਜੁਟਤਾ ਵਿਖਾਉਂਦੇ ਹੋਏ ਦਿੱਲੀ ਜਾਣ ਲਈ ਸਹਿਮਤੀ ਪ੍ਰਗਟਾਈ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਪ੍ਰੋ. ਕੰਵਰ ਸਰਤਾਜ ਸਿੰਘ, ਜਨਰਲ ਸਕੱਤਰ ਦਲਬੀਰ ਸਿੰਘ ਵੇਦਾਦਪੁਰ, ਕੈਪਟਨ ਭਗਵੰਤ ਸਿੰਘ, ਰਤਨ ਸਿੰਘ ਢੰਡ, ਡਾ. ਗੁਰਦੇਵ ਸਿੰਘ, ਸੁਖਦੇਵ ਸਿੰਘ ਤੁੜ, ਅਮਰਜੀਤ ਸਿੰਘ ਸ਼ੇਰਗਿੱਲ, ਗੁਰਮੇਜ ਸਿੰਘ, ਮਨਜਿੰਦਰ ਸਿੰਘ ਸਾਹਿਬ, ਗੁਰਪ੍ਰੀਤ ਸਿੰਘ, ਮਨਜਿੰਦਰ ਸਿੰਘ ਨਾਗੋਕੇ, ਜਸਬੀਰ ਸਿੰਘ ਕੋਟਲੀ, ਦਿਲਬਾਗ ਸਿੰਘ ਬਾਣੀਆਂ, ਪਰਮਜੀਤ ਸਿੰਘ, ਜਗੀਰ ਸਿੰਘ, ਗੁਰਮੀਤ ਸਿੰਘ, ਸਰਪੰਚ ਸੁਖਵਿੰਦਰ ਸਿੰਘ, ਮਨਜੀਤ ਸਿੰਘ ਚੱਕ, ਬਚਿੱਤਰ ਸਿੰਘ ਧਿਆਨਪੁਰ, ਹਰਪਾਲ ਸਿੰਘ ਠੱਠਗੜ੍ਹ, ਰਵਿੰਦਰ ਸਿੰਘ ਮਾਨ, ਜੱਸਾ ਸਿੰਘ ਕਦਗਿੱਲ, ਭੁਪਿੰਦਰ ਸਿੰਘ ਸਰਲੀ, ਸੁਰਿੰਦਰ ਸਿੰਘ ਮੰਡਾਲਾ, ਰਣਜੀਤ ਸਿੰਘ ਕੋਟਲੀ ਅਤੇ ਹੋਰ ਆਗੂ ਹਾਜ਼ਰ ਸਨ ।

ਸਤਨਾਮ ਸਿੰਘ ਮੰਨਣ ਦਾ ਦਿਲ ਦਾ ਦੌਰਾ ਪੈਣ ਨਾਲ ਦਿਹਾਂਤ

ਝਬਾਲ (ਹਰਜਿੰਦਰ ਸਿੰਘ ਸੋਨੀ)-ਆਰ. ਪੀ. ਆਈ. ਡਾ. ਅੰਬੇਡਕਰ ਪਾਰਟੀ ਤੇ ਪਬਲਿਕ ਆਫ ਇੰਡੀਆ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਇੰਚਾ

ਨਵਾਂ ਜ਼ਮਾਨਾ
ਬੁੱਧਵਾਰ, 6 ਮਾਰਚ 2024

ਮੋਦੀ ਦਾ ਪਰਵਾਰ

ਪਟਨਾ ਵਿੱਚ 3 ਮਾਰਚ ਨੂੰ ਹੋਈ 'ਇੰਡੀਆ ਗੱਠਜੋੜ ਦੀ ਰੈਲੀ ਨੇ ਹਾਕਮ ਧਿਰ ਦੇ ਆਗੂਆਂ ਨੂੰ ਤਰੇਲੀਆਂ ਲਿਆ ਦਿੱਤੀਆਂ ਹਨ। ਸੱਤਾਧਾਰੀਆਂ ਨੂੰ ਲਗਦਾ ਸੀ ਕਿ ਸਿਆਸੀ ਮਦਾਰੀ ਨਿਤੀਸ਼ ਦੀ ਉਲਟਬਾਜ਼ੀ ਤੋਂ ਬਾਅਦ 40 ਸੀਟਾਂ ਵਾਲੇ ਬਿਹਾਰ ਵਿੱਚ ਉਹ ਹੂੰਝਾ ਫੇਰ ਦੇਣਗੇ, ਪਰ ਪਟਨਾ ਰੈਲੀ ਵਿੱਚ ਜੁੜੀ ਭੀੜ ਨੇ ਉਨ੍ਹਾਂ ਦੀਆਂ ਸਭ ਗਿਣਤੀਆਂ-ਮਿਣਤੀਆਂ ਉੱਤੇ ਪੂੰਝਾ ਫੇਰ ਦਿੱਤਾ ਹੈ। ਹਿੰਦੋਸਤਾਨ ਦੇ ਨਾਮਣੇ ਵਾਲੇ ਅੰਗਰੇਜ਼ੀ ਅਖਬਾਰ 'ਦੀ ਹਿੰਦੂ' ਨੇ ਵਰ੍ਹਦੇ ਮੀਂਹ ਵਿੱਚ ਹੋਈ ਰੈਲੀ ਵਿੱਚ ਸ਼ਾਮਲ ਲੋਕਾਂ ਦੀ ਗਿਣਤੀ 5 ਲੱਖ ਤੋਂ ਵੱਧ ਦੱਸੀ ਹੈ।

ਇਸ ਵਾਰ ਦੀਆਂ ਲੋਕ ਸਭਾ ਚੋਣਾਂ ਇੱਕ ਵੱਖਰੇ ਹੀ ਮਾਹੌਲ ਵਿੱਚ ਹੋ ਰਹੀਆਂ ਹਨ। ਆਮ ਨਾਗਰਿਕ ਇਸ ਬਾਰੇ ਨਹੀਂ ਸੋਚ ਰਹੇ ਕਿ ਕੌਣ ਜਿੱਤੇਗਾ, ਉਹ ਇਹ ਸੋਚ ਰਹੇ ਹਨ ਕਿ ਕਿਸ ਦੇ ਜਿੱਤਣ ਨਾਲ ਉਨ੍ਹਾਂ ਦੇ ਮਸਲਿਆਂ ਦਾ ਹੱਲ ਹੋਵੇਗਾ। ਬੇਰੁਜ਼ਗਾਰੀ, ਮਹਿੰਗਾਈ, ਸਮਾਜਿਕ ਅਨਿਆਂ, ਕਿਸਾਨਾਂ ਦੀ ਦੁਰਦਸ਼ਾ ਤੇ ਔਰਤਾਂ ਨਾਲ ਹੋ ਰਹੀਆਂ ਵਧੀਕੀਆਂ ਨੂੰ ਕੌਣ ਰੋਕ ਸਕੇਗਾ। ਲੋਕਤੰਤਰ ਵਿੱਚ ਸਰਕਾਰ ਦਾ ਮਤਲਬ ਜਨਤਾ ਹੁੰਦਾ ਹੈ। ਇਸ ਵਾਰ ਦੀਆਂ ਚੋਣਾਂ ਜਨਤਾ ਨੇ ਖੁਦ ਲੜਨ ਦਾ ਤਹੱਈਆ ਕਰ ਲਿਆ ਹੈ। ਇਸ ਦੀ ਪੁਸ਼ਟੀ ਦਾ ਸਿਹਰਾ ਵੀ ਪਟਨਾ ਰੈਲੀ ਨੂੰ ਜਾਂਦਾ ਹੈ। ਪਟਨਾ ਰੈਲੀ ਵਿੱਚ ਬਿਹਾਰ ਦੇ ਸਾਬਕਾ ਮੁੱਖ ਮੰਤਰੀ ਲਾਲੂ ਪ੍ਰਸਾਦ ਯਾਦਵ ਨੇ ਭਾਜਪਾ ਵੱਲੋਂ ਪਰਵਾਰਵਾਦ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦਾ ਜਵਾਬ ਦਿੰਦਿਆਂ ਕਿਹਾ ਸੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਆਪਣਾ ਪਰਵਾਰ ਨਹੀਂ ਤਾਂ ਅਸੀਂ ਕੀ ਕਰ ਸਕਦੇ ਹਾਂ? ਉਨ੍ਹਾ ਦਾ ਇਸ਼ਾਰਾ ਮੋਦੀ ਦੇ ਕੋਈ ਬੱਚਾ ਨਾ ਹੋਣ ਬਾਰੇ ਸੀ।

ਲਾਲੂ ਪ੍ਰਸਾਦ ਵੱਲੋਂ ਕਹੀ ਗਈ ਗੱਲ ਦੇ ਜਵਾਬ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤੇਲੰਗਾਨਾ ਵਿੱਚ ਹੋਈ ਰੈਲੀ ਵਿੱਚ ਬੋਲਦਿਆਂ ਕਿਹਾ ਕਿ ਸਾਰੇ ਦੇਸ਼ ਵਾਸੀ ਹੀ ਉਸ ਦਾ ਪਰਵਾਰ ਹਨ। ਇਸ ਤੋਂ ਬਾਅਦ ਤਾਂ ਭਾਜਪਾ ਦੇ ਸਾਰੇ ਮੰਤਰੀਆਂ, ਸੰਤਰੀਆਂ, ਵਿਧਾਇਕਾਂ ਤੇ ਚਮਚੂ ਨੇਤਾਵਾਂ ਨੇ ਇੱਕ ਮੁਹਿੰਮ ਚਲਾ ਕੇ ਸੋਸ਼ਲ ਮੀਡੀਆ 'ਤੇ ਆਪਣੇ ਨਾਵਾਂ ਅੱਗੇ 'ਮੋਦੀ ਦਾ ਪਰਵਾਰ' ਲਿਖਣਾ ਸ਼ੁਰੂ ਕਰ ਦਿੱਤਾ ਹੈ। ਯਾਦ ਰਹੇ ਕਿ 2019 ਦੀਆਂ ਲੋਕ ਸਭਾ ਚੋਣਾਂ ਮੌਕੇ ਜਦੋਂ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਪਣੇ ਆਪ ਨੂੰ ਦੇਸ਼ ਦਾ ਚੌਕੀਦਾਰ ਕਹੇ ਜਾਣ ਦੇ ਜਵਾਬ ਵਿੱਚ 'ਚੌਕੀਦਾਰ ਹੀ ਚੋਰ' ਕਿਹਾ ਸੀ ਤਾਂ ਸਾਰੇ ਭਾਜਪਾਈਆਂ ਨੇ ਆਪਣੇ ਨਾਵਾਂ ਅੱਗੇ 'ਮੈਂ ਵੀ ਚੌਕੀਦਾਰ' ਲਿਖਣ ਦੀ ਮੁਹਿੰਮ ਛੇੜ ਦਿੱਤੀ ਸੀ। ਭਾਜਪਾਈ ਭੁੱਲ ਗਏ ਹਨ ਕਿ 2019 ਤੋਂ 2024 ਦਰਮਿਆਨ ਪੁਲਾਂ ਹੇਠੋਂ ਬਹੁਤ ਸਾਰਾ ਪਾਣੀ ਲੰਘ ਚੁੱਕਾ ਹੈ। ਉਹ ਸਮਾਂ ਸੀ ਜਦੋਂ ਪੁਲਵਾਮਾ ਵਿੱਚ 40 ਜਵਾਨਾਂ ਦੀ ਬਲੀ ਦੇਣ ਤੋਂ ਬਾਅਦ ਕੀਤੀ ਗਈ ਏਅਰ ਸਟਰਾਈਕ ਨੇ ਲੋਕਾਂ ਨੂੰ ਮੂਰਛਤ ਕਰ ਦਿੱਤਾ ਸੀ, ਪਰ ਅੱਜ ਉਹ ਜਾਗ ਚੁੱਕੇ ਹਨ।

'ਮੋਦੀ ਦਾ ਪਰਵਾਰ' ਮੁਹਿੰਮ ਤੋਂ ਬਾਅਦ ਹਾਲੇ ਤੱਕ 'ਇੰਡੀਆ' ਗਠਜੋੜ ਦੀ ਕਿਸੇ ਧਿਰ ਨੇ ਵੀ ਇਸ ਦੇ ਜਵਾਬ ਵਿੱਚ ਕੁਝ ਨਹੀਂ ਕਿਹਾ, ਪਰ ਜਨਤਾ ਨੇ ਮੋਰਚਾ ਸੰਭਾਲ ਲਿਆ ਹੈ। ਸੋਸ਼ਲ ਮੀਡੀਆ 'ਤੇ ਦੋ ਮੁਹਿੰਮਾਂ ਤੇਜ਼ੀ ਨਾਲ ਚੱਲ ਰਹੀਆਂ ਹਨ, 'ਮੋਦੀ ਦਾ ਪਰਵਾਰ' ਤੇ 'ਮੋਦੀ ਦੇ ਰੰਵਾਰ'। ਲੋਕ ਮੋਦੀ ਦੇ ਪਰਵਾਰ ਵਿੱਚ ਭਾਰਤ ਦੇ ਭਗੌੜੇ ਨੀਰਵ ਮੋਦੀ, ਲਲਿਤ ਮੋਦੀ ਤੇ ਵਿਜੈ ਮਾਲਿਆ ਦੇ ਨਾਂਅ ਲਿਖ ਕੇ ਉਨ੍ਹਾਂ ਦੀਆਂ ਤਸਵੀਰਾਂ ਲਾ ਰਹੇ ਹਨ। ਕੁਝ ਲੋਕ ਮੋਦੀ ਦੀਆਂ ਅਡਾਨੀ ਤੇ ਅੰਬਾਨੀ ਨਾਲ ਫੋਟੋਆਂ ਸ਼ੇਅਰ ਕਰ ਰਹੇ ਹਨ। ਸਮਾਜਿਕ ਕਾਰਕੁਨ ਸੰਦੀਪ ਸਿੰਘ ਨੇ ਮਹਿਲਾ ਭਲਵਾਨਾਂ ਦੇ ਜਿਨਸੀ ਛੇੜਛਾੜ ਦੇ ਦੋਸ਼ੀ ਬ੍ਰਿਜਭੂਸ਼ਣ ਸ਼ਰਣ ਸਿੰਘ ਬਾਰੇ ਲਿਖਿਆ ਹੈ ਕਿ ਫਿਰ ਤਾਂ ਬ੍ਰਿਜਭੂਸ਼ਣ ਵੀ ਮੋਦੀ ਦੇ ਪਰਵਾਰ ਦਾ ਹਿੱਸਾ ਹੈ। ਉੱਤਰ ਪ੍ਰਦੇਸ਼ ਦੇ ਯਸ਼ ਭਾਰਤੀ ਨੇ ਲਿਖਿਆ ਹੈ, ਲਾਲੂ ਦੇ ਇੱਕ ਝਟਕੇ ਨਾਲ ਮੋਦੀ ਦੇ ਲੱਖਾਂ ਬੱਚੇ ਪੈਦਾ ਹੋ ਗਏ ਹਨ। ਸੋਸ਼ਲ ਮੀਡੀਆ 'ਤੇ ਸਰਗਰਮ ਰਹਿਣ ਵਾਲੀ ਭਾਵਿਕਾ ਕਪੂਰ ਦਾ ਟਵਿੱਟਰ ਅਕਾਊਂਟ ਬੰਦ ਕਰ ਦਿੱਤਾ ਸੀ। ਉਸ ਨੇ ਨਵਾਂ ਅਕਾਊਂਟ ਬਣਾ ਕੇ ਇੱਕ ਪੋਸਟਰ ਜਾਰੀ ਕੀਤਾ ਹੈ, ਇਸ ਵਿੱਚ ਵਿਜੈ ਮਾਲਿਆ, ਨੀਰਵ ਮੋਦੀ, ਮੇਹੁਲ ਚੌਕਸੀ, ਸੁਸ਼ੀਲ ਮੋਦੀ, ਅਨਿਲ ਅੰਬਾਨੀ, ਮੁਕੇਸ਼ ਅੰਬਾਨੀ ਤੇ ਅਡਾਨੀ ਦੀਆਂ ਫੋਟੋਆਂ ਨਰਿੰਦਰ ਮੋਦੀ ਦੀ ਫੋਟੋ ਦੇ ਦੁਆਲੇ ਲਾ ਕੇ ਲਿਖਿਆ ਹੈ 'ਮੋਦੀ ਦਾ ਪਰਵਾਰ, ਸਹਿਮਤ ਹਾਂ।' ਇਸ ਤਰ੍ਹਾਂ ਹਜ਼ਾਰਾਂ ਲੋਕਾਂ ਨੇ ਭਾਜਪਾ ਦੀ 'ਮੋਦੀ ਦਾ ਪਰਵਾਰ' ਮੁਹਿੰਮ ਦਾ ਟਵਿੱਟਰ ਉੱਤੇ ਜਵਾਬ ਦਿੱਤਾ ਹੈ। ਇਹ ਮੁਹਿੰਮ ਤੇਜ਼ੀ ਨਾਲ ਅੱਗੇ ਵਧ ਰਹੀ ਹੈ।

-ਚੰਦ ਫਤਿਹਪੁਰੀ

ਅਸ਼ਮੇਧ ਘੋੜਾ !

ਕਰ ਕੇ ਮਸਜਿਦ 'ਚ ਭਜਨ ਅਨੰਦ ਆਂਦਾ,
ਚੋਣਾਂ ਜਿੱਤਣ ਲਈ 'ਰਾਮ' ਹਥਿਆਰ ਹੈ ਜੀ।
ਪਹਿਲਾਂ ਅਯੁੱਧਿਆ ਤੇ ਫੇਰ ਗਿਆਨਵਾਪੀ,
ਚਾਰ-ਚੁਫੇਰੇ ਇੱਕ ਛਤਰ ਸਰਕਾਰ ਹੈ ਜੀ।
ਮਥਰਾ ਜਿਹਾ ਹਰ ਇੱਕ ਬ੍ਰਹਮ ਅਸਤਰ,
ਪੂਰੀ ਸ਼ਰਧਾ ਨਾਲ ਲਿਆ ਸ਼ਿੰਗਾਰ ਹੈ ਜੀ।
ਚਕਰਵਰਤੀ ਸਮਰਾਟ ਦਾ ਅਸ਼ਮੇਧ ਘੋੜਾ,
ਕੂਚ ਕਰਨ ਲਈ ਹੋਇਆ ਤਿਆਰ ਹੈ ਜੀ।
ਅੱਥਰਾ ਘੋੜਾ ਦੁਲੱਤੀਆਂ ਮਾਰਦਾ ਹੈ,
ਦੇਸ਼ ਵਾਸੀਓ ! ਸੋਚ ਕੇ ਹੱਥ ਪਾਇਓ।
ਝਲਕੇ ਇਸ ਦੇ ਵਿੱਚੋਂ ਗੁਜਰਾਤ ਮਾਡਲ,
ਹਿੰਮਤ ਹੋਈ ਤਾਂ ਨੱਕ ਵਿੱਚ ਨੱਥ ਪਾਇਓ।

ਗੁਲਪੁਰ

ਭਾਰਤੀਆਂ ਦੀ ਆਖ਼ਰੀ, ਪਰ ਬਹੁਤ ਕਠਿਨ ਪ੍ਰੀਖਿਆ

ਤਾਨਾਸ਼ਾਹ ਨੂੰ ਨਵੀਆਂ ਪਿਰਤਾਂ ਪਾਉਣ ਦਾ ਝੱਸ ਹੈ। ਲੋਕ ਭਲਾਈ ਦੇ ਨਾਂਅ ਹੇਠ ਹਜ਼ਾਰਾਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਜਿਹੜੀਆਂ ਸਾਰੀਆਂ ਪ੍ਰਧਾਨ ਮੰਤਰੀ ਦੇ ਨਾਂਅ ਹੇਠ ਹਨ। ਮੋਦੀ ਨੇ ਨਹਿਰੂ ਮੈਮੋਰੀਅਲ ਦਾ ਨਾਂਅ ਬਦਲ ਕੇ ਪੀ ਐਮ ਮੈਮੋਰੀਅਲ ਬਣਾ ਦਿੱਤਾ ਹੈ, ਪਰ ਲੋਕਾਂ ਦੀ ਹਾਲਤ ਬਦ ਤੋਂ ਬਦਤਰ ਹੋਈ ਜਾ ਰਹੀ ਹੈ। ਵਿਡੰਬਨਾ ਦੇਖੋ, ਮੋਦੀ ਕਹਿੰਦਾ ਹੈ ਕਿ ਅਸੀਂ 25 ਕਰੋੜ ਗਰੀਬਾਂ ਨੂੰ ਗਰੀਬੀ 'ਚੋਂ ਬਾਹਰ ਕੱਢ ਲਿਆ ਹੈ, ਪਰ ਨਾਲ ਹੀ ਫੜ੍ਹ ਮਾਰਦਾ ਹੈ ਕਿ ਅਸੀਂ 81.38 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਮੁਹੱਈਆ ਕਰਵਾ ਰਹੇ ਹਾਂ। ਕੀ ਇਹ ਆਪਾ-ਵਿਰੋਧੀ ਨਹੀਂ। ਦੂਜੇ ਬੰਨੇ ਦੇਸ਼ ਦੀ ਆਰਥਿਕਤਾ 'ਤੇ ਗਿਣਵੇਂ 150 ਅਰਬਪਤੀਆਂ ਨੇ ਚਾਦਰ ਪਾਈ ਹੋਈ ਹੈ, ਅਰਥਾਤ ਦੇਸ਼ ਦੀ ਉਤਲੀ ਪੰਜ ਫ਼ੀਸਦੀ ਪਾਸ ਦੇਸ਼ ਦੀ ਕੁਲ ਦੌਲਤ ਦੀ ਮਾਲਕੀ ਹੈ। 'ਮਨ ਕੀ ਬਾਤ' ਇੱਕ ਅਜਿਹੀ ਪਿਰਤ ਹੈ, ਜਿਹੜੀ ਹਰ ਮਹੀਨੇ ਸਾਡੇ ਯੁਵਾਵਾਂ, ਔਰਤਾਂ ਨੂੰ ਫਿਰਕੂ ਤੇ ਹੁੰਕਾਰਵਾਦੀ ਜੁਮਲਿਆਂ ਨਾਲ ਭਰਮਾਉਂਦੀ ਹੈ, ਜਿਸ ਦਾ ਅਸਲ ਮਨੋਰਥ ਸਾਡੇ ਨੌਜੁਆਨ ਵਰਗ ਨੂੰ ਕਿਸੇ ਹੋਰ ਪਾਸੇ ਖਾਸ ਕਰ ਖੱਬੇ ਪਾਸੇ ਜਾਣ ਤੋਂ ਰੋਕਣਾ ਹੈ, ਮੋਦੀ ਗੁੱਝਾ ਤੀਰ ਚਲਾ ਰਿਹਾ ਹੈ।

ਸੁਰਜੀਤ ਸਿੰਘ ਖੱਟੜਾ

ਕਾਰਪੋਰੇਟ ਜਗਤ ਦੀ ਹਿਤੈਸ਼ੀ ਆਰ ਆਰ ਐੱਸ ਦੀ ਅਗਵਾਈ ਹੇਠ ਚੱਲ ਰਹੀ ਫਿਰਕੂ ਤੇ ਫਾਸ਼ੀਵਾਦ ਮੋਦੀ ਸਰਕਾਰ ਨੇ 2014 ਤੋਂ ਅੱਜ ਤੱਕ 10 ਸਾਲਾਂ ਵਿੱਚ ਭਾਰਤੀ ਪਾਰਲੀਮਾਨੀ ਜਮਹੂਰੀਅਤ ਨੂੰ ਇੱਕ ਮਿੱਥੇ ਨਿਸ਼ਾਨੇ ਤਹਿਤ ਪੂਰਨ ਰੂਪ 'ਚ ਪੈਰਾਂ ਵਿੱਚ ਰੋਲ ਦਿੱਤਾ ਹੈ। ਆਪਣੀ ਬਹੁਮਤ ਦੀ ਧੌਂਸ ਨਾਲ ਲੋਕ ਸਭਾ ਤੇ ਰਾਜ ਸਭਾ ਦੋਨਾਂ ਨੂੰ ਆਪਣਾ ਹੱਥ ਠੋਕਾ ਬਣਾ ਲਿਆ, ਜਿਥੇ ਬਿਨਾਂ ਚਰਚਾ ਦੇ ਬਿੱਲ ਪਾਸ ਕੀਤੇ ਜਾਂਦੇ ਰਹੇ। ਮੀਡੀਆ ਦੇ ਸਾਰੇ ਰੂਪ ਪੂਰਨ ਰੂਪ 'ਚ ਆਪਣੇ ਅਧੀਨ ਕਰ ਲਏ, ਜਿਹੜੇ ਮੋਦੀ ਦੇ ਗੁਣਗਾਣ ਤੋਂ ਸਿਵਾਏ ਹੋਰ ਕੋਈ ਖ਼ਬਰ ਦੇ ਹੀ ਨਹੀਂ ਰਹੇ, ਜਿਸ ਨੂੰ ਆਮ ਲੋਕ ਹੁਣ ਗੋਦੀ ਮੀਡੀਆ ਕਹਿਣ ਲੱਗੇ ਹਨ। ਸਾਰੀਆਂ ਸੰਵਿਧਾਨਿਕ ਤੇ ਸਮਾਜਿਕ ਸੰਸਥਾਵਾਂ ਆਰ ਆਰ ਐੱਸ ਦੇ ਕੱਟੜ ਫਿਰਕੂ ਤੇ ਅਤਿ ਦੇ ਪਿਛਾਖੜੀ ਅਨਸਰਾਂ ਨਾਲ ਨੱਕੋ-ਨੱਕ ਤੂੜ ਦਿੱਤੀਆਂ ਗਈਆਂ ਹਨ। ਯੂਨੀਵਰਸਿਟੀਆਂ, ਕਾਲਜਾਂ, ਸਕੂਲਾਂ ਦੇ ਮੁਖੀ ਸਾਰੇ ਕੱਟੜ ਭਗਵੇਂ ਬੇਰੀਗੇਡ ਦੇ ਚਹੇਤੇ ਹਨ। ਆਰ ਆਰ ਐੱਸ ਨੇ ਫੌਜ, ਅਰਧ ਸੈਨਿਕ ਬਲਾਂ, ਸਰਕਾਰੀ ਵਿਭਾਗਾਂ ਦੇ ਕਰਮਚਾਰੀਆਂ ਤੱਕ ਰਸਾਈ ਕੀਤੀ ਹੋਈ ਹੈ। ਇਕ ਪੁਲਸ ਵਰਦੀ ਦੇ ਨਾਂਅ ਹੇਠ ਦੇਸ਼ ਵਿੱਚ ਪੁਲਸ ਰਾਜ ਸਥਾਪਤ ਕਰਨ ਲਈ ਐੱਨ ਆਈ ਏ ਅਥਾਰਿਟੀ ਸਥਾਪਤ ਕੀਤੀ ਗਈ ਹੈ।

ਸਾਡੇ ਤਾਨਸ਼ਾਹ ਨੂੰ ਨਵੀਆਂ ਪਿਰਤਾਂ ਪਾਉਣ ਦਾ ਝੱਸ ਹੈ। ਲੋਕ ਭਲਾਈ ਦੇ ਨਾਂਅ ਹੇਠ ਹਜ਼ਾਰਾਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਜਿਹੜੀਆਂ ਸਾਰੀਆਂ ਪ੍ਰਧਾਨ ਮੰਤਰੀ ਦੇ ਨਾਂਅ ਹੇਠ ਹਨ। ਮੋਦੀ ਨੇ ਨਹਿਰੂ ਮੈਮੋਰੀਅਲ ਦਾ ਨਾਂਅ ਬਦਲ ਕੇ ਪੀ ਐਮ ਮੈਮੋਰੀਅਲ ਬਣਾ ਦਿੱਤਾ ਹੈ, ਪਰ ਲੋਕਾਂ ਦੀ ਹਾਲਤ ਬਦ ਤੋਂ ਬਦਤਰ ਹੋਈ ਜਾ ਰਹੀ ਹੈ। ਵਿਡੰਵਨਾ ਦੇਖੋ ਮੋਦੀ ਕਹਿੰਦਾ ਹੈ ਕਿ ਅਸੀਂ 25 ਕਰੋੜ ਗਰੀਬਾਂ ਨੂੰ ਗਰੀਬੀ 'ਚੋਂ ਬਾਹਰ ਕੱਢ ਲਿਆ ਹੈ, ਪਰ ਨਾਲ ਹੀ ਫੜ ਮਾਰਦਾ ਹੈ ਕਿ ਅਸੀਂ 81.38 ਕਰੋੜ ਲੋਕਾਂ ਨੂੰ ਮੁਫ਼ਤ ਰਾਸ਼ਨ ਮੁਹੱਈਆ ਕਰਵਾ ਰਹੇ ਹਾਂ। ਕੀ ਇਹ ਆਪਾ ਵਿਰੋਧੀ ਨਹੀਂ। ਦੂਜੇ ਬੰਨੇ ਦੇਸ਼ ਦੀ ਆਰਥਿਕਤਾ 'ਤੇ ਗਿਣਵੇਂ 150 ਅਰਬ ਪਤੀਆਂ ਨੇ ਚਾਦਰ ਪਾਈ ਹੋਈ ਹੈ, ਅਰਥਾਤ ਦੇਸ਼ ਦੀ ਉਤਲੀ ਪੰਜ ਫ਼ੀਸਦੀ ਪਾਸ ਦੇਸ਼ ਦੀ ਕੁਲ ਦੌਲਤ ਦੀ ਮਾਲਕੀ ਹੈ। 'ਮਨ ਕੀ ਬਾਤ' ਇੱਕ ਅਜਿਹੀ ਪਿਰਤ ਹੈ, ਜਿਹੜੀ ਹਰ ਮਹੀਨੇ ਸਾਡੇ ਯੁਵਾਵਾਂ, ਔਰਤਾਂ ਨੂੰ ਫਿਰਕੂ ਤੇ ਹੁੰਕਾਰਵਾਦੀ ਜੁਮਲਿਆਂ ਨਾਲ ਭਰਮਾਉਂਦੀ ਹੈ, ਜਿਸ ਦਾ ਅਸਲ ਮਨੋਰਥ ਸਾਡੇ ਨੌਜੁਆਨ ਵਰਗ ਨੂੰ ਕਿਸੇ ਹੋਰ ਪਾਸੇ ਖਾਸ ਕਰ ਖੱਬੇ ਪਾਸੇ ਜਾਣ ਤੋਂ ਰੋਕਣਾ ਹੈ, ਮੋਦੀ ਗੁੱਝਾ ਤੀਰ ਚਲਾ ਰਿਹਾ ਹੈ। ਮੋਦੀ ਤੋਂ ਪਹਿਲਾਂ ਦਰਜਨਾਂ ਹੀ ਪ੍ਰਧਾਨ ਮੰਤਰੀ ਹੋ-ਹੋ ਚਲੇ ਗਏ, ਕੀ ਉਹ ਸਾਰੇ ਮਨ ਤੋਂ ਰਹਿਤ ਸਨ। ਨੌਜੁਆਨਾਂ ਨੂੰ ਗੀਢਣ ਲਈ ਇੱਕ ਹੋਰ ਪਿਰਤ ਹੈ 'ਪਰਿਕਸ਼ਾ ਪੇ ਚਰਚਾ'।

ਉਪਰੋਕਤ ਵਰਨਣ ਤੋਂ ਇਹ ਸਾਫ਼ ਹੈ ਕਿ ਕਿਵੇਂ ਮੋਦੀ ਸਾਰੀ ਸ਼ਕਤੀ ਆਪਣੇ ਹੱਥ 'ਚ ਲੈ ਕੇ ਇੱਕ ਤਾਨਾਸ਼ਾਹ ਬਣਨ ਵੱਲ ਵਧ ਰਿਹਾ ਹੈ। ਇਸ ਦੇ ਤਾਨਾਸ਼ਾਹੀ ਦੇ ਰੁਝਾਨ ਸਪੱਸ਼ਟ ਹੁੰਦੇ ਹਨ 2002 ਵਿੱਚ ਜਦੋਂ ਇਹ ਗੁਜਰਾਤ ਵਿੱਚ ਮੁਸਲਮਾਨਾਂ ਦੇ ਨਰਸੰਹਾਰ ਕਰਵਾ ਰਿਹਾ ਸੀ। ਪ੍ਰਧਾਨ ਮੰਤਰੀ ਵਾਜਪਾਈ ਨੇ ਮੋਦੀ ਨੂੰ ਕਿਹਾ ਕਿ ਰਾਜ ਧਰਮ ਵੀ ਕੋਈ ਸ਼ੈਅ ਹੁੰਦੀ ਹੈ, ਅੱਗੋਂ ਇਹ ਬੜੀ ਹੈਂਕੜ ਨਾਲ ਬੋਲਿਆ ਕਿ ਓਹੀ ਤਾਂ ਮੈਂ ਕਰ ਰਿਹਾ ਹਾਂ। ਜਦੋਂ ਮੋਦੀ ਨੇ ਆਪਣਾ ਨਾਂਅ ਇਤਿਹਾਸ 'ਚ ਚਮਕਾਉਣ ਲਈ ਇੱਕ ਨਵੇਂ ਸੰਸਦ ਭਵਨ ਨੂੰ ਉਸਾਰੀ ਦੀ ਵਿਉਂਤ ਬਣਾਈ ਤਾਂ ਸਮੁੱਚੀ ਵਿਰੋਧ ਧਿਰ ਇਸ ਦਾ ਡਟ ਕੇ ਵਿਰੋਧ ਕੀਤਾ ਕਿ ਵਰਤਮਾਨ ਸੰਸਦ ਠੀਕ ਤਰ੍ਹਾਂ ਕੰਮ ਆ ਰਿਹਾ, ਉਸ ਵਿੱਚ ਕੋਈ ਕਮੀ ਨਹੀਂ, ਪਰ ਸਾਡੇ ਤਾਨਾਸ਼ਾਹ, ਇਸ ਤੱਥ ਵੱਲ ਕੰਨ ਨਹੀਂ ਕੀਤਾ ਤੇ ਸੰਸਦ ਭਵਨ ਬਣਾ ਕੇ ਸ਼ਾਹ ਲਿਆ। ਇਸ ਨਵੇਂ ਸਾਂਸਦ ਦਾ ਉਦਘਾਟਨ ਬਹੁਤ ਕੁਝ ਦਸਦਾ ਹੈ। ਇਹ ਵੀ ਇਕ ਹਕੀਕਤ ਹੈ ਕਿ ਜਿਉਂ-ਜਿਉਂ ਕਿਸੇ ਤਾਨਾਸ਼ਾਹ ਦੀ ਤਾਕਤ ਵਧਦੀ ਹੈ, ਉਸ 'ਚ ਹੋਰ ਵੱਧ ਤਾਕਤ ਦੀ ਲਾਲਸਾ ਚੌਣੀ ਹੋਈ ਜਾਂਦੀ ਹੈ। ਦੇਖੋ, ਹਿੰਦੂ ਰਾਜ ਦਾ ਕੀੜਾ ਕਿਸ ਤਰ੍ਹਾਂ ਦਿਲ ਵਿੱਚ ਬੈਠਾ ਹੈ, ਉਦਘਾਟਨ ਉਸ ਦਿਨ ਕੀਤਾ, ਜਦੋਂ ਸਾਵਰਕਰ ਦਾ ਜਨਮ ਦਿਨ ਸੀ। ਏਸੇ ਸਮੇਂ ਸਾਡੇ ਕਲਾਕਾਰ ਨੇ ਤਾਮਿਲਨਾਡੂ ਵਿੱਚ 907 ਈਸਵੀ ਸਮੇਂ ਚੋਲ ਖਾਨਦਾਨ ਰਾਜ ਵੇਲੇ ਦੇ ਪੁਰਾਣੇ ਪਥਰਾਟ ਬਣੇ ਮੱਠਾਂ ਦੇ ਦੋ ਮਹੰਤਾਂ ਨੂੰ ਬੁਲਾਇਆ, ਜਿਨ੍ਹਾਂ ਨੇ ਧੋਤੀ ਪਹਿਨੀ ਹੋਈ ਸੀ ਤੇ ਪੂਰਨ ਤਿਲਕਧਾਰੀ ਸਨ। ਚੋਲ ਰਾਜਿਆਂ ਸਮੇਂ ਇੱਕ ਰਸਮ ਸੀ ਕਿ ਜਦੋਂ ਕੋਈ ਰਾਜਾ ਗੱਦੀ 'ਤੇ ਬੈਠਦਾ ਹੈ ਤਾਂ ਉਸ ਨੂੰ 'ਰਾਜ ਦੰਡ' ਦਾ ਡੰਡਾ ਫੜਾਇਆ ਜਾਂਦਾ ਹੈ ਤੇ ਕੁਝ ਸ਼ਲੋਕਾਂ ਦਾ ਉਚਾਰਨ ਹੁੰਦਾ ਹੈ। ਮੋਦੀ ਨੇ ਇਸ ਰਸਮ ਨੂੰ ਪੂਰੀ ਸਿਦਕਦਿਲੀ ਨਾਲ ਨਿਭਾਇਆ ਤੇ ਢੰਡਵਤ ਹੋ ਕੇ ਰਾਜ ਦੰਡ ਨੂੰ ਪ੍ਰਾਪਤ ਕੀਤਾ ਤੇ ਨਵੀਂ ਸੰਸਦ ਵਿੱਚ ਸਥਾਪਤ ਕੀਤਾ। ਮੋਦੀ ਦੀ ਮਨਸ਼ਾ ਇਹ ਸੀ ਕਿ ਜੇ ਆਉਣ ਵਾਲੇ ਸਮੇਂ ਵਿੱਚ ਮੈਨੂੰ ਵੱਧ ਸ਼ਕਤੀ ਪ੍ਰਾਪਤ ਹੁੰਦੀ ਹੈ ਤਾਂ ਇਹ ਅਗਾਊਂ ਕੀਤੀ ਰਸਮ ਕੰਮ ਆਏਗੀ।

ਲਾਲਸਾ ਵਧਦੀ ਗਈ, ਉਧਰ ਰਾਮ ਮੰਦਰ ਦੀ ਉਸਾਰੀ ਸਿਖਰ 'ਤੇ ਸੀ ਤਾਂ ਮੋਦੀ ਨੇ ਇਸ ਨੂੰ ਇੱਕ ਮੌਕਾ ਸਮਝਿਆ। ਪ੍ਰੀ 'ਪ੍ਰਾਣ ਪ੍ਰਤਿਸ਼ਠਾ' ਦੀ ਦੁਹਾਈ ਪਾਈ ਗਈ। ਮੋਦੀ ਦੇ ਚਾਪਲੂਸ ਮੰਤਰੀਆਂ ਨੇ ਸਾਰੇ ਦੇਸ਼ ਵਿੱਚ ਇਸ ਪ੍ਰਾਣ ਪ੍ਰਤਿਸ਼ਠਾ ਨੂੰ ਸਿਰਾਂ ਤੇ ਚੁੱਕ ਲਿਆ। 22 ਜਨਵਰੀ ਦਾ ਦਿਨ ਮਿਥਿਆ ਗਿਆ ਤੇ ਖੂਬ ਤਿਆਰੀਆਂ ਹੋਈਆਂ। ਮੋਦੀ ਨੇ ਵਰਤ ਰੱਖਿਆ। 22 ਜਨਵਰੀ ਨੂੰ ਲੋਕਾਂ ਨੂੰ ਦੀਪਮਾਲਾ ਕਰਨ ਦਾ ਹੋਕਾ ਦਿੱਤਾ। ਚਾਰੇ ਸ਼ੰਕਰਾਚਾਰੀਆਂ ਨੂੰ ਬੁਲਾਵਾ ਭੇਜਿਆ ਗਿਆ, ਪਰ ਕਿਸੇ ਨੇ ਵੀ ਇਸ ਪ੍ਰਾਣ ਪ੍ਰਤਿਸ਼ਠਾ ਵਿੱਚ ਆਉਣ ਦੀ ਹਾਮੀ ਨਹੀਂ ਭਰੀ। ਉਨ੍ਹਾਂ ਦਾ ਮੱਤ ਸੀ ਕਿ ਬ੍ਰਾਹਮਣ ਤੋਂ ਬਿਨਾਂ ਕੋਈ ਰਾਮ ਮੂਰਤੀ ਨੂੰ ਸਥਾਪਤ ਨ

6-MAR-PAGE-5.qxd 3/5/2024 10:28 PM Page 1

ਟੈਂਕੀ 'ਤੇ ਚੜ੍ਹੀਆਂ ਮਹਿਲਾ ਅਧਿਆਪਕਾਂ ਨੇ ਸਿਮਰਨਜੀਤ ਮਾਨ ਨੂੰ ਸੁਣਾਇਆ ਦੁਖੜਾ

ਸੰਗਰੂਰ (ਪ੍ਰਵੀਨ ਸਿੰਘ)-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ੍ਰ. ਸਿਮਰਨਜੀਤ ਸਿੰਘ ਮਾਨ ਅੱਜ ਰੈਗੂਲਰ ਹੋਣ ਦੀ ਮੰਗ ਨੂੰ ਲੈ ਕੇ ਵਿਜੀਲੈਂਸ ਦਫਤਰ ਕੋਲ ਪਾਣੀ ਵਾਲੀ ਟੈਂਕੀ 'ਤੇ ਚੜ੍ਹੀਆਂ ਕੱਚੀਆਂ ਮਹਿਲਾ ਅਧਿਆਪਕਾਂ ਦਾ ਹਾਲ-ਚਾਲ ਜਾਨਣ ਲਈ ਧਰਨੇ ਵਾਲੀ ਥਾਂ 'ਤੇ ਪੁੱਜੇ, ਜਿੱਥੇ ਮਹਿਲਾ ਅਧਿਆਪਕਾਂ ਨੇ ਭਰੇ ਮਨ ਨਾਲ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਤੇ ਬੇਰੁਖੀ ਦੀਆਂ ਗੱਲਾਂ ਐੱਮ. ਪੀ. ਸੰਗਰੂਰ ਨੂੰ ਦੱਸਦੇ ਹੋਏ ਇਨਸਾਫ ਦਿਵਾਉਣ ਦੀ ਮੰਗ ਕੀਤੀ।ਧਰਨੇ 'ਤੇ ਬੈਠੇ ਕੱਚੇ ਅਧਿਆਪਕਾਂ ਨੇ ਐੱਮ. ਪੀ. ਸੰਗਰੂਰ ਨੂੰ ਮੰਗ ਪੱਤਰ ਸੌਂਪਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਬਹੁਤ ਹੀ ਘੱਟ ਮਿਹਨਤਾਨੇ 'ਤੇ ਕੰਮ ਕਰਦਿਆਂ ਨੂੰ 10 ਸਾਲ ਤੋਂ ਵੀ ਵਧੇਰੇ ਸਮੇਂ ਬੀਤ ਚੁੱਕਿਆ ਹੈ।ਸਰਕਾਰ ਵੱਲੋਂ ਉਨ੍ਹਾਂ ਦੇ ਨਾਲ ਦੇ 12700 ਅਧਿਆਪਕ ਪੱਕੇ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 130 ਅਧਿਆਪਕ ਜਿਨ੍ਹਾਂ ਦਾ ਸਮਾਂ 31 ਅਗਸਤ ਤੱਕ ਪੂਰਾ ਹੋਣਾ ਸੀ, ਉਹ ਤਨਖਾਹ ਵਾਧੇ ਦੇ ਆਰਡਰਾਂ ਤੋਂ ਵਾਂਝੇ ਰਹਿ ਗਏ ਸਨ।ਹੁਣ ਉਨ੍ਹਾਂ ਨੂੰ ਦਸ ਸਾਲ ਦੀ ਸਰਵਿਸ ਦਾ ਸਮਾਂ ਪੂਰਾ ਹੋਣ ਦੇ ਬਾਵਜੂਦ ਤਨਖਾਹ ਵਾਧੇ ਦੇ ਆਰਡਰ ਨਹੀਂ ਦਿੱਤੇ ਜਾ ਰਹੇ ।

ਕੱਚੇ ਅਧਿਆਪਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਨੂੰ ਧਿਆਨ ਨਾਲ ਸੁਨਣ ਉਪਰੰਤ ਸ੍ਰ. ਮਾਨ ਨੇ ਕਿਹਾ ਕਿ ਕਾਨੂੰਨ ਮੁਤਾਬਿਕ ਸਾਰਿਆਂ ਨੂੰ ਬਰਾਬਰ ਦੇ ਅਧਿਕਾਰ ਹਨ, ਜੇਕਰ ਹੋਰਨਾਂ ਕੱਚੇ ਅਧਿਆਪਕਾਂ ਦੇ ਤਨਖਾਹ ਸਕੇਲ ਵਿੱਚ ਵਾਧਾ ਕੀਤਾ ਗਿਆ ਹੈ ਤਾਂ ਇਨ੍ਹਾਂ ਰਹਿੰਦੇ ਕੱਚੇ ਅਧਿਆਪਕਾਂ ਦੀ ਤਨਖਾਹ ਵਿੱਚ ਵੀ ਵਾਧਾ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਨੇ ਮੌਕੇ 'ਤੇ ਹੀ ਏਡੀਸੀ, ਸਿਵਲ ਸਰਜਨ ਤੇ ਪੁਲਸ ਅਧਿਕਾਰੀਆਂ ਨਾਲ ਗੱਲ ਕਰਕੇ ਕੱਚੇ ਮੁਲਾਜ਼ਮਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨ ਲਈ ਕਿਹਾ ਤੇ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦੁਆਇਆ।ਇਸ ਮੌਕੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਜਥੇਦਾਰ ਹਰਜੀਤ ਸਿੰਘ ਸੰਜੂਮਾਂ, ਜਥੇਦਾਰ ਗੁਰਨੈਬ ਸਿੰਘ ਰਾਮਪੁਰਾ, ਯੂਥ ਆਗੂ ਗੁਰਪ੍ਰੀਤ ਸਿੰਘ ਖੁੱਡੀ, ਸ਼ਹਿਰੀ ਪ੍ਰਧਾਨ ਸੁਖਵਿੰਦਰ ਸਿੰਘ, ਬੀਬੀ ਹਰਪਾਲ ਕੌਰ, ਨਰਿੰਦਰ ਸਿੰਘ ਕਾਲਾਬੂਲਾ, ਮੀਡੀਆ ਇੰਚਾਰਜ ਸਤਨਾਮ ਸਿੰਘ ਰੱਤੋਕੇ, ਯੂਥ ਆਗੂ ਅਰਸ਼ਦੀਪ ਸਿੰਘ ਚਹਿਲ ਤੋਂ ਇਲਾਵਾ 10 ਸਾਲ ਸਰਵਿਸ ਦੇ ਪੂਰੇ ਕਰ ਚੁੱਕੇ ਕੱਚੇ ਮੁਲਾਜ਼ਮ ਯੂਨੀਅਨ ਦੇ ਮੈਂਬਰ ਹਾਜ਼ਰ ਸਨ।

ਮਜ਼ਦੂਰ ਮੁਕਤੀ ਮੋਰਚੇ ਵੱਲੋਂ ਘੜੇ ਭੰਨ ਪ੍ਰਦਰਸ਼ਨ ਅੱਜ ਤੋਂ : ਸਮਾਓਂ

ਮਾਨਸਾ (ਆਤਮਾ ਸਿੰਘ ਪਮਾਰ)-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਵੱਲੋਂ ਮਾਨ ਸਰਕਾਰ ਦੇ ਪੇਸ਼ ਬਜਟ ਵਿੱਚ ਮਜ਼ਦੂਰਾਂ ਨੂੰ ਨਜ਼ਰ ਅੰਦਾਜ਼ ਕਰਨ ਤੇ ਵਿਧਾਇਕ ਸੁਖਵਿੰਦਰ ਕੋਟਲੀ ਵੱਲੋਂ ਵਿਧਾਨ ਸਭਾ ਵਿੱਚ ਸਵਾਲ ਪੁੱਛਣ 'ਤੇ ਜੁੱਤੀ ਸੁੰਘਾਉਣ ਖਿਲਾਫ ਪੂਰੇ ਪੰਜਾਬ ਵਿੱਚ ਅੱਜ ਤੋਂ 15 ਮਾਰਚ ਤੱਕ ਪਿੰਡਾਂ ਤੇ ਸ਼ਹਿਰਾਂ ਅੰਦਰ ਮੁੱਖ ਮੰਤਰੀ ਮਾਨ ਵਿਰੁੱਧ ਘੜੇ ਭੰਨ ਕੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਇਹ ਐਲਾਨ ਅੱਜ ਇਥੇ ਮਜ਼ਦੂਰ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕੀਤਾ। ਉਨ੍ਹਾ ਕਿਹਾ ਕਿ ਪੰਜਾਬ ਦੀ ਸੱਤਾ ਉਪਰ ਕਾਬਜ਼ ਹੋਣ ਤੋਂ ਬਾਅਦ ਲਗਾਤਾਰ ਮਜ਼ਦੂਰਾਂ ਨੂੰ ਨਜ਼ਰਅੰਦਾਜ਼ ਤਾਂ ਕੀਤਾ ਹੀ ਜਾ ਰਿਹਾ ਹੈ, ਪਰ ਕੱਲ੍ਹ ਵਿਧਾਨ ਸਭਾ ਵਿੱਚ ਦਲਿਤ ਵਰਗ ਵਿੱਚੋਂ ਉੱਪ-ਮੁੱਖ ਮੰਤਰੀ ਬਣਾਉਣ ਦਾ ਸਵਾਲ ਪੁੱਛਣ 'ਤੇ ਵਿਧਾਇਕ ਕੋਟਲੀ ਨੂੰ ਜੁੱਤੀ ਸੁੰਘਾਉਣ ਵਰਗੇ ਸ਼ਬਦ ਕਹਿ ਕੇ ਮੁੱਖ ਮੰਤਰੀ ਮਾਨ ਨੇ ਸਮੁੱਚੇ ਦਲਿਤ ਵਰਗ ਦਾ ਅਪਮਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਬਜਟ ਵਿੱਚ ਮਜ਼ਦੂਰਾਂ ਨੂੰ ਨਜ਼ਰਅੰਦਾਜ਼ ਕਰਨਾ ਤੇ ਵਿਧਾਇਕ ਦਾ ਅਪਮਾਨ ਕਰਨਾ ਮੁੱਖ ਮੰਤਰੀ ਮਾਨ ਦੀ ਦਲਿਤ ਵਿਰੋਧੀ ਮਾਨਸਿਕਤਾ ਸਪੱਸ਼ਟ ਰੂਪ ਵਿੱਚ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀਆਂ ਦੀ ਭਲਾਈ ਦਾ ਫੰਡ ਪਿਛਲੇ ਬਜਟ ਤੋਂ ਵੀ ਘਟਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਿਛਲੇ ਦੋ ਸਾਲਾਂ ਤੋਂ ਦਲਿਤ ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਨਾ ਮਿਲਣ ਕਾਰਨ 2 ਲੱਖ ਵਿਦਿਆਰਥੀਆਂ ਆਪਣੀ ਪੜ੍ਹਾਈ ਅੱਧਵਾਟੇ ਹੀ ਛੱਡ ਚੁੱਕੇ ਹਨ।ਸਰਕਾਰੀ ਸਕੂਲਾਂ ਵਿੱਚ ਬੱਚਿਆਂ ਲਈ ਖਾਣਾ ਬਣਾਉਣ ਵਾਲੀਆਂ ਕੁੱਕ ਬੀਬੀਆਂ ਦੀ ਤਨਖਾਹ ਬਾਰੇ ਵੀ ਕੋਈ ਜ਼ਿਕਰ ਨਹੀਂ।ਉਨ੍ਹਾਂ ਕਿਹਾ ਕਿ ਦਲਿਤ ਵਿਰੋਧੀ ਮੁੱਖ ਮੰਤਰੀ ਮਾਨ ਦਾ ਪਿੰਡ-ਪਿੰਡ ਘੜਾ ਭੰਨ ਰੈਲੀਆਂ ਕਰਕੇ ਦੋਗਲਾ ਚਿਹਰਾ ਨੰਗਾ ਕਰਾਂਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਪ੍ਰਦੀਪ ਗੁਰੂ, ਭੋਲਾ ਸਿੰਘ ਝੱਬਰ, ਗੁਲਾਬ ਸਿੰਘ ਖੀਵਾ, ਸੁਖਵਿੰਦਰ ਸਿੰਘ ਬੋਹਾ, ਗੁਰਵਿੰਦਰ ਸਿੰਘ ਨੰਦਗੜ੍ਹ, ਜਰਨੈਲ ਸਿੰਘ ਮਾਨਸਾ, ਬਲਜੀਤ ਕੌਰ, ਬਾਜ਼ ਸਿੰਘ ਰੰਘੜਿਆਲ ਆਦਿ ਮੌਜੂਦ ਸਨ।

ਪੁਲਸ ਅੱਤਿਆਚਾਰ ਦੇ ਪੀੜਤਾਂ ਨੂੰ ਇਨਸਾਫ਼ ਦਿਓ : ਝੋਰੜਾਂ/ਧਾਲੀਵਾਲ

ਜਗਰਾਉਂ (ਅਮਿਤ ਖੰਨਾ)

ਸਥਾਨਕ ਸਿਟੀ ਥਾਣੇ ਦੇ ਕਥਿਤ ਥਾਣਾਮੁਖੀ ਵੱਲੋਂ ਗਰੀਬ ਪਰਿਵਾਰ 'ਤੇ ਕੀਤੇ ਅੱਤਿਆਚਾਰਾਂ ਸਬੰਧੀ 16 ਸਾਲਾਂ ਬਾਅਦ ਦਰਜ ਕੀਤੀ ਐੱਫ.ਆਈ.ਆਰ. ਦੇ ਪੀੜਤ ਇਨਸਾਫ ਲਈ ਅੱਜ ਦਰ-ਦਰ ਭਟਕਣ ਲਈ ਮਜਬੂਰ ਹਨ।ਇਹ ਪ੍ਰਗਟਾਵਾ ਪੁਲਸ ਅੱਤਿਆਚਾਰ ਵਿਰੋਧੀ ਸੰਘਰਸ਼ ਕਮੇਟੀ ਦੇ ਕਨਵੀਨਰ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਦੇ ਆਗੂ ਬਲਦੇਵ ਸਿੰਘ ਜਗਰਾਓਂ, ਸੀਟੂ ਆਗੂ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ ਨੇ ਅੱਜ ਧਰਨੇ ਵਿੱਚ ਪ੍ਰੈੱਸ ਨੂੰ ਜਾਰੀ ਬਿਆਨ 'ਚ ਕੀਤਾ।ਆਗੂਆਂ ਨੇ ਕਿਹਾ ਕਿ ਕਥਿਤ ਥਾਣਾਮੁਖੀ ਗੁਰਿੰਦਰ ਸਿੰਘ ਬੱਲ ਨੇ ਜਾਤੀ ਭੇਦਭਾਵ ਤਹਿਤ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਅਗਵਾ ਕਰਕੇ ਨਜਾਇਜ਼ ਹਿਰਾਸਤ ਵਿੱਚ ਰੱਖ ਕੇ ਤਸੀਹੇ ਦਿੱਤੇ ਸਨ।

ਪੀੜਤਾ ਮਾਤਾ ਸੁਰਿੰਦਰ ਕੌਰ ਤੇ ਲੜਕੀ ਕੁਲਵੰਤ ਕੌਰ ਨੂੰ 14 ਜੁਲਾਈ 2005 ਨੂੰ ਘਰੋਂ ਚੁੱਕਿਆ ਤੇ ਪੀੜਤਾ ਮਨਪ੍ਰੀਤ ਕੌਰ ਤੇ ਦਰਸ਼ਨ ਸਿੰਘ ਨੂੰ 21 ਜੁਲਾਈ 2005 ਨੂੰ ਨਬਾਲਗ ਬੱਚਿਆਂ ਸਮੇਤ ਘਰੋਂ ਚੁੱਕਿਆ ਸੀ।ਕਾਮਰੇਡ ਝੋਰੜਾਂ ਤੇ ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਅਨੁਸਾਰ ਨਜਾਇਜ਼ ਹਿਰਾਸਤ ਵਿੱਚ ਜਿੱਥੇ ਮਾਤਾ ਸੁਰਿੰਦਰ ਕੌਰ ਨੂੰ ਜ਼ਲੀਲ ਕਰਕੇ ਕੁੱਟਮਾਰ ਕੀਤੀ, ਉਥੇ ਪੀੜਤਾ ਕੁਲਵੰਤ ਕੌਰ ਨੂੰ ਨਾ ਸਿਰਫ਼ ਤਸੀਹੇ ਦਿੱਤੇ, ਸਗੋਂ ਬੇਰਹਿਮੀ ਨਾਲ ਕਰੰਟ ਵੀ ਲਗਾਇਆ, ਜਿਸ ਕਾਰਨ ਕੁਲਵੰਤ ਕੌਰ ਅਪਾਹਜ ਹੋਣ ਉਪਰੰਤ 10 ਦਸੰਬਰ 2021 ਨੂੰ ਮੌਤ ਹੋ ਗਈ ਸੀ।

ਉਨ੍ਹਾਂ ਕਿਹਾ ਕਿ ਗੁਰਿੰਦਰ ਬੱਲ ਨੇ ਇਨ੍ਹਾਂ ਅੱਤਿਆਚਾਰਾਂ ਨੂੰ ਛੁਪਾਉਣ ਲਈ ਸਾਜ਼ਿਸ਼ ਰਚ ਕੇ ਹਰਜੀਤ ਸਰਪੰਚ ਰਾਹੀਂ ਫਰਜ਼ੀ ਗ੍ਰਿਫਤਾਰੀ ਦਿਖਾ ਕੇ ਪੀੜਤਾਂ ਨੂੰ ਦੋ ਝੂਠੇ ਮੁਕੱਦਮਿਆਂ ਵਿੱਚ ਨਜਾਇਜ਼ ਫਸਾ ਕੇ ਜੇਲ੍ਹ ਬੰਦ ਕਰ ਦਿੱਤਾ ਸੀ।ਉਨ੍ਹਾਂ ਕਿਹਾ ਕਿ ਰਿਕਾਰਡ ਮੁਤਾਬਿਕ ਪੀੜਤਾ ਮਨਪ੍ਰੀਤ ਕੌਰ 14 ਮਹੀਨੇ ਹਸਪਤਾਲਾਂ ਵਿੱਚ ਜ਼ੇਰੇ ਇਲਾਜ ਰਹੀ।ਉਨ੍ਹਾਂ ਕਿਹਾ ਕਿ ਪੁਲਸ ਅੱਤਿਆਚਾਰ ਸਬੰਧੀ ਖੁਫ਼ੀਆ ਵਿਭਾਗ ਤੇ ਡੀਜੀਪੀ/ਮਨੁੱਖੀ ਅਧਿਕਾਰ ਦੀਆਂ ਰਿਪੋਰਟਾਂ ਤੋਂ ਬਾਅਦ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਦੋਸ਼ੀਆਂ ਖਿਲਾਫ਼ ਮੁਕੱਦਮਾ ਦਰਜ ਕਰਨ ਲਈ ਕਿਹਾ ਸੀ, ਪਰ ਪੁਲਸ ਨੇ ਮੁਕੱਦਮਾ ਦਰਜ ਨਹੀਂ ਕੀਤਾ। ਅੰਤ ਪੀੜਤਾ ਕੁਲਵੰਤ ਕੌਰ ਦੀ ਮੌਤ ਤੋਂ ਬਾਅਦ ਜਥੇਬੰਦਕ ਦਬਾਅ ਅਧੀਨ 11 ਦਸੰਬਰ 2021 ਨੂੰ ਮੁਕੱਦਮਾ ਦਰਜ ਕੀਤਾ, ਪਰ ਮੁਕੱਦਮੇ 'ਚ ਮਨਪ੍ਰੀਤ ਕੌਰ 'ਤੇ ਅੱਤਿਆਚਾਰ ਦਾ ਵੇਰਵਾ ਦਰਜ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਅੱਜ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ, ਜਦਕਿ ਦੋਸ਼ੀਆਂ ਨੇ ਜ਼ਮਾਨਤ ਵੀ ਨਹੀਂ ਲਈ ਤੇ ਪੀੜਤ ਕਰੀਬ 2 ਸਾਲਾਂ ਤੋਂ ਥਾਣੇ ਮੂਹਰੇ ਧਰਨੇ 'ਤੇ ਬੈਠੇ ਨਿਆਂ ਮੰਗ ਰਹੇ ਹਨ।ਇਸ ਸਮੇਂ ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ, ਠੇਕੇਦਾਰ ਅਵਤਾਰ ਸਿੰਘ ਜਗਰਾਉਂ, ਮਜ਼ਦੂਰ ਸੰਘਰਸ਼ ਕਮੇਟੀ ਪ੍ਰਧਾਨ ਭਰਭੂਰ ਸਿੰਘ, ਬਲਵੀਰ ਸਿੰਘ ਆਦਿ ਹਾਜ਼ਰ ਸਨ।

ਕਾਤਰਾਂ

ਡੀਪੂ ਹੋਲਡਰਾਂ ਵੱਲੋਂ ਧਰਨਾ ਅੱਜ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਰਾਸ਼ਨ ਡਿੱਪੂ ਹੋਲਡਰ ਫੈਡਰੇਸਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਡਿੱਪੂ ਹੋਲਡਰਾਂ ਦੁਆਰਾ ਵੰਡੀ ਜਾਣ ਵਾਲੀ ਕਣਕ ਉਨ੍ਹਾਂ ਤੋਂ ਖੋਹ ਕੇ ਮਾਰਕਫੈੱਡ ਨੂੰ ਵੰਡਣ ਦੇਣ ਦੇ ਖਿਲਾਫ਼ 6 ਮਾਰਚ ਨੂੰ ਫੂਡ ਸਪਲਾਈ ਦਫ਼ਤਰ ਧੂਰੀ ਵਿਖੇ ਸਵੇਰੇ 10 ਵਜੇ ਸੰਕੇਤਕ ਧਰਨਾ ਦਿੱਤਾ ਜਾ ਰਿਹਾ ਹੈ। ਇਸ ਤੋਂ ਬਾਅਦ ਸਮੁੱਚੇ ਪੰਜਾਬ ਦੀਆਂ ਸਬ ਡਵੀਜ਼ਨਾਂ 'ਤੇ ਡਿੱਪੂ ਹੋਲਡਰ ਆਮ ਲੋਕਾਂ ਨੂੰ ਲੈ ਕੇ ਲੜੀਵਾਰ ਧਰਨੇ ਦੇਣਗੇ। ਉਨ੍ਹਾਂ ਸਰਕਾਰ ਵੱਲੋਂ ਲਏ ਜਾ ਰਹੇ ਡਿੱਪੂ ਮਾਰੂ ਫ਼ੈਸਲਿਆਂ ਨੂੰ ਵਾਪਸ ਲੈਣ ਦੀ ਮੰਗ ਵੀ ਕੀਤੀ। ਇਸ ਮੌਕੇ ਪ੍ਰੈੱਸ ਸੈਕਟਰੀ ਭਰਪੂਰ ਸਿੰਘ ਬੇਨੜਾ ਵੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਹਲਕਾ ਅਮਲੋਹ ਦੀ ਵਿਸ਼ੇਸ਼ ਮੀਟਿੰਗ ਅੱਜ

ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)-ਸ਼੍ਰੋਮਣੀ ਅਕਾਲੀ ਦਲ ਹਲਕਾ ਅਮਲੋਹ ਦੀ ਇੱਕ ਵਿਸ਼ੇਸ਼ ਮੀਟਿੰਗ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਵਿੱਚ 6 ਮਾਰਚ ਨੂੰ ਸਵੇਰੇ 9 ਵਜੇ ਪਾਰਟੀ ਦਫ਼ਤਰ ਅਮਲੋਹ ਵਿਖੇ ਕੀਤਾ ਜਾ ਰਹੀ।ਇਸ ਮੀਟਿੰਗ ਨੂੰ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਆਬਜ਼ਰਵਰ ਬਿਕਰਮਜੀਤ ਸਿੰਘ ਖਾਲਸਾ, ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਤੇ ਹੋਰ ਵੀ ਸੀਨੀਅਰ ਲੀਡਰਸ਼ਿਪ ਸੰਬੋਧਨ ਕਰੇਗੀ। ਮੀਟਿੰਗ ਵਿੱਚ ਸ਼ਾਮਲ ਲਈ ਹਲਕਾ ਅਮਲੋਹ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ, ਵੱਖ ਵੱਖ ਵਿੰਗਾਂ ਦੇ ਅਹੁਦੇਦਾਰਾਂ, ਇਸਤਰੀ ਅਕਾਲੀ ਦਲ ਦੀਆਂ ਬੀਬੀਆਂ, ਯੂਥ ਅਕਾਲੀ ਦਲ ਦੇ ਨੌਜਵਾਨਾਂ, ਐੱਸ ਓ ਆਈ ਦੇ ਵਿਦਿਆਰਥੀਆਂ, ਸਰਪੰਚਾਂ, ਪੰਚਾਂ, ਸੰਮਤੀ ਮੈਂਬਰਾਂ, ਅਕਾਲੀ ਵਰਕਰਾਂ ਤੇ ਆਗੂਆਂ ਨੂੰ 6 ਮਾਰਚ ਨੂੰ ਸਵੇਰੇ 9 ਵਜੇ ਹੋਣ ਵਾਲੀ ਮੀਟਿੰਗ ਵਿੱਚ ਸਮੇਂ ਸਿਰ ਪੁੱਜਣ ਦੀ ਅਪੀਲ ਕੀਤੀ ਗਈ ਹੈ।

ਬਜਟ 'ਚ ਸਿਹਤ ਸੇਵਾਵਾਂ ਲਈ ਘੱਟ ਰਕਮ ਅਲਾਟ ਕੀਤੇ ਜਾਣ ਦੀ ਆਈ ਡੀ ਪੀ ਡੀ ਵੱਲੋਂ ਨਿੰਦਾ

ਲੁਧਿਆਣਾ (ਐੱਮ ਐੱਸ ਭਾਟੀਆ)-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਨੇ ਅੱਜ ਪੇਸ਼ ਕੀਤੇ ਰਾਜ ਦੇ ਬਜਟ ਵਿੱਚ ਸਿਹਤ ਲਈ ਬਹੁਤ ਘੱਟ ਸਿਰਫ 5264 ਕਰੋੜ ਹੀ ਰੱਖੇ ਗਏ ਹਨ, ਜੋ ਕਿ 204918 ਕਰੋੜ ਦੇ ਕੁੱਲ ਬਜਟ ਦਾ ਸਿਰਫ 2.56% ਹੈ ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਇਹ ਸਿਹਤ ਲਈ 10% ਅਲਾਟਮੈਂਟ ਦੀ ਲੋੜ ਦੇ ਵਿਰੁੱਧ ਹੈ, ਜੇਕਰ ਰਾਜ ਦੇ ਸਾਰੇ ਲੋਕਾਂ ਲਈ ਗੁਣਵੱਤਕ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣਾ ਹੈ। ਇੱਥੇ ਇਹ ਵੀ ਨੋਟ ਕੀਤਾ ਗਿਆ ਕਿ ਪੰਜਾਬ ਵਿੱਚ ਸਿਹਤ 'ਤੇ ਲੋਕਾਂ ਨੂੰ ਬਾਕੀ ਦੇਸ਼ ਦੇ ਮੁਕਾਬਲੇ ਆਪਣੀ ਜੇਬ ਤੋਂ ਖਰਚਾ ਬਹੁਤ ਅਧਿਕ ਕਰਨਾ ਪੈਂਦਾ ਹੈ। ਨਤੀਜੇ ਵਜੋਂ ਕੇਰਲਾ ਤੇ ਤਾਮਿਲਨਾਡੂ ਵਰਗੇ ਰਾਜਾਂ ਦੇ ਮੁਕਾਬਲੇ ਸਾਡੇ ਸਿਹਤ ਸੂਚਕਾਂਕ ਬਹੁਤ ਘੱਟ ਹਨ। ਇਸ ਨੂੰ ਬਦਲਣਾ ਪਵੇਗਾ ਤੇ ਸਿਹਤ ਬਜਟ 'ਤੇ ਨਜ਼ਰਸਾਨੀ ਕਰਕੇ ਬਜਟ ਨੂੰ ਵਧਾਉਣਾ ਚਾਹੀਦਾ ਹੈ। ਇਹ ਬਿਆਨ ਡਾਕਟਰ ਅਰੁਣ ਮਿੱਤਰਾ ਪ੍ਰਧਾਨ ਤੇ ਡਾਕਟਰ ਇੰਦਰਵੀਰ ਸਿੰਘ ਗਿੱਲ ਮੈਂਬਰ ਕੌਮੀ ਕੌਂਸਲ ਆਈ ਡੀ ਪੀ ਡੀ ਨੇ ਜਾਰੀ ਕੀਤਾ।

ਬਲਾਤਕਾਰ ਦੇ ਦੋਸ਼ 'ਚ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਇੱਕ ਵਿਆਹੁਤਾ ਲੜਕੀ ਨਾਲ ਬਲਤਾਕਾਰ ਕਰਨ ਦੇ ਦੋਸ਼ਾਂ ਤਹਿਤ ਥਾਣਾ ਬਸੀ ਪਠਾਣਾਂ ਦੀ ਪੁਲਸ ਵੱਲੋਂ ਇੱਕ ਵਿਅਕਤੀ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕਥਿਤ ਪੀੜਤਾ ਦੀ ਭੈਣ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਬੀਤੀ 26 ਫਰਵਰੀ ਨੂੰ ਉਸ ਦੀ ਛੋਟੀ ਭੈਣ ਜੋ ਕਿ ਸ਼ਾਦੀ-ਸ਼ੁਦਾ ਹੈ, ਦਾ ਉਸ ਨੂੰ ਫੋਨ ਆਇਆ ਜੋ ਕਿ ਕਾਫੀ ਡਰੀ ਹੋਈ ਲੱਗ ਰਹੀ ਸੀ, ਜਿਸ ਨੇ ਪੁੱਛੇ ਜਾਣ 'ਤੇ ਉਸ ਨੂੰ

page-6-6-March.-2024.qxd 3/5/2024 10:59 PM Page 1

ਸੰਧੂ ਪ੍ਰੈੱਸ ਗਰੁੱਪ ਪੱਟੀ ਦੇ ਮੁੜ ਪ੍ਰਧਾਨ ਨਿਯੁਕਤ

ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਪ੍ਰੈੱਸ ਗਰੁੱਪ ਪੱਟੀ ਦੇ ਸਮੂਹ ਪੱਤਰਕਾਰਾਂ ਦੀ ਵਿਸ਼ੇਸ਼ ਮੀਟਿੰਗ ਹਰੀਕੇ ਪੱਤਣ ਵਿਖੇ ਹੋਈ ਜਿਸ ਦੀ ਅਗਵਾਈ ਅਵਤਾਰ ਸਿੰਘ ਖਹਿਰਾ ਨੇ ਕੀਤੀ।ਇਸ ਮੌਕੇ ਪੱਤਰਕਾਰਾਂ ਨੂੰ ਆਉਂਦੀਆਂ ਦਰਪੇਸ਼ ਸਮੱਸਿਆਵਾਂ, ਚਲੰਤ ਮਾਮਲਿਆਂ ਤੇ ਸਿਆਸੀ ਗਤੀਵਿਧੀਆਂ 'ਤੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ।ਇਸ ਤੋਂ ਬਾਅਦ ਗਰੁੱਪ ਦੀ ਨਵੀਂ ਅਹੁਦੇਦਾਰੀ ਵਿੱਚ ਸਪਰਸਤ ਅਵਤਾਰ ਸਿੰਘ ਖਹਿਰਾ ਨੇ ਬਲਦੇਵ ਸਿੰਘ ਸੰਧੂ ਨੂੰ ਮੁੜ ਪ੍ਰਧਾਨ ਬਣਾਏ ਜਾਣ ਦੀ ਸਹਿਮਤੀ 'ਤੇ ਮੋਹਰ ਲਗਾਈ।ਪੱਤਰਕਾਰ ਸਾਥੀਆਂ ਨੂੰ ਵਿਸ਼ਵਾਸ ਦਿਵਾਉਂਦਿਆਂ ਬਲਦੇਵ ਸਿੰਘ ਸੰਧੂ ਨੇ ਕਿਹਾ ਕਿ ਸਾਨੂੰ ਮਾਣ ਹੈ ਕਿ ਪ੍ਰੈੱਸ ਗਰੁੱਪ ਦੇ ਸਾਰੇ ਸਾਥੀਆਂ ਨੇ ਪੀਲੀ ਪੱਤਰਕਾਰੀ ਦੀ ਬਜਾਏ ਹਮੇਸ਼ਾ ਲੋਕ ਆਵਾਜ਼ ਬਣਨ ਨੂੰ ਤਰਜੀਹ ਦਿੱਤੀ।ਉਨ੍ਹਾਂ ਕਿਹਾ ਕਿ ਪ੍ਰੈੱਸ ਗਰੁੱਪ ਪੱਟੀ ਨੇ ਹਮੇਸ਼ਾ ਸੰਘਰਸ਼ਸ਼ੀਲ ਪੱਤਰਕਾਰੀ ਦਾ ਰਾਹ ਚੁਣਦਿਆਂ ਲੋਕ ਮਸਲੇ ਹੱਲ ਕਰਾਉਣ ਲਈ ਵੱਡੇ ਹੰਭਲੇ ਮਾਰੇ ਜੋ ਪੱਤਰਕਾਰੀ ਦੇ ਖੇਤਰ ਵਿੱਚ ਲਾਮਿਸਾਲ ਹੋ ਨਿੱਬੜੇ ।ਇਸ ਮੌਕੇ ਬਲਦੇਵ ਸਿੰਘ ਨੂੰ ਵਧਾਈਆਂ ਦੇਣ ਵਾਲਿਆਂ ਵਿੱਚ ਬੇਅੰਤ ਸਿੰਘ ਸੰਧੂ, ਕਿਰਪਾਲ ਸਿੰਘ ਰੰਧਾਵਾ, ਅਵਤਾਰ ਸਿੰਘ ਢਿੱਲੋਂ, ਸਾਹਿਬ ਸਿੰਘ ਸੰਧੂ, ਲਵਦੀਪ ਦੇਵਗਨ, ਹਰਜੀਤ ਸਿੰਘ ਹਰੀਕੇ, ਪਵਨ ਕੁਮਾਰ, ਹਰਭਜਨ ਸਿੰਘ, ਹਰਮਨਦੀਪ ਸਿੰਘ ਬੁਰਜ ਦੇਵਾ ਸਿੰਘ, ਜਤਿੰਦਰ ਸਿੰਘ ਬਾਵਾ ਸ੍ਰੀ ਗੋਇੰਦਵਾਲ ਸਾਹਿਬ, ਕਮਲਦੀਪ ਕੌਰ ਮੱਖੂ, ਜਗਵੰਤ ਸਿੰਘ ਮੱਲ੍ਹੀ, ਵਿਸ਼ਾਲ ਕਟਾਰੀਆ, ਰਿਪਲ ਗੋਲਣ, ਸ਼ਮਸ਼ੇਰ ਸਿੰਘ ਯੋਧਾ, ਸੰਦੀਪ ਸਿੰਘ ਮਿੱਠੂ, ਜਸਬੀਰ ਸਿੰਘ ਦੁਬਲੀ ਆਦਿ ਤੋਂ ਇਲਾਵਾ ਜ਼ਿਲ੍ਹੇ ਭਰ ਤੋਂ ਵੱਡੀ ਗਿਣਤੀ 'ਚ ਪੱਤਰਕਾਰ ਹਾਜ਼ਰ ਸਨ ।

ਸਰਕਾਰੀ ਸਕੂਲਾਂ 'ਚ ਬੱਚਿਆਂ ਦੀ ਗਿਣਤੀ ਵਧਾਉਣ ਲਈ ਵਿਸ਼ੇਸ਼ ਰੈਲੀਆਂ ਕੱਢਾਂਗੇ-ਪ੍ਰਿੰ. ਰੰਧਾਵਾ

ਅਜਨਾਲਾ, (ਸੁਖਰਿੰਦਰ ਸਿੰਘ ਰਾਜੂ)-ਬਲਾਕ ਅਜਨਾਲਾ 1 ਅਤੇ 2 ਅਧੀਨ ਪੈਂਦੇ ਸਕੂਲਾਂ ਦੇ ਮੁਖੀਆਂ ਦੀ ਅਹਿਮ ਮੀਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਛੋਆ ਵਿਖੇ ਹੋਈ ਜਿਸ ਵਿੱਚ ਦੋਵਾਂ ਬਲਾਕਾਂ ਅਧੀਨ ਪੈਂਦੇ ਸਕੂਲਾਂ ਦੇ ਮੁੱਖ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਨੋਡਲ ਅਫਸਰ ਅਜਨਾਲਾ ਪ੍ਰਿੰ. ਰੁਪਿੰਦਰ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਅੰਦਰ ਤਜਰਬੇਕਾਰ ਅਧਿਆਪਕ ਨਿੱਜੀ ਸਕੂਲਾਂ ਦੇ ਮੁਕਾਬਲੇ ਵਧੀਆ ਸਿੱਖਿਆ ਦੇ ਰਹੇ ਹਨ ਅਤੇ ਸਰਕਾਰੀ ਸਕੂਲਾਂ ਅੰਦਰ ਸਰਕਾਰ ਵੱਲੋਂ ਵਜ਼ੀਫਾ, ਵਰਦੀਆਂ, ਕਿਤਾਬਾਂ ਸਮੇਤ ਹੋਰ ਸਹੂਲਤਾਂ ਦੇ ਕੇ ਮੁਫਤ ਵਿੰਦਿਆ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸਹੂਲਤਾਂ ਤੋਂ ਬੱਚਿਆਂ ਦੇ ਮਾਪਿਆਂ ਨੂੰ ਜਾਗਰੂਕ ਕਰਕੇ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦਾ ਦਾਖਲਾ ਕਰਨ ਲਈ ਸਮੂਹ ਅਧਿਆਪਕ ਅੱਗੇ ਆ ਕੇ ਆਮ ਲੋਕਾਂ ਦੇ ਨਾਲ ਰਾਬਤਾ ਕਰਨ ।ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਦਿਨਾਂ ਦੌਰਾਨ ਹਰ ਸਕੂਲ ਵੱਲੋਂ ਲੋਕਾਂ ਨੂੰ ਜਾਗਰੂਕ ਕਰਨ ਲਈ ਜਾਗਰੂਕਤਾ ਰੈਲੀ ਵੀ ਕੱਢੀ ਜਾਵੇਗੀ ਤਾਂ ਜੋ ਸਰਕਾਰ ਵੱਲੋਂ ਮਿਲਦੀਆਂ ਸਹੂਲਤਾਂ ਪ੍ਰਤੀ ਲੋਕਾਂ ਨੂੰ ਦੱਸਿਆ ਜਾ ਸਕੇ।ਇਸ ਮੌਕੇ ਬਲਾਕ ਨੋਡਲ ਅਫਸਰ ਅਜਨਾਲਾ-1 ਪ੍ਰਿੰ. ਗੁਰਪੁਰਕਾਸ਼ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹੋਰਨਾ ਤੋਂ ਇਲਾਵਾ ਕਾਰਜਕਾਰੀ ਮੁੱਖ ਅਧਿਆਪਕ ਆਤਮਜੀਤ ਸਿੰਘ, ਜਗਦੇਵ ਖੁਰਦ, ਇੰਦਰਜੀਤ ਸਿੰਘ ਤੇੜਾ, ਸਵਰਨਜੀਤ ਸਿੰਘ ਗੱਗੋਮਾਹਲ, ਰਵੀਦੀਪ ਸਿੰਘ ਥੋਬਾ, ਸਰਬਜੀਤ ਕੌਰ ਮਲਕਪੁਰ ਆਦਿ ਸਕੂਲ ਮੁਖੀ ਹਾਜ਼ਰ ਸਨ।

ਸਤਵਿੰਦਰ ਸਿੰਘ ਪਦ-ਉੱਨਤ ਹੋ ਕੇ ਕਾਨੂੰਗੋ ਬਣੇ

ਕਾਹਨੂੰਵਾਨ, (ਯਾਦਵਿੰਦਰ ਸਿੰਘ ਮਲਹੋਤਰਾ)-ਸਥਾਨਕ ਸਬ ਤਹਿਸੀਲ ਵਿਖੇ ਤਾਇਨਾਤ ਪਟਵਾਰੀ ਸਤਵਿੰਦਰ ਸਿੰਘ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਪਟਵਾਰੀ ਸਤਵਿੰਦਰ ਸਿੰਘ ਨੂੰ ਪਦ-ਉਨਤ ਕਰਕੇ ਪਟਵਾਰੀ ਤੋਂ ਕਾਨੂੰਨਗੋ ਬਣਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਾਇਬ ਤਹਿਸੀਲਦਾਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸਤਵਿੰਦਰ ਸਿੰਘ ਇੱਕ ਮਿਹਨਤੀ ਅਤੇ ਮਾਲ ਮਹਿਕਮੇ ਦੇ ਕਾਨੂੰਨੀ ਪੱਖ ਦੀ ਡੂੰਘੀ ਜਾਣਕਾਰੀ ਰੱਖਣ ਵਾਲੇ ਮੁਲਾਜ਼ਮ ਹਨ। ਉਨ੍ਹਾਂ ਦੀਆਂ ਚੰਗੀਆਂ ਸੇਵਾਵਾਂ ਨੂੰ ਦੇਖਦੇ ਹੋਏ ਕਾਨੂੰਗੋ ਹਲਕਾ ਕੋਟ ਟੋਡਰ ਮੱਲ ਲਈ ਪਟਵਾਰੀ ਤੋਂ ਪਦ ਉੱਨਤ ਕਰ ਕੇ ਕਾਨੂੰਗੋ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਐਡਵੋਕੇਟ ਬਲਜਿੰਦਰ ਸਿੰਘ, ਜਸਵਿੰਦਰ ਸਿੰਘ ਜੱਜ, ਪਟਵਾਰੀ ਮਨਜੀਤ ਸਿੰਘ, ਵਰਿਆਮ ਸਿੰਘ, ਸਵਿੰਦਰ ਸਿੰਘ, ਰਣਜੀਤ ਸਿੰਘ ਅਤੇ ਰਜਿੰਦਰ ਸਿੰਘ ਆਦਿ ਹਾਜ਼ਰ ਸਨ।

ਬੰਧਨ ਬੈਂਕ ਵੱਲੋਂ ਐੱਫਡੀ/ਐੱਸਏ 'ਤੇ ਬਿਹਤਰੀਨ ਦਰਾਂ ਦੀ ਪੇਸ਼ਕਸ਼

ਚੰਡੀਗੜ੍ਹ : ਦੇਸ਼ ਦੇ ਪ੍ਰਮੁੱਖ ਯੂਨੀਵਰਸਲ ਬੈਂਕਾਂ ਵਿੱਚੋਂ ਇੱਕ ਬੰਧਨ ਬੈਂਕ ਨੇ ਐਲਾਨ ਕੀਤਾ ਹੈ ਕਿ ਉਹ ਬੈਂਕਿੰਗ ਉਦਯੋਗ ਵਿੱਚ ਸਭ ਤੋਂ ਵਧੀਆ ਐੱਫਡੀ ਵਿਆਜ ਦਰਾਂ ਦੀ ਪੇਸ਼ਕਸ਼ ਕਰ ਰਿਹਾ ਹੈ।ਬੈਂਕ ਸੀਨੀਅਰ ਨਾਗਰਿਕਾਂ ਨੂੰ 500 ਦਿਨਾਂ ਦੀ ਮਿਆਦ ਲਈ ਫਿਕਸਡ ਡਿਪਾਜ਼ਿਟ 'ਤੇ 8.35% ਦੀ ਸਭ ਤੋਂ ਉੱਚੀ ਵਿਆਜ ਦਰ ਪ੍ਰਦਾਨ ਕਰ ਰਿਹਾ ਹੈ।ਉਸੇ ਐੱਫਡੀ ਕਾਰਜਕਾਲ 'ਤੇ ਗੈਰ-ਸੀਨੀਅਰ ਨਾਗਰਿਕਾਂ ਨੂੰ 7.85% ਦੀ ਵਿਆਜ ਦਰ ਮਿਲੇਗੀ।ਬੈਂਕ ਸੀਨੀਅਰ ਨਾਗਰਿਕਾਂ ਨੂੰ 5 ਸਾਲਾਂ ਦੇ ਕਾਰਜਕਾਲ ਲਈ ਟੈਕਸ ਸੇਵਰ ਫਿਕਸਡ ਡਿਪਾਜ਼ਿਟ 'ਤੇ 7.5% ਵਿਆਜ ਦਰ ਦੀ ਪੇਸ਼ਕਸ਼ ਵੀ ਕਰ ਰਿਹਾ ਹੈ।ਦੂਜੇ ਲੋਕਾਂ ਨੂੰ ਉਸੇ ਟੈਕਸ ਸੇਵਰ ਐੱਫਡੀ ਲਈ 7% ਵਿਆਜ ਦਰ ਮਿਲੇਗੀ।ਇਹ ਵਿਆਜ ਦਰ ਦੀ ਪੇਸ਼ਕਸ਼ ਸੀਮਤ ਮਿਆਦ ਲਈ ਹੈ।ਬੰਧਨ ਬੈਂਕ ਦੇ ਗਾਹਕ ਰਿਟੇਲ ਇੰਟਰਨੈੱਟ ਬੈਂਕਿੰਗ ਜਾਂ ਐਮਬੰਧਨ ਮੋਬਾਇਲ ਐਪ ਰਾਹੀਂ ਆਪਣੇ ਘਰਾਂ ਜਾਂ ਦਫਤਰਾਂ ਵਿਚ ਆਰਾਮ ਨਾਲ ਬੈਠੇ ਹੀ ਐੱਫਡੀ ਬੁੱਕ ਕਰਨ ਜਾਂ ਨਿਵੇਸ਼ ਦੇ ਲਾਭਾਂ ਦਾ ਆਨੰਦ ਲੈ ਸਕਦੇ ਹਨ

ਮੋਦੀ ਦੀ ਅਗਵਾਈ ਹੇਠ ਨਸ਼ਾ ਮੁਕਤ ਭਾਰਤ ਦਾ ਸੁਪਨਾ ਸਾਕਾਰ ਹੋ ਰਿਹਾ : ਅਮਿਤ ਸ਼ਾਹ

ਜਲੰਧਰ/ਲੁਧਿਆਣਾ : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਨਸ਼ਿਆਂ ਦੇ ਵਪਾਰ ਅਤੇ ਇਸ ਦੇ ਖਤਰੇ ਨਾਲ ਨਜਿੱਠਣ ਵਿੱਚ ਮੋਦੀ ਸਰਕਾਰ ਦੀ ਸਫਲਤਾ ਬਾਰੇ ਤਿੰਨ ਵੀਡੀਓ ਜਾਰੀ ਕੀਤੇ। ਮੋਦੀ ਸਰਕਾਰ ਦੇਸ਼ ਵਿੱਚ ਨਸ਼ਿਆਂ ਦਾ ਪਤਾ ਲਗਾਉਣ, ਨੈੱਟਵਰਕਾਂ ਨੂੰ ਨਸ਼ਟ ਕਰਨ, ਦੋਸ਼ੀਆਂ ਨੂੰ ਫੜਨ ਅਤੇ ਨਸ਼ਾ ਕਰਨ ਵਾਲਿਆਂ ਦੇ ਮੁੜ ਵਸੇਬੇ ਰਾਹੀਂ ਨਸ਼ਾ ਮੁਕਤ ਭਾਰਤ ਦੇ ਟੀਚੇ ਨੂੰ ਹਾਸਲ ਕਰਨ ਵੱਲ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਮੋਦੀ ਦੀ ਅਗਵਾਈ ਅਤੇ ਅਮਿਤ ਸ਼ਾਹ ਦੀ ਰਹਿਨੁਮਾਈ ਹੇਠ ਨਸ਼ਾ ਮੁਕਤ ਭਾਰਤ ਆਉਣ ਵਾਲੀਆਂ ਪੀੜ੍ਹੀਆਂ ਲਈ ਸਭ ਤੋਂ ਵੱਡਾ ਤੋਹਫ਼ਾ ਹੈ। ਆਜ਼ਾਦੀ ਦੇ ਸੁਨਹਿਰੀ ਦੌਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਖ਼ਤ ਪਹੁੰਚ ਅਤੇ ਕੇਂਦਰੀ ਗ੍ਰਹਿ ਮੰਤਰੀ ਦੀ ਯੋਗ ਅਗਵਾਈ ਹੇਠ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਵੱਲੋਂ ਨਸ਼ਿਆਂ ਦੇ ਕਾਰੋਬਾਰ 'ਤੇ ਲਗਾਮ ਕੱਸਣ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਕਾਰਨ ਗ੍ਰਿਫਤਾਰੀਆਂ ਅਤੇ ਨਸ਼ੀਲੇ ਪਦਾਰਥਾਂ ਦੀ ਮਾਤਰਾ 'ਚ ਵਾਧਾ ਹੋਇਆ ਹੈ।

Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਮੈਸ. ਅਮਿਤ ਟ੍ਰੇਡਰਜ਼ 87, ਮੰਡੀ ਫੈਂਟਨਗੰਜ, ਜਲੰਧਰ ਰਾਹੀਂ ਇਸ ਦੇ ਮਾਲਕ ਸ੍ਰੀ ਸੁਰਿਦਰ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਵਾਸੀ ਮਕਾਨ ਨੰ. 3625, ਗਲੀ ਨੰ. 6, ਮੈਜ਼ ਕਾਲੋਨੀ, ਵਾਰਡ ਨੰ. 64, ਨਿਊ ਸ਼ਿਮਲਾਪੁਰੀ, ਜ਼ਿਲ੍ਹਾ ਲੁਧਿਆਣਾ-141003, 2. ਸ੍ਰੀ ਸੁਰਿਦਰ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਵਾਸੀ ਮਕਾਨ ਨੰ. 3625, ਗਲੀ ਨੰ. 6, ਮੈਜ਼ ਕਾਲੋਨੀ, ਵਾਰਡ ਨੰ. 64, ਨਿਊ ਸ਼ਿਮਲਾਪੁਰੀ, ਜ਼ਿਲ੍ਹਾ ਲੁਧਿਆਣਾ-141003 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ, 3. ਵਿਜੇ ਕੁਮਾਰ ਪੁੱਤਰ ਦੁਰਗਾ ਦਾਸ ਵਾਸੀ ਮਕਾਨ ਨੰ. 880/6, ਜੈਮਲ ਨਗਰ, ਜਲੰਧਰ-1, ਜਲੰਧਰ-144009 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਓ ਡੀ ਲਿਮਟ /013400000705 'ਚ ਬਕਾਇਆ ਰਕਮ ਰੁਪਏ 13,52,125.98 ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਕੀਤੇ ਜਾਣ ਲਈ ਡਿਮਾਂਡ ਨੋਟਿਸ 18.12.2023 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾ, ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ ਲਿਮਟ/013400000705 'ਚ ਬਕਾਇਆ ਰਕਮ 13,52,125.98 ਰੁਪਏ 01.12.2023 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਿਟੀ : ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਨੰ: 19107 ਮਿਤੀ 30.11.2006 ਅਨੁਸਾਰ ਸ੍ਰੀ ਸੁਰਿਦਰ ਕੁਮਾਰ ਪੁੱਤਰ ਕ੍ਰਿਸ਼ਨ ਲਾਲ ਦੀ ਮਾਲਕੀ ਵਾਲੀ ਜਾਇਦਾਦ 100 ਵਰਗ ਗਜ਼ ਪਿੰਡ ਡਾਬਾ, ਹੱਦਬਸਤ ਨੰ. 262, ਅਬਾਦੀ ਮੈਜ਼ ਕਾਲੋਨੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਮਿਤੀ 04.03.2024, ਸਥਾਨ : ਜਲੰਧਰ ਅਧਿਕਾਰਤ ਅਫਸਰ

COURT NOTICE

(U/o 5 Rule 20 CPC)
In the Court of
Ms. Suman Pathak
Additional Civil Judge (Senior Division), Jagraon
CNR No. PBLDB0-001006-2020
Next Date : 02.05.2024
Narayan Brahmo
Vs.
Lakhvir Kaur
Publication Issued to :-
C(i) Manju W/o Narayan Brahmo
C(ii) Anju D/o Narayan Brahmo
Both R/o Village Gureh,Tehsil Jagraon, Distt. Ludhiana

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 02.05.2024 at 10:00 A.M.

For details logon to https://highcourtchd.gov.in/?trs=district notice&district=Ludhiana

Additional Civil Judge (Senior Division), Jagraon
Dated this day of 04-03-2024

COURT NOTICE

(U/o 5 Rule 20 CPC)
(Succession Case)
In the Court of Amit Malhan
Additional Civil Judge (Senior Division), Amritsar
CNR No. PBAS02-000649-2024
Next Date : 06.05.2024
Kamalpreet Anand W/o Sumit Anand D/o Late Sh. Satbir Singh Luthra, aged 37 years, R/o H. No. 8-B, Gali No. 9, Sahibzada Jujhar Singh avenue, Amritsar.
Vs.
General Public & Others

Petition u/s 372 of the Indian Succession Act for the grant of Succession Certificate in respect of the estate of deceased Satbir Singh Luthra S/o Rawel Singh who died on 28.04.2021

Notice to :- General Public

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 06.05.2024 at 10:00 A.M.

For details logon to https://highcourtchd.gov.in/?trs=district notice&district=Amritsar

Additional Civil Judge (Senior Division), Amritsar
Dated this day of 04-03-2024

PUBLIC NOTICE

Shri. R. R. Gandhi
Advocate for Applicant

IN THE COURT OF HON'BLE MEMBER MOTOR ACCIDENT CLAIMS TRIBUNAL, ALIBAG, DISTRICT RAIGAD (MAHARASHTRA STATE)
Accident Claim Case No. 11/2022

Smt. Mohini Arun Gaikwad & othrs ...Applicant
Versus
Manger Surraj Logistics (I) Pvt. Ltd. & others ...Opponents

To,
Opponent No.1, Manger Surraj Logistics (I) Pvt. Ltd., Jind Road, Sangrur, Dist-Sangrur, Pin No. 148001, PB

Whereas the above-named applicants have filed accident claim. petition No.11/2022 for the compensation of Rs. 5,00,000/- in the Court of Motor accident Claim Tribunal at Alibag, Dist- Raigad against you and others you did not remain present through summonses are duly send upon you from time to time by this Court.

You hereby given notice to appear in the Tribunal in person or by pleader duly instructed and to filed your say within 30 days from the publication of this notice. failing which the said petition will be heard in your absence and determined ex-parte.

Given today on this 5/3/2024 under my signature and seal of the court.

Court Seal

Sd/- Clark District Court Alibag-Raigad
Sd/- Superintendent District Court Alibag-Raigad

IN THE COURT OF HON'BLE MOTOR ACCIDENT CLAIMS TRIBUNAL AT NASHIK MAHARASTRA

[District Judge & Addl. Sessions Judge - Shri. J. M. Dalavi Saheb]
M.A.C.P. No. 468/2021

Dilip Kashinath Padvi & Ors.
R/o. At Post : Shivarpada
Tal.- Dindori, Dist. - Nashik
V/s.
Kulvindar Sing Chirmal Sing
R/o. Longoval, Kala Batla
Gurdaspur, Punjab - 143505

The wife of applicant No. 1 died in an accident on 25/03/2021 because of rash and negligent driving of driver of Truck Vehicle No. P.B.-06-V-0937 within the limits of Vani Police Station. Therefore he has filed a claim for compensation against owner of Container i.e. opp. No. 1 and opp. No. 2 the insurance company for Rs. 1,00,000/-.

In spite of sending notices again & again through court and also through R.P.A.D. the opp. No. 1 has failed to remain present before this Hon'b;e court. The last know address of Opp. No. 1 to the applicant is mentioned above.

Therefore you i.e. Opp. No. 1 is hereby directed to remain present before this Hon'ble court either personally or through advocate on 20/03/2024 at 10.30 a.m. otherwise the matter would be heard ex- parte.

Given by my sign & seal on 2/03/2024.

Court Seal

sd/- Clerk Dist. & Sessions Court Nashik
sd/- Suprintendent Dist. & Sessions Court Nashik

ਕਲਾਸੀਫਾਈਡ ਇਸ਼ਤਿਹਾਰ

Change of Name

I, Tajinder Singh S/o Inderjit Singh R/o Street no. 8, Ward no. 20 Kirti Nagar Hoshiarpur Punjab hereby Declare that my correct name is Tajinder Singh & my father's correct name is Inderjit Singh. Concerned note. (R)

I, Rahul S/o Inderjeet Sharma R/o VPO Ghorewaha, Distt. Hoshiarpur Punjab have changed my name from Rahul to Rahul Sharma. Concerned note. (Hitesh)

I, Inderjit S/o Rajinder Pal Sharma R/o VPO Ghorewaha, Distt. Hoshiarpur Punjab have changed my name from Inderjit to Inderjeet Sharma. Concerned note. (Hitesh)

I, Savita W/o Inderjeet Sharma R/o VPO Ghorewaha, Distt. Hoshiarpur Punjab have changed my name from Savita to Savita Sharma. Concerned note. (Hitesh)

I Preeti D/O Des Raj R/O Manav Nagar, Satnampura Phagwara Distt. Kapurthala have changed my name from Preeti to Preeti Rani

I, Balvinder Kaur D/o Santokh Singh W/o Gurwinder Singh R/o VPO Sohal Distt Gurdaspur have changed my name from Balvinder Kaur to Balwinder Kaur. Concerned note.

I, Ritu w/o Ajit Kumar R/o H. No. B-24/131, Shakti Nagar, Circular Road, Kapurthala, Punjab, India have changed my name from Ritu Sahnan to Ritu for all purposes. All concerned may please note.

6-MAR-PAGE-7.qxd 3/5/2024 10:29 PM Page 1

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਵਲੰਟੀਅਰ ਟ੍ਰੇਨਿੰਗ ਕੈਂਪ

ਫਾਜ਼ਿਲਕਾ (ਕ੍ਰਿਸ਼ਨ ਸਿੰਘ)

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਫਾਜ਼ਿਲਕਾ ਦੇ ਨੇੜੇ ਪਿੰਡ ਘੜੂਮੀ ਵਿਖੇ ਬਨੇਗਾ ਵਲੰਟੀਅਰ ਟ੍ਰੇਨਿੰਗ ਕੈਂਪ ਲਾਇਆ ਗਿਆ, ਜਿਸ ਦੀ ਅਗਵਾਈ ਜ਼ਿਲ੍ਹਾ ਸਕੱਤਰ ਸੁਬੇਗ ਸਿੰਘ ਝੰਗੜ ਭੈਣੀ, ਗੁਰਦਿਆਲ ਸਿੰਘ ਤੇ ਕੁਲਦੀਪ ਸਿੰਘ ਬਖੂਸ਼ਾਹ ਨੇ ਕੀਤੀ।ਇਸ ਟ੍ਰੇਨਿੰਗ ਕੈਂਪ ਵਿੱਚ ਸਰਬ ਭਾਰਤ ਨੌਜਵਾਨ ਸਭਾ ਬਰਾਂਚ ਘੜੂਮੀ ਦੇ ਨੌਜਵਾਨਾਂ, ਵਿਦਿਆਰਥੀਆਂ ਤੇ ਪਿੰਡ ਦੇ ਆਮ ਲੋਕਾਂ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਟ੍ਰੇਨਿੰਗ ਕੈਂਪ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਇਸ ਮੌਕੇ ਨੌਜਵਾਨਾਂ ਨੂੰ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਦੀ ਪ੍ਰਾਪਤੀ ਕਰਨ ਸਬੰਧੀ ਟ੍ਰੇਨਿੰਗ ਦਿੰਦਿਆਂ ਸਾਥੀ ਚਰਨਜੀਤ ਛਾਂਗਾ ਰਾਏ ਨੇ ਕਿਹਾ ਕਿ ਜਿਸ ਤੇਦਾਦ ਨਾਲ ਅੱਜ ਪੰਜਾਬ ਤੇ ਦੇਸ਼ ਵਿੱਚ ਬੇਰੁਜ਼ਗਾਰੀ ਛਲਾਂਗ ਮਾਰ ਕੇ ਵੱਧ ਰਹੀ ਹੈ।ਇਸ ਨੂੰ ਰੋਕਣ ਲਈ ਦੇਸ਼ ਦੀ ਪਾਰਲੀਮੈਂਟ ਵਿੱਚ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦਾ ਪਾਸ ਹੋ ਕੇ ਲਾਗੂ ਹੋਣਾ ਬੇਹੱਦ ਜ਼ਰੂਰੀ ਹੈ।ਬਨੇਗਾ ਕਾਨੂੰਨ ਹੀ ਹੈ, ਜਿਹੜਾ ਦੇਸ਼ ਦੇ ਹਰ ਇੱਕ ਨੌਜਵਾਨ ਨੂੰ ਉਸ ਦੀ ਯੋਗਤਾ ਮੁਤਾਬਕ ਅਣ-ਸਿੱਖਿਅਤ ਨੂੰ 30 ਹਜ਼ਾਰ ਰੁਪਏ ਅਰਧ ਸਿੱਖਿਅਤ ਨੂੰ 35 ਹਜ਼ਾਰ ਸਿੱਖਿਅਤ ਨੂੰ 45 ਤੇ ਉੱਚ ਸਿੱਖਿਅਤ ਨੂੰ 60 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਤੇ ਕੰਮ ਨਾ ਦੇਣ ਦੀ ਸੂਰਤ ਵਿੱਚ ਉਕਤ ਤਨਖਾਹ ਦਾ ਅੱਧ ਕੰਮ ਇੰਤਜ਼ਾਰ ਪੱਤਾ ਦੇਣ ਦੀ ਗਰੰਟੀ ਕਰਦਾ ਹੈ।ਉਨ੍ਹਾਂ ਨੌਜਵਾਨਾਂ ਨੂੰ ਸਿਖਲਾਈ ਦਿੰਦਿਆਂ ਕਿਹਾ ਕਿ ਕਿਸ ਤਰ੍ਹਾਂ ਦੇਸ਼ ਵਿੱਚ ਇੱਕ ਪਾਸੇ ਦੌਲਤ ਦੇ ਅੰਬਾਰ ਲੱਗ ਰਹੇ ਹਨ, ਪਰ ਦੂਜੇ ਪਾਸੇ ਦੇਸ਼ 90% ਵਸੋਂ ਨਰ੍ਹਾਣੀ ਆਮਦਨ ਨਾਲ ਆਪਣੇ ਦਿਨ ਕੱਟੀ ਕਰਨ ਲਈ ਮਜਬੂਰ ਹੈ।ਹਰ ਇੱਕ ਮਨੁੱਖ ਤੇ ਪਰਿਵਾਰ ਦੀ ਆਮਦਨ ਵਧਾਉਣ ਲਈ ਇਹ ਜ਼ਰੂਰੀ ਬਣ ਜਾਂਦਾ ਹੈ ਕਿ ਹਰ ਇੱਕ ਮਨੁੱਖ ਨੂੰ ਉਸ ਦੀ ਯੋਗਤਾ ਮੁਤਾਬਕ ਕੰਮ ਦਿੱਤਾ ਜਾਵੇ ਤੇ ਉਸ ਦੇ ਕੰਮ ਮੁਤਾਬਿਕ ਤਨਖਾਹ ਦੀ ਗਰੰਟੀ ਹੋਵੇ। ਉਨ੍ਹਾਂ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੀ ਪ੍ਰਾਪਤੀ ਲਈ ਚਲਾਈ ਗਈ ਮੁਹਿੰਮ ਵਿੱਚ ਹਜ਼ਾਰਾਂ ਨੌਜਵਾਨ ਤੇ ਵਿਦਿਆਰਥੀ ਵਲੰਟੀਅਰ ਬਣ ਕੇ ਸ਼ਾਮਲ ਹੋ ਰਹੇ ਹਨ ਤਾਂ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚੋਂ ਜਲਦੀ ਪਾਸ ਕਰਵਾ ਕੇ ਲਾਗੂ ਕਰਵਾਇਆ ਜਾ ਸਕੇ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਵੀ ਵੱਧ ਤੋਂ ਵੱਧ ਆਪਣੇ ਯਾਰਾਂ ਦੋਸਤਾਂ ਤੇ ਰਿਸ਼ਤੇਦਾਰ ਨੌਜਵਾਨਾਂ ਨੂੰ ਇਸ ਮੁਹਿੰਮ ਦੇ ਵਲੰਟੀਅਰ ਬਣਾਉਣ ਤਾਂ ਜੋ ਇਹ ਕਾਫਲਾ ਵੱਡਾ ਕਰਕੇ ਸੰਘਰਸ਼ ਜਿੱਤਿਆ ਜਾ ਸਕੇ।ਇਸ ਟ੍ਰੇਨਿੰਗ ਕੈਂਪ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਧਾਨ ਮਲਕੀਤ ਸਿੰਘ ਘੜੋਮੀ, ਕਰਨ ਸਿੰਘ ਪ੍ਰਧਾਨ ਸੈਦੋਕਾ ਹਿਠਾੜ, ਰਾਜਵਿੰਦਰ ਸਿੰਘ ਨੌਲਾ, ਮੰਗਾ ਸਿੰਘ ਸਕੱਤਰ ਨਵਾਂ ਹਸਤਾ, ਮਹਿੰਦਰ ਸਿੰਘ, ਸੀਮਾ ਰਾਣੀ, ਸੁਮਨ, ਸ਼ਿਮਲਾ ਰਾਣੀ ਹਾਜ਼ਰ ਸਨ।

ਕਾਰ 'ਚੋਂ ਨੌਜਵਾਨ ਦੀ ਲਾਸ਼ ਬਰਾਮਦ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਸਮਰਾਲਾ

ਰੋਡ 'ਤੇ ਸਥਿਤ ਸ਼ਿਵਾ ਪੈਲੇਸ ਨੇੜੇ ਇੱਕ ਸੁੰਨਸਾਨ ਥਾਂ ਤੋਂ ਨੌਜਵਾਨ ਦੀ ਕਾਰ ਵਿੱਚ ਲਾਸ਼ ਮਿਲੀ, ਜਿਸ ਦੀ ਬਾਅਦ ਵਿੱਚ ਪਹਿਚਾਣ ਯਾਦਵਿੰਦਰ ਸਿੰਘ (25) ਵਾਸੀ ਉਟਾਲਾਂ ਵਜੋਂ ਹੋਈ ਹੈ, ਜੋ ਮਾਪਿਆਂ ਦਾ ਇਕਲੌਤਾ ਪੁੱਤ ਸੀ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਮਾਛੀਵਾੜਾ ਪੁਲਸ ਨੂੰ ਕਿਸੇ ਨੇ ਸੂਚਨਾ ਦਿੱਤੀ ਕਿ ਇੱਕ ਨੌਜਵਾਨ ਕਾਰ ਵਿੱਚ ਡਿੱਗਿਆ ਪਿਆ ਹੈ, ਜਿਸ 'ਤੇ ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਮੌਕੇ 'ਤੇ ਪੁੱਜੇ ਤੇ ਉਨ੍ਹਾਂ ਜਾ ਕੇ ਦੇਖਿਆ ਤਾਂ ਨੌਜਵਾਨ ਮ੍ਰਿਤਕ ਪਾਇਆ ਗਿਆ। ਕਾਰ 'ਚੋਂ ਮਿਲੇ ਦਸਤਾਵੇਜ਼ਾਂ ਦੇ ਅਧਾਰ ਤੇ ਉਸ ਕੋਲੋਂ ਮਿਲੇ ਮੋਬਾਇਲ ਤੋਂ ਪਹਿਚਾਣ ਹੋਈ ਕਿ ਇਹ ਨੌਜਵਾਨ ਪਿੰਡ ਉਟਾਲਾਂ ਦੇ ਵਾਸੀ ਮੱਘਰ ਸਿੰਘ ਦਾ ਪੁੱਤਰ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹ ਅੱਜ ਕਰੀਬ 12 ਵਜੇ ਘਰੋਂ ਕਾਰ ਲੈ ਕੇ ਨਿਕਲਿਆ ਸੀ ਤੇ ਉਸ ਤੋਂ ਬਾਅਦ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਉਨ੍ਹਾਂ ਦਾ ਪੁੱਤਰ ਮਾਛੀਵਾੜਾ ਨੇੜੇ ਮ੍ਰਿਤਕ ਹਾਲਤ ਵਿੱਚ ਪਿਆ ਹੈ। ਮਾਂ ਵੱਲੋਂ ਆਪਣੇ ਇਕਲੌਤੇ ਪੁੱਤਰ ਨੂੰ ਵਾਰ-ਵਾਰ ਫੋਨ ਵੀ ਕੀਤਾ ਜਾ ਰਿਹਾ ਸੀ, ਪਰ ਉਸ ਨੇ ਨਾ ਚੁੱਕਿਆ ਤੇ ਅਖੀਰ ਮਾਪਿਆਂ ਨੂੰ ਉਸ ਦੀ ਮੌਤ ਦੀ ਖ਼ਬਰ ਹੀ ਮਿਲੀ। ਯਾਦਵਿੰਦਰ ਦੀ ਮੌਤ ਕਾਰਨ ਜਿੱਥੇ ਉਸ ਦੇ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ, ਉੱਥੇ ਇਲਾਕੇ ਵਿਚ ਵੀ ਸੋਗ ਦੀ ਲਹਿਰ ਹੈ। ਮੁੱਢਲੀ ਜਾਂਚ ਦੌਰਾਨ ਸ਼ੰਕਾ ਜਾਹਰ ਕੀਤੀ ਜਾ ਰਹੀ ਹੈ ਕਿ ਨੌਜਵਾਨ ਦੀ ਮੌਤ ਹਾਰਟ ਅਟੈਕ ਜਾਂ ਕੋਈ ਹੋਰ ਕਾਰਨਾਂ ਕਰਕੇ ਹੋਈ ਹੈ, ਪਰ ਪੁਲਸ ਅਨੁਸਾਰ ਪੋਸਟ ਮਾਰਟਮ ਦੀ ਰਿਪੋਰਟ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ।

ਸੋਸ਼ਲ ਵੈੱਲਫੇਅਰ ਕੌਂਸਲ ਦੇ ਮਨੁੱਖਤਾ ਦੀ ਭਲਾਈ ਵਾਲੇ ਕਾਰਜ ਪ੍ਰਸੰਸਾਯੋਗ : ਸੰਧਵਾਂ

■ ਲੋੜਵੰਦ ਲੜਕੀਆਂ ਦੇ ਵਿਆਹ ਸਮਾਰੋਹ ਲਈ ਇੱਕ ਲੱਖ ਦਾ ਚੈੱਕ ਭੇਟ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)

ਕੋਟਕਪੂਰਾ ਸੋਸ਼ਲ ਵੈੱਲਫੇਅਰ ਕੌਂਸਲ ਵੱਲੋਂ ਪਿਛਲੇ ਕਰੀਬ 3 ਦਹਾਕਿਆਂ ਤੋਂ ਗਰੀਬ ਤੇ ਜ਼ਰੂਰਤਮੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮਾਰੋਹਾਂ ਵਿੱਚ ਯੋਗਦਾਨ ਪਾਉਣ ਬਦਲੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਵੱਲੋਂ ਸੰਸਥਾ ਦੇ ਪ੍ਰਧਾਨ ਮਨਮੋਹਨ ਸ਼ਰਮਾ ਤੇ ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੂੰ ਇੱਕ ਲੱਖ ਰੁਪਏ ਦਾ ਚੈੱਕ ਸੌਂਪਦਿਆਂ ਸੰਸਥਾ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ। ਇਸ ਮੌਕੇ ਸੰਸਥਾ ਦੇ ਸਰਗਰਮ ਮੈਂਬਰ ਨੱਥੂ ਰਾਮ ਪਰਜਾਪਤ ਸਮੇਤ ਹੋਰ ਵੀ ਅਨੇਕਾਂ ਪਤਵੰਤੇ ਹਾਜ਼ਰ ਸਨ। ਮਨਮੋਹਨ ਸ਼ਰਮਾ ਨੇ ਸਪੀਕਰ ਸੰਧਵਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪਿਛਲੇ ਕਰੀਬ 28 ਸਾਲਾਂ ਤੋਂ ਸੰਸਥਾ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮਾਰੋਹਾਂ ਦਾ ਬਕਾਇਦਾ ਪ੍ਰਬੰਧ ਕੀਤਾ ਜਾ ਰਿਹਾ ਹੈ ਤੇ ਕੋਵਿਡ ਤੋਂ ਪਹਿਲਾਂ ਕਈ ਵਾਰ 51, 61 ਤੇ 71-71 ਲੜਕੀਆਂ ਦੇ ਆਨੰਦ ਕਾਰਜ ਸਫਲਤਾਪੂਰਵਕ ਨੇਪਰੇ ਚੜਾ ਕੇ ਉਨ੍ਹਾਂ ਨੂੰ ਨਿੱਤ ਵਰਤੋਂ ਵਾਲਾ ਹਰ ਤਰ੍ਹਾਂ ਦਾ ਸਾਮਾਨ ਦਾਜ ਦੇ ਰੂਪ ਵਿੱਚ ਦਿੱਤਾ ਗਿਆ, ਹਰ ਵਾਰ ਬਰਾਤੀਆਂ ਤੇ ਵਿਆਂਦੜ ਲੜਕੀਆਂ ਦੇ ਰਿਸ਼ਤੇਦਾਰਾਂ ਦਾ ਸ਼ਾਨਦਾਰ ਸੁਆਗਤ ਤੇ ਖਾਣ-ਪੀਣ ਦੇ ਵਧੀਆ ਸਾਮਾਨ ਦਾ ਪ੍ਰਬੰਧ ਵੀ ਕੀਤਾ ਗਿਆ।

ਮਨਮੋਹਨ ਸ਼ਰਮਾ ਨੇ ਦੱਸਿਆ ਕਿ ਪਿਛਲੇ ਸਾਲ ਸਪੀਕਰ ਸੰਧਵਾਂ ਵੱਲੋਂ ਇੱਕ ਲੱਖ ਰੁਪਏ ਦੀ ਐਲਾਨੀ ਗਈ ਰਾਸ਼ੀ ਦਾ ਜਦੋਂ ਚੈੱਕ ਉਨ੍ਹਾਂ ਦੇ ਭਰਾ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਸੌਂਪਣ ਲਈ ਆਏ ਸਨ ਤਾਂ ਉਨ੍ਹਾਂ ਆਖਿਆ ਸੀ ਕਿ ਸਪੀਕਰ ਸੰਧਵਾਂ ਵੱਲੋਂ ਕਿਸੇ ਵੀ ਆਪਣੇ ਜਾਂ ਬੇਗਾਨੇ ਨੂੰ ਲਾਰਾ ਨਹੀਂ ਲਾਇਆ ਜਾਂਦਾ, ਉਹ ਜੋ ਕੁਝ ਕਹਿੰਦੇ ਹਨ, ਉਸ 'ਤੇ 100 ਫੀਸਦੀ ਪੂਰੇ ਉੱਤਰਦੇ ਹਨ। ਐਡਵੋਕੇਟ ਸੰਧਵਾਂ ਨੇ ਇਹ ਗੱਲ ਸੈਂਕੜੇ ਲੋਕਾਂ ਦੇ ਇਕੱਠ 'ਚ ਵਿਆਹ ਸਮਾਰੋਹ ਮੌਕੇ ਸਟੇਜ ਉਪਰੋਂ ਵੀ ਦੁਹਰਾਈ ਸੀ, ਜਿਸ ਦੀ ਕੋਟਕਪੂਰਾ ਸੋਸ਼ਲ ਵੈੱਲਫੇਅਰ ਕੌਂਸਲ ਦੀ ਸਮੁੱਚੀ ਟੀਮ ਵੱਲੋਂ ਵੀ ਪ੍ਰਸੰਸਾ ਕੀਤੀ ਗਈ ਸੀ।

ਸਪੀਕਰ ਸੰਧਵਾਂ ਨੇ ਵਿਸ਼ਵਾਸ ਦਿਵਾਇਆ ਕਿ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਕਰਨ ਵਾਲੀਆਂ ਸੰਸਥਾਵਾਂ ਤੇ ਜਥੇਬੰਦੀਆਂ ਨੂੰ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਅਮਨਦੀਪ ਸਿੰਘ ਸੰਧੂ, ਦੀਪਕ ਮੌਂਗਾ, ਹਰਵਿੰਦਰ ਸਿੰਘ ਮਰਵਾਹਾ ਸਮੇਤ ਹੋਰ ਅਨੇਕਾਂ ਸ਼ਖਸੀਅਤਾਂ ਤੇ 'ਆਪ' ਆਗੂ ਹਾਜ਼ਰ ਸਨ।

ਕਾਤਰਾਂ

ਸ੍ਰੀ ਰਾਮ ਕਾਲਜ ਡੱਲਾ ਦਾ ਬੀ ਕਾਮ ਪਹਿਲਾ ਦਾ ਨਤੀਜਾ ਸ਼ਾਨਦਾਰ

ਹਠੂਰ (ਨਛੱਤਰ ਸੰਧੂ)-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚੋਂ ਸ੍ਰੀ ਰਾਮ ਕਾਲਜ ਡੱਲਾ ਦਾ ਬੀ ਕਾਮ ਭਾਗ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਸੂਬੇਦਾਰ ਦੇਵੀ ਚੰਦ ਸ਼ਰਮਾ ਨੇ ਦੱਸਿਆ ਕਿ ਅਰਮਾਨ ਕੌਰ ਨੇ 71.87 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਗਗਨਪ੍ਰੀਤ ਕੌਰ ਨੇ 71.09 ਫੀਸਦੀ ਅੰਕ ਪ੍ਰਾਪਤ ਕਰਕੇ ਦੂਸਰਾ, ਜੀਵਨਜੋਤ ਕੌਰ ਨੇ 67.5 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੀ ਪ੍ਰਿੰ: ਸਤਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਮੁੱਢਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ 'ਤੇ ਮੁਬਾਰਕਾਂ ਦਿੰਦਿਆਂ ਕਿਹਾ ਕਿ ਇਸ ਦਾ ਸਿਹਰਾ ਕਾਲਜ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਸਖਤ ਮਿਹਨਤ ਨੂੰ ਜਾਂਦਾ ਹੈ। ਇਸ ਮੌਕੇ ਮਾ: ਅਵਤਾਰ ਸਿੰਘ, ਮਾ: ਭਗਵੰਤ ਸਿੰਘ, ਕਿਰਨਜੀਤ ਕੌਰ ਤੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

ਕਿਸਾਨੀ ਮੰਗਾਂ ਨੂੰ ਲੈ ਕੇ ਸੰਗਰੂਰ 'ਚ ਧਰਨਾ ਅੱਜ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਤਰਫੋਂ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਅਧੀਨ ਜ਼ਿਲ੍ਹੇ ਦੀ ਮੀਟਿੰਗ ਸੁਨਾਮ ਦੇ ਗੁਰਦੁਆਰਾ ਸੱਚਖੰਡ ਸਾਹਿਬ ਵਿਖੇ ਕੀਤੀ ਗਈ। ਇਸ ਮੀਟਿੰਗ ਸਮੇਂ ਸੂਬਾ ਪ੍ਰਚਾਰਕ ਸਕੱਤਰ ਜਗਤਾਰ ਸਿੰਘ ਕਾਲਾਝਾੜ ਹੋਏ। ਮੀਟਿੰਗ ਦੌਰਾਨ ਜ਼ਿਲ੍ਹਾ ਜਰਨਲ ਸਕੱਤਰ ਦਰਬਾਰਾ ਸਿੰਘ ਛਾਜਲਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਬਹਾਲ ਸਿੰਘ ਢੀਂਡਸਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਿਸਾਨਾਂ ਮਜ਼ਦੂਰਾਂ ਦੀ ਤਰਫੋਂ ਸਾਂਝੀਆਂ ਮੰਗਾਂ ਨੂੰ ਮਨਾਉਣ ਵਾਸਤੇ ਖਨੌਰੀ ਤੇ ਸ਼ੰਭੂ ਬਾਰਡਰ 'ਤੇ ਸੰਘਰਸ਼ ਲੜਿਆ ਜਾ ਰਿਹਾ ਹੈ, ਇਸ ਸੰਘਰਸ਼ ਦੌਰਾਨ ਇਕ ਨੌਜਵਾਨ ਨੂੰ ਸਰਕਾਰ ਦੀ ਤਰਫੋਂ ਗੋਲੀ ਮਾਰ ਕੇ ਸ਼ਹੀਦ ਕਰ ਦਿੱਤਾ ਗਿਆ, ਇਸ ਸੰਘਰਸ਼ ਨੂੰ ਤਾਕਤ ਦੇਣ ਵਾਸਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ 5 ਅਪ੍ਰੈਲ ਨੂੰ ਸੰਗਰੂਰ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ। ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਇਸ ਰੋਸ ਧਰਨੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ। ਇਸ ਮੀਟਿੰਗ ਵਿੱਚ ਰਿੰਕੂ ਮੂਣਕ, ਰਾਮਸ਼ਰਨ ਸਿੰਘ ਉਗਰਾਹਾਂ, ਬਹਾਦਰ ਸਿੰਘ ਭੁਟਾਲ ਖ਼ੁਰਦ, ਦਰਸ਼ਨ ਸਿੰਘ ਚੰਗਾਲੀਵਾਲਾ, ਜਸਵੀਰ ਸਿੰਘ ਗੱਗੜਪੁਰ, ਹਰਬੰਸ ਸਿੰਘ ਲੱਡਾ, ਭਰਭੂਰ ਸਿੰਘ ਮੋੜਾ ਆਦਿ ਸ਼ਾਮਲ ਹੋਏ।

ਭਾਸ਼ਣ ਪ੍ਰਤੀਯੋਗਤਾ 'ਚ ਨਜਮ ਖੁਰਾਨਾ ਨੂੰ ਪਹਿਲਾ ਸਥਾਨ



ਮਲੋਟ (ਓਮ ਪ੍ਰਕਾਸ਼ ਸੇਖੂ)-ਕਨਵਰਟ ਸਕੂਲ ਵਿੱਚ ਭਾਸ਼ਣ ਪ੍ਰਤੀਯੋਗਤਾ ਵਿੱਚ ਨਜ਼ਮ ਖੁਰਾਨਾ ਨੇ ਜਾਨਵਰਾਂ 'ਤੇ ਹਮਦਰਦੀ ਉੱਤੇ ਦਿੱਤੇ ਭਾਸ਼ਣ ਨੂੰ ਜੱਜ ਕਰਦਿਆਂ ਕਾਨਵੈਂਟ ਸਕੂਲ ਵੱਲੋਂ ਫਾਦਰ ਮੈਥਿਊ ਐਨ ਸੀ ਵੱਲੋਂ ਨਜ਼ਮ ਖੁਰਾਨਾ ਨੂੰ ਫਸਟ ਪ੍ਰਾਈਜ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ। ਜ਼ਿਕਰਯੋਗ ਹੈ ਕਿ ਨਜ਼ਮ ਖੁਰਾਨਾ ਨਾਮੀ ਸੰਗੀਤਕਾਰ ਰਾਈਟਰ ਵਿਨੋਦ ਖਰਾਨਾ ਦੀ ਬੇਟੀ ਹੈ। ਬੇਟੀ ਨਜ਼ਮ ਖੁਰਾਨਾ ਨੇ ਪਹਿਲੇ ਸਥਾਨ 'ਤੇ ਕੇ ਸਕੂਲ ਤੇ ਪਰਵਾਰ ਦਾ ਨਾਂਅ ਰੋਸ਼ਨ ਕੀਤਾ। ਇਸ ਮੌਕੇ ਵਿਨੋਦ ਖਰਾਨਾ ਨੂੰ ਸ਼ਹਿਰ ਵਾਸੀਆਂ ਤੇ ਦੋਸਤਾਂ ਵੱਲੋਂ ਵਧਾਈ ਦਿੱਤੀ ਗਈ।

ਘਰ-ਘਰ ਜਾ ਕੇ ਪੋਲੀਓ ਬੂੰਦਾਂ ਪਿਲਾਈਆਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਪਲਸ ਪੋਲਿਓ ਅਭਿਆਨ ਵਿੱਚ ਤਿੰਨ ਦਿਨ ਲਗਾਤਾਰ ਯੋਗਦਾਨ ਦਿੱਤਾ।ਸਿਹਤ ਵਿਭਾਗ ਦੀ ਟੀਮ ਦੇ ਨਾਲ ਸਾਰੇ ਬੂਥਾਂ (ਫਿਰੋਜ਼ਪੁਰ ਕੈਂਟ) ਤੇ ਘਰ-ਘਰ ਜਾ ਕੇ 5 ਸਾਲ ਤੱਕ ਦੇ ਬੱਚਿਆਂ ਨੂੰ ਪਲਸ ਪੋਲੀਓ ਦੀਆਂ ਬੂੰਦਾਂ ਪਿਲਾਈਆਂ।ਇਸ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਚਲਾਏ ਅਭਿਆਨ ਦੇ ਵਿੱਚ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਦੇ ਸਾਰੇ

6-March-PAGE-8.qxd 3/5/2024 10:44 PM Page 1

ਦਬੂਲੀਆਂ 'ਚ ਆਲ ਇੰਡੀਆ ਬਲਕਾਰ ਸਿੰਘ ਟੂਰਨਾਮੈਂਟ ਦਾ ਸ਼ਾਨਦਾਰ ਅਗਾਜ਼

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਪੰਜਾਬ ਦੇ ਛੋਟੇ ਜਿਹੇ ਪਿੰਡ ਦਬੂਲੀਆਂ ਵਿਖੇ ਬਲਕਾਰ ਸਿੰਘ ਚੀਮਾ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਵੱਲੋਂ ਕਰਵਾਇਆ ਜਾ ਰਿਹਾ ਦੂਸਰਾ ਆਲ ਇੰਡੀਆ 5 ਦਿਨਾਂ ਬਲਕਾਰ ਸਿੰਘ ਯਾਦਗਾਰੀ ਬਾਸਕਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸ਼ੁਰੂ ਹੋ ਗਿਆ ਹੈ।ਟੂਰਨਾਮੈਂਟ ਦਾ ਰਸਮੀ ਉਦਘਾਟਨ ਸੰਤ ਬਾਬਾ ਲੀਡਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰਸਰ ਸਾਹਿਬ ਪਾਤਸ਼ਾਹੀ ਛੇਵੀਂ ਸੈਫਲਾਬਾਦ ਵਾਲਿਆਂ ਵਲੋਂ ਕੀਤਾ ਗਿਆ।ਉਨ੍ਹਾਂ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਜ਼ਰੂਰ ਬਣਾਉਣ, ਉਨ੍ਹਾਂ ਅਰਜੁਨ ਐਵਾਰਡੀ ਸੱਜਣ ਸਿੰਘ ਚੀਮਾ ਤੇ ਚੀਮਾ ਪਰਿਵਾਰ ਵਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਪਹਿਲੇ ਦਿਨ ਖੇਡੇ ਗਏ ਮੁਕਾਬਲਿਆਂ ਵਿਚ ਲੜਕਿਆਂ ਦੇ ਪਹਿਲੇ ਮੁਕਾਬਲੇ ਵਿੱਚ ਕੇਰਲਾ ਸਟੇਟ ਇਲੈਕਟਿਰੀ ਸਿਟੀ ਬੋਰਡ ਦੀ ਟੀਮ ਨੇ 74-40 ਨਾਲ ਨੌਰਥਨ ਰੇਲਵੇ ਦੀ ਟੀਮ ਨੂੰ ਹਰਾਇਆ।ਲੜਕੀਆਂ ਦੇ ਪਹਿਲੇ ਮੈਚ ਵਿਚ ਕੇਰਲਾ ਸਟੇਟ ਇਲੈਕਟਿਰੀ ਸਿਟੀ ਬੋਰਡ ਦੀ ਟੀਮ ਨੇ 74-61 ਅੰਕਾਂ ਨਾਲ ਸਾਊਥ ਸੈਂਟਰਲ ਰੇਲਵੇ ਦੀ ਟੀਮ ਨੂੰ ਹਰਾਇਆ।

ਅਰਜੁਨ ਐਵਾਰਡੀ ਸੱਜਣ ਸਿੰਘ ਚੀਮਾ ਮੁੱਖ ਪ੍ਰਬੰਧਕ, ਅੰਤਰਰਾਸ਼ਟਰੀ ਪਲੇਅਰ ਕੁਲਦੀਪ ਸਿੰਘ ਚੀਮਾ, ਸਾਬਕਾ ਐਸਪੀ ਗੁਰਮੀਤ ਸਿੰਘ ਚੀਮਾ, ਐਸ ਪੀ ਕੁਲਵੰਤ ਸਿੰਘ ਲੰਬੜ ਯੂ ਐਸ ਏ, ਤੇਜਾ ਸਿੰਘ ਸੈਕਟਰੀ ਪੰਜਾਬ ਬਾਸਕਟਬਾਲ ਐਸੋਸੀਏਸ਼ਨ, ਸੁਬੇਗ ਢੱਡਾ ਲੁਧਿਆਣਾ, ਸਤੀਸ਼ ਕੋਚ, ਹਲਕਾ ਇੰਚਾਰਜ ਗੁਰਸ਼ਰਨ ਸਿੰਘ ਕਪੂਰ, ਕੰਵਰ ਇਕਬਾਲ ਸਿੰਘ ਸੂਬਾ ਪੱਧਰੀ ਆਗੂ, ਪਰਵਿੰਦਰ ਸਿੰਘ ਢੋਟ ਸੀਨੀਅਰ ਆਗੂ, ਜਗਜੀਤ ਸਿੰਘ ਬਿੱਟੂ ਚੇਅਰਮੈਨ ਮਾਰਕੀਟ ਕਮੇਟੀ ਕਪੂਰਥਲਾ, ਪਿਆਰਾ ਸਿੰਘ ਸੀਨੀਅਰ ਆਗੂ, ਬਲਜੀਤ ਸਿੰਘ ਸਰਪੰਚ ਦਬੂਲੀਆਂ, ਹਰਮਿੰਦਰ ਸਿੰਘ ਦੂਲੋਵਾਲ, ਅਕਾਸ਼ਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਆਪ, ਬਿਕਰਮਜੀਤ ਸਿੰਘ ਉਚਾ, ਦਿਲਪ੍ਰੀਤ ਸਿੰਘ ਟੋਡਰਵਾਲ, ਮਨਜੀਤ ਸਿੰਘ, ਲਵਪ੍ਰੀਤ ਸਿੰਘ ਪੀ ਏ ਆਦਿ ਹਾਜ਼ਰ ਸਨ।

ਬਰਸਟ ਨੇ ਮਹਿਮਦਪੁਰ ਵਿਖੇ ਨਵੀਂ ਫਲ ਤੇ ਸਬਜੀ ਮੰਡੀ ਸਥਾਪਤ ਕੀਤੀ

ਮੋਹਾਲੀ, (ਗੁਰਜੀਤ ਬਿੱਲਾ)

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਪਿੰਡ ਮਹਿਮਦਪੁਰ ਵਿਖੇ ਆਲੂ ਦੀ ਫਸਲ ਦੀ ਬੋਲੀ ਕਰਵਾਕੇ ਨਵੀਂ ਫਲ ਅਤੇ ਸਬਜੀ ਮੰਡੀ ਦਾ ਉਦਘਾਟਨ ਕੀਤਾ ਗਿਆ। ਬਰਸਟ ਨੇ ਪਿੰਡ ਦੀ ਪੰਚਾਇਤ ਦਾ ਮੰਡੀ ਬੋਰਡ ਨੂੰ 83 ਵਿੱਘੇ ਜਮੀਨ ਦਾਨ ਕਰਨ 'ਤੇ ਧੰਨਵਾਦ ਕੀਤਾ। ਇੱਥੇ ਦੱਸਣਯੋਗ ਹੈ ਕਿ ਉਪਰੋਕਤ ਜਮੀਨ ਬਰਸਟ ਦੇ ਕਹਿਣ ਤੇ ਮਹਿਮਦਪੁਰ ਪੰਚਾਇਤ ਵੱਲੋਂ ਮੰਡੀ ਬੋਰਡ ਨੂੰ ਦਿੱਤੀ ਗਈ ਹੈ। ਚੇਅਰਮੈਨ ਨੇ ਕਿਹਾ ਕਿ ਮਹਿਮਦਪੁਰ ਦੇ ਆਲੇ-ਦੁਆਲੇ ਕੋਈ ਵੀ ਇੰਡਸਟਰੀ ਜਾ ਫੈਕਟਰੀ ਨਹੀਂ ਹੈ। ਜਿਸਨੂੰ ਧਿਆਨ ਵਿੱਚ ਰੱਖਦੇ ਹੋਏ ਇੱਥੇ ਫਲ ਅਤੇ ਸਬਜੀ ਮੰਡੀ ਸ਼ੁਰੂ ਕੀਤੀ ਗਈ ਹੈ ਅਤੇ ਸਬ-ਯਾਰਡ ਵੱਜੋਂ ਮੰਡੀ ਵਿਕਸਤ ਕੀਤਾ ਜਾ ਰਿਹਾ ਹੈ। ਇਸ ਨਾਲ ਜਿੱਥੇ ਨੌਜਵਾਨਾਂ ਨੂੰ ਰੋਜਗਾਰ ਮਿਲੇਗਾ, ਉੱਥੇ ਹੀ ਕਿਸਾਨਾਂ ਨੂੰ ਵੀ ਉਨ੍ਹਾਂ ਦੀ ਜਿਣਸਾਂ ਦਾ ਸਹੀ ਮੁੱਲ ਮਿਲ ਸਕੇਗਾ। ਉਨ੍ਹਾਂ ਕਿਹਾ ਕਿ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ੈੱਡਾਂ ਦਾ ਕੰਮ ਜੋਰਾਂ ਨਾਲ ਚੱਲ ਰਿਹਾ ਹੈ ਅਤੇ ਜਲਦ ਹੀ ਮੰਡੀ ਦੀ ਚਾਰ ਦੀਵਾਰੀ ਕਰਕੇ ਗੇਟ ਲਗਾਇਆ ਜਾਵੇਗਾ ਅਤੇ ਦੁਕਾਨਾਂ ਦਾ ਵੀ ਨਿਰਮਾਣ ਕੀਤਾ ਜਾਵੇਗਾ। ਮਹਿਮਦਪੁਰ ਮੰਡੀ ਪਟਿਆਲਾ ਸੰਗਰੂਰ ਤੇ ਸਥਿਤ ਹੋਣ ਕਾਰਨ ਇਸਦੇ 25 ਕਿਲੋਮੀਟਰ ਦੇ ਰੇਡੀਅਸ ਵਿੱਚ ਇਲਾਕੇ ਦੇ ਕਰੀਬ 40 ਹਜਾਰ ਕਿਸਾਨਾਂ ਨੂੰ ਫਲ ਅਤੇ ਸਬਜੀਆਂ ਬੀਜਣ ਵੱਲ ਪ੍ਰੇਰਿਤ ਕੀਤਾ ਜਾ ਸਕੇਗਾ ਅਤੇ ਨੌਜਵਾਨਾਂ ਨੂੰ ਰੋਜਗਾਰ ਦਾ ਸੁਨਹਿਰਾ ਮੌਕਾ ਵੀ ਮਿਲੇਗਾ। ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਕੇਂਦਰ ਸਰਕਾਰ ਹਮੇਸ਼ਾ ਤੋਂ ਹੀ ਪੰਜਾਬ ਨਾਲ ਵਿਤਕਰਾਂ ਕਰਦੀ ਆਈ ਹੈ ਅਤੇ ਇਸੇ ਦਾ ਨਤੀਜਾ ਹੈ ਕਿ ਕੇਂਦਰ ਸਰਕਾਰ ਵੱਲੋਂ ਮੰਡੀ ਬੋਰਡ ਦਾ ਆਰ.ਡੀ.ਐਫ. (ਰੂਰਲ ਡਿਵਲਮੈਂਟ ਫੰਡ) ਦਾ ਪੈਸਾ ਰੋਕਿਆ ਹੋਇਆ ਹੈ, ਜਿਸ ਕਾਰਨ ਪੰਜਾਬ ਦੇ ਪਿੰਡਾ ਦਾ ਵਿਕਾਸ ਰੁਕਿਆ ਹੋਇਆ ਹੈ। ਜੇਕਰ ਕੇਂਦਰ ਸਰਕਾਰ ਮੰਡੀ ਬੋਰਡ ਦਾ ਆਰ.ਡੀ.ਐਫ. ਜਾਰੀ ਕਰ ਦੇਵੇ, ਤਾਂ ਇਲਾਕੇ ਦਾ ਵਿਕਾਸ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ। ਪਰ ਕੇਂਦਰ ਸਰਕਾਰ ਵੱਲੋਂ ਆਰ.ਡੀ.ਐਫ. ਜਾਰੀ ਨਾ ਹੋਣ ਦੇ ਬਾਵਜੂਦ ਵੀ ਮੰਡੀਆਂ ਦੇ ਵਿਕਾਸ ਅਤੇ

ਪਿੰਡਾਂ ਦੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਖਰੀਦ ਕੇਂਦਰ ਪਿੰਡ ਸੁਲਤਾਨਪੁਰ ਅਤੇ ਪਿੰਡ ਬਣੇਰਾ ਕਲਾਂ ਵਿੱਚ ਸਟੀਲ ਕਵਰ ਸੈਡ ਦੇ ਨਿਰਮਾਣ, ਪਿੰਡ ਬਰਸਟ ਤੋਂ ਪਿੰਡ ਬਣੇਰਾ ਕਲਾਂ- ਸਰਾਜਪੁਰ ਦੀ ਲਿੰਕ ਰੋਡ ਅਤੇ ਅਨਾਜ ਮੰਡੀ ਪਿੰਡ ਗੱਜੂ ਮਾਜਰਾ, ਪਿੰਡ ਜੋੜੇਮਾਜਰਾ ਅਤੇ ਧਬਲਾਨ ਦੀ ਫੜ੍ਹ ਅਤੇ ਸੜਕ ਬਣਾਉਣ ਦੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦਿਵਾਉਣ ਅਤੇ ਕਮਰਸ਼ੀਅਲ ਖੇਤੀ ਵਿੱਚ ਭਾਗ ਲੈਣ ਲਈ ਉਤਸ਼ਾਹਤ ਕਰਨ। ਪੰਜਾਬ ਅਤੇ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਮੰਡੀ ਬੋਰਡ ਵੱਲੋਂ ਆਫ ਸੀਜਨ ਦੌਰਾਨ ਮੰਡੀਆਂ ਦੇ ਕਵਰ ਸੈੱਡਾਂ ਹੇਠ ਬਚਿੱਆਂ ਨੂੰ ਖੇਡਾਂ ਦੀ ਟ੍ਰੇਨਿੰਗ ਦਿੱਤੀ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਬਹੁਤ ਹੀ ਘੱਟ ਰੇਟ ਤੇ ਵਿਆਹ ਆਦਿ ਪ੍ਰੋਗਰਾਮ ਕਰਾਉਣ ਲਈ ਉਪਰੋਕਤ ਸ਼ੈੱਡ ਵੀ ਮੁਹੱਇਆ ਕਰਵਾਏ ਜਾਂਦੇ ਹਨ। ਬਰਸਟ ਨੇ ਇਲਾਕਾ ਨਿਵਾਸੀਆਂ ਨੂੰ ਭਰੋਸਾ ਦਵਾਇਆ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਸੇਵਾ-ਮੁਕਤ ਆਫੀਸਰ ਐਸੋਸੀਏਸ਼ਨ ਵੱਲੋਂ ਡਾਇਰੈਕਟਰੀ ਰਿਲੀਜ਼ ਸਮਾਰੋਹ 12 ਨੂੰ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਸੇਵਾ ਮੁਕਤ ਆਫੀਸਰ ਵੈਲਫੇਅਰ ਐਸੋਸੀਏਸ਼ਨ ਵੱਲੋ ਤਿਆਰ ਕੀਤੀ ਗਈ ਡਾਇਰੈਕਟਰੀ 12 ਮਾਰਚ ਦਿਨ ਮੰਗਲਵਾਰ ਨੂੰ ਪੰਜਾਬ ਸਿੱਖਿਆ ਬੋਰਡ ਦੇ ਆਡੀਟੋਰੀਅਮ ਵਿੱਚ ਸਵੇਰੇ 11 ਵਜ੍ਹੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਚੇਅਰਪਰਸ਼ਨ ਡਾ ਸਤਿਬੀਰ ਬੇਦੀ ਆਈਏਐਸ (ਰੀਟ) ਵਲੋ ਰਿਲੀਜ਼ ਕੀਤੀ ਜਾਵੇਗੀ। ਐਸੋਸੀਏਸ਼ਨ ਦੇ ਕਨਵੀਨਰ ਗੁਰਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਸਬੰਧੀ ਐਸੋਸੀਏਸ਼ਨ ਦੀ ਇਕ ਵਿਸ਼ੇਸ ਮੀਟਿੰਗ ਸਿੱਖਿਆ ਬੋਰਡ ਦੇ ਗੈਸਟ ਹਾਊਸ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਰਣਜੀਤ ਸਿੰਘ ਮਾਨ ਦੀ ਪ੍ਰਧਾਨਗੀ ਹੈਠ ਹੋਈ। ਮੀਟਿੰਗ ਵਿੱਚ ਰਣਜੀਤ ਸਿੰਘ ਮਾਨ, ਰਾਮ ਨਾਥ ਗੋਇਲ, ਗੁਰਦੀਪ ਸਿੰਘ ਢਿੱਲੋਂ, ਮੇਘ ਰਾਜ ਗੋਇਲ, ਗੁਰਦੇਵ ਸਿੰਘ ,ਸੁਰਿੰਦਰਪਾਲ ਸਿੰਘ,ਮਲੂਕ ਸਿੰਘ ਅਤੇ ਜਸਬੀਰ ਸਿੰਘ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਡਾਇਰੈਕਟਰੀ ਦੀ ਛਪਾਈ ਜੰਗੀ ਪੱਧਰ 'ਤੇ ਚੱਲ ਰਹੀ ਹੈ। ਸਿੱਖਿਆ ਬੋਰਡ ਦੇ ਸੇਵਾ ਨਿਵਰਤ ਅਧਿਕਾਰੀਆਂ ਵਿੱਚ ਕਾਫੀ ਉਤਸ਼ਾਹ ਨਾਲ ਮੈਂਬਰਸ਼ਿਪ ਫੀਸ ਭੇਜੀ ਗਈ ਹੈ। ਉਨ੍ਹਾਂ ਕਿਹਾ ਕਿ ਡਾਇਰੈਕਟਰੀ ਰਿਲੀਜ਼ ਸਮਾਰੋਹ ਵਿੱਚ ਸੇਵਾ ਨਿਵਰਤ ਅਧਿਕਾਰੀਆਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵੀ ਵਿਚਾਰਾਂ ਕੀਤੀਆਂ ਜਾਣਗੀਆਂ, ਸਮਾਰੋਹ ਤੋਂ ਬਾਅਦ ਖਾਣੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।

ਰਾਸ਼ਟਰੀ ਸੁਰੱਖਿਆ ਦਿਵਸ ਮਨਾਇਆ

ਜਲੰਧਰ (ਇਕਬਾਲ ਸਿੰਘ ਉਭੀ)- ਸੇਂਟ ਸੋਲਜਰ ਇੰਟਰਕਾਲਜ ਫਰੈਂਡਜ਼ ਕਲੋਨੀ ਬ੍ਰਾਂਚ ਵਿਖੇ ਰਾਸ਼ਟਰੀ ਸੁਰੱਖਿਆ ਦਿਵਸ ਮਨਾਇਆ ਗਿਆ। ਕੈਂਪਸ ਵਿੱਚ ਜਾਗਰੂਕਤਾ ਮੁਹਿਮ ਚਲਾਈ ਗਈ। ਇਸ ਸਾਲ ਦਾ ਥੀਮ ਵਾਤਾਵਰਣ, ਸਮਾਜਿਕ ਅਤੇ ਪ੍ਰਸ਼ਾਸਨ ਦੀ ਉੱਤਮਤਾ ਲਈ ਸੁਰੱਖਿਆ ਲੀਡਰਸ਼ਿਪ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਸੀ। ਇਹ ਦਿਨ ਕੰਮ ਵਾਲੀ ਥਾਂ 'ਤੇ ਸੁਰੱਖਿਆ ਅਤੇ ਸਿਹਤ ਨੂੰ ਉਤਸ਼ਾਹਿਤ ਕਰਨ ਅਤੇ ਕੰਮ ਵਾਲੀ ਥਾਂ 'ਤੇ ਕੰਮ ਨਾਲ ਸਬੰਧਤ ਸੱਟਾਂ ਕਾਰਨ ਮਰਨ ਵਾਲਿਆਂ ਨੂੰ ਸਨਮਾਨਿਤ ਕਰਨ ਲਈ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਂਦੇ ਹੋਏ ਵਿਦਿਆਰਥੀ ਨੇ ਹਮੇਸ਼ਾ ਸਾਵਧਾਨ ਰਹੋ, ਆਓ ਸੁਰੱਖਿਆ ਦੇ ਵਰਣਮਾਲਾ ਦੀ ਪਾਲਣਾ ਕਰੀਏ ਵਰਗੇ ਨਾਰੇ ਲਗਾਏ।ਇਸ ਮੁਹਿਮ ਵਿੱਚ 5ਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ।ਉਨ੍ਹਾਂ ਦੇ ਨਾਮ ਕ੍ਰਿਤਿਕਾ, ਇਸ਼ਿਕਾ, ਗੁਰਬਾਜ਼ ਸਿੰਘ, ਜਾਨਵੀ, ਨਿਪੋਕਸ਼ਾ, ਜਸਲੀਨ ਕੌਰ, ਧੀਮਾਨ, ਪਵਨੀ, ਪਾਰੁਲ ਅਤੇ ਸੁਭਾ ਸਨ । ਸੇਂਟ ਸੋਲਜਰ ਗਰੁੱਪ ਦੀ ਚੇਅਰਪਰਸਨ ਸੰਗੀਤਾ ਚੋਪੜਾ ਨੇ ਕਿਹਾ ਕਿ ਸਾਨੂੰ ਸਿਹਤਮੰਦ ਵਰਕ ਕਲਚਰ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਕੰਮ ਨਾਲ ਸਬੰਧਤ ਬਹੁਤ ਸਾਰੀਆਂ ਮੰਤਾਂ ਅਤੇ ਸੱਟਾਂ ਨੂੰ ਘਟਾਇਆ ਜਾ ਸਕੇ।

ਜਿੰਪਾ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਬੱਸ ਨੂੰ ਦਿਖਾਈ ਹਰੀ ਝੰਡੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)

'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਕੈਬਿਨਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਤੋਂ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਜੀ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਅਤੇ ਕਿਹਾ ਕਿ ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪੰਜਾਬ ਵਾਸੀਆਂ ਨੂੰ ਦੇਸ਼ ਭਰ ਵਿਚ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਮੁਫ਼ਤ ਸਫ਼ਰ ਦੀ ਸਹੂਲਤ ਮਿਲੀ ਹੈ। ਯਾਤਰੀਆਂ ਦਾ ਖ਼ਰਚ ਪੰਜਾਬ ਸਰਕਾਰ ਕਰੇਗੀ, ਜਿਸ ਵਿਚ ਉਨ੍ਹਾਂ ਦੇ ਆਉਣ-ਜਾਣ, ਠਹਿਰਨ ਅਤੇ ਖਾਣ-ਪੀਣ ਦਾ ਸਾਰਾ ਖ਼ਰਚਾ ਸ਼ਾਮਿਲ ਹੈ। ਕੈਬਿਨਟ ਮੰਤਰੀ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਤਲਵੰਡੀ ਸਾਬੋ, ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਾਪੁਰਨੀ ਜੀ ਆਦਿ ਸਥਾਨਾਂ ਦੀ ਯਾਤਰਾ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਤਾ ਵੈਸ਼ਨੋ ਦੇਵੀ ਅਤੇ ਹੋਰ ਤੀਰਥ ਸਥਾਨਾਂ ਲਈ ਵੀ ਜਲਦ ਹੀ ਬੱਸਾਂ ਰਵਾਨਾ ਕੀਤੀਆਂ ਜਾਣਗੀਆਂ। ਜਿੰਪਾ ਨੇ ਯਾਤਰੀਆਂ ਨੂੰ ਸ਼ੁੱਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਇਸ ਤੀਰਥ ਯਾਤਰਾ 'ਤੇ ਜਾਣ ਲਈ ਸਰਕਾਰ ਵੱਲੋਂ ਬਿਹਤਰੀਨ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਵਧੇਰੇ ਉਮਰ ਅਤੇ ਆਰਥਿਕ ਤੰਗੀ ਕਾਰਨ ਪੰਜਾਬ ਅਤੇ ਭਾਰਤ ਦੇ ਮੁੱਖ ਥਾਵਾਂ ਦੇ ਦਰਸ਼ਨ ਕਰਨ ਤੋਂ ਵੰਚਿਤ ਲੋਕਾਂ ਲਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਵਰਦਾਨ ਸਾਬਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਇਸ ਵਿਸ਼ੇਸ਼ ਯੋਜਨਾ ਲਈ ਵਿਤੀ ਸਾਲ 2023-24 ਦੌਰਾਨ 40 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਇਸ ਮੌਕੇ ਕਮਿਸ਼ਨਰ ਜਿਓਤੀ ਬਾਲਾ ਮੱਟੂ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਮੈਂਬਰ ਅਜੇ ਵਰਮਾ, ਸੁਮੇਸ਼ ਸੋਨੀ, ਵਰਿੰਦਰ ਵੈਦ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਮਹਾਂਸ਼ਿਵਰਾਤਰੀ ਨੂੰ ਸਮਰਪਿਤ 26ਵੀਂ ਸ਼ੋਭਾ ਯਾਤਰਾ ਸਜਾਈ

ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ) : ਸ਼ਿਵਰਾਤਰੀ ਸ਼ੋਭਾ ਯਾਤਰਾ ਕਮੇਟੀ ਲੋਹੀਆਂ ਖਾਸ ਵੱਲੋਂ ਮਾਂ ਬਗਲਾਮੁਖੀ ਸੇਵਾ ਦਲ ਅਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਮਹਾਂ ਸ਼ਿਵਰਾਤਰੀ ਨੂੰ ਸਮਰਪਿਤ 26ਵੀਂ ਸਾਲਾਨਾ ਸ਼ੋਭਾ ਯਾਤਰਾ ਸਜਾਈ ਗਈ।ਮਹੰਤ ਸ਼ਾਂਤੀ ਗਿਰੀ ਮਹਾਰਾਜ ਦੇ ਅਸ਼ੀਰਵਾਦ ਨਾਲ ਨਵਾਂ ਸ਼ਿਵ ਮੰਦਰ ਲੋਹੀਆਂ ਤੋਂ ਸੁਆਮੀ ਪੁਸ਼ਪ ਚੇਤੰਨਿਆਂ (ਪੀ ਐੱਚ ਡੀ) ਦੀ ਸਰਪ੍ਰਸਤੀ ਹੇਠ ਸੁੰਦਰ ਪਾਲਕੀ ਬੱਸ 'ਚ ਸਜਾਈ ਗਈ ਇਸ ਸ਼ੋਭਾ ਯਾਤਰਾ ਦੇ ਨਾਲ-ਨਾਲ ਭੋਲੇ ਸ਼ੰਕਰ ਦੀਆਂ ਸੁੰਦਰ ਝਾਕੀਆਂ ਵੀ ਦੇਖਣਯੋਗ ਸਨ।ਇਹ ਸ਼ੋਭਾ ਯਾਤਰਾ ਜਨਤਾ ਦਾਣਾ ਮੰਡੀ ਤੋਂ ਡਾਕਖਾਨਾ ਰੋਡ, ਸ਼ਹੀਦ ਊਧਮ ਸਿੰਘ ਚੌਕ, ਸ਼ਹੀਦ ਭਗਤ ਸਿੰਘ ਚੌਕ, ਪ੍ਰਾਚੀਨ ਸ਼ਿਵ ਮੰਦਰ ਤੋਂ ਹੁੰਦੀ ਹੋਈ ਸਾਰੇ ਸ਼ਹਿਰ ਦੀ ਪ੍ਰਕਰਮਾ ਕਰਦੀ ਹੋਈ ਵਾਪਸ ਨਵਾਂ ਸ਼ਿਵ ਮੰਦਰ ਲੋਹੀਆਂ ਵਿਖੇ ਸਮਾਪਤ ਹੋਈ।ਇਸ ਮੌਕੇ ਸੰਤ ਬਾਬਾ ਸੇਵਕ ਨਾਥ ਕੁਲਾਰਾਂ ਵਾਲੇ, ਸੰਤ ਬਲਵੰਤ ਨਾਥ ਨੱਲ੍ਹ ਵਾਲੇ, ਆਮ ਅਦਾਮੀ ਪਾਰਟੀ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ, ਇੰਫੋਟੈੱਕ ਦੇ ਡਾਇਰੈਕਟਰ ਰਣਜੀਤ ਕੌਰ ਕਾਕੜ, ਮਾਰਕੀਟ ਕਮੇਟੀ ਦੇ ਲੋਹੀਆਂ ਚੇਅਰਮੈਨ ਸਰਬਜੀਤ ਸਿੰਘ ਜੋ ਚਤਰੱਥ, ਸਬਕਾ ਮੰਤਰੀ ਬ੍ਰਿਜ ਭੁਪਿੰਦਰ ਸਿ

6-MAR-PAGE-9.qxd 3/5/2024 10:41 PM Page 1

ਨਸ਼ਿਆਂ ਖਿਲਾਫ਼ ਜਾਗਰੂਕਤਾ ਰੈਲੀ ਕੱਢੀ

ਕਰਤਾਰਪੁਰ (ਹਰਮੇਸ਼ ਦੱਤ) : ਪੰਜਾਬ ਸਰਕਾਰ ਵੱਲੋਂ ਨਸ਼ਿਆ ਖਿਲਾਫ਼ ਚਲਾਈ ਜਾ ਰਹੀ ਮੁਹਿਮ ਵਿੱਚ ਹਿੱਸਾ ਪਾਉਂਦਿਆਂ ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਵੱਲੋਂ ਜਗੀਰੀ ਲਾਲ ਲੂੰਬਾ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਢਿੱਲਵਾਂ (ਕਪੂਰਥਲਾ) ਦੇ ਸਹਿਯੋਗ ਨਾਲ ਨਸ਼ਿਆ ਖਿਲਾਫ਼ ਜਾਗਰੂਕਤਾ ਰੈਲੀ ਕੱਢੀ ਗਈ।ਇਸ ਰੈਲੀ ਵਿੱਚ ਸਕੂਲ ਵਿਦਿਆਰਥੀਆਂ ਵੱਲੋਂ ਨਸ਼ਿਆਂ ਖਿਲਾਫ਼ ਅਤੇ ਨਸ਼ਿਆਂ ਦੇ ਨੁਕਸਾਨ ਨੂੰ ਦਰਸਾਉਂਦੇ ਪੋਸਟਰ ਫੜਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਸਕੂਲ ਪ੍ਰਿੰਸੀਪਲ ਮੈਡਮ ਅੰਜੂ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ੇ ਜਿੱਥੇ ਸਰੀਰਿਕ ਨੁਕਸਾਨ ਪੰਹੁਚਾਉਂਦੇ ਹਨ ਉੱਥੇ ਹੀ ਨਸ਼ਾ ਕਰਨ ਵਾਲਿਆਂ ਦੇ ਪਰਿਵਾਰਿਕ ਰਿਸਤਿਆਂ ਅਤੇ ਆਰਥਿਕ ਹਲਾਤਾਂ 'ਤੇ ਵੀ ਬੁਰਾ ਅਸਰ ਪਾਉਂਦੇ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਸਮਾਜਸੇਵੀ ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਦੇ ਮਾਸਟਰ ਅਮਰੀਕ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣਾ ਹੈ ਉੱਥੇ ਹੀ ਉਨ੍ਹਾਂ ਦੀ ਸਮਾਜਿਕ ਜਿਮੇਵਾਰੀ ਇਹ ਵੀ ਬਣਦੀ ਹੈ ਕਿ ਉਹ ਆਪਣੇ ਪਰਵਾਰਿਕ ਮੈਂਬਰਾਂ, ਆਂਢ ਗੁਆਂਢ ਅਤੇ ਸਮਾਜ ਦੇ ਹੋਰ ਲੋਕਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।ਇਸ ਮੌਕੇ ਪ੍ਰਿੰਸੀਪਲ ਮੈਡਮ ਅੰਜੂ ਸ਼ਰਮਾ, ਲੈਕ: ਹਰਤੇਜਇੰਦਰ ਸਿੰਘ,ਅਮਰੀਕ ਸਿੰਘ, ਮੈਡਮ ਅੰਨੂ ਕੁਮਾਰੀ, ਜਸਲੀਨ ਕੌਰ,ਅਮਨਦੀਪ ਕੌਰ, ਨੀਤੂ ਜੋਸ਼ੀ, ਪ੍ਰਭਜੋਤ ਕੌਰ, ਲਖਿੰਦਰ ਕੌਰ, ਨਿਵੇਦਿਤਾ, ਜਸਪਿੰਦਰ ਸਿੰਘ, ਸਰਬਜੀਤ ਸਿੰਘ, ਮਨਜੀਤ ਕੌਰ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

ਮੁਖਤਿਆਰ ਸਿੰਘ ਸੋਢੀ ਡਡਵਿੰਡੀ ਘਰ 'ਚ ਨਜ਼ਰਬੰਦ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਹਲਕਾ ਸੁਲਤਾਨਪੁਰ ਲੋਧੀ ਦੇ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਮੁਖਤਿਆਰ ਸਿੰਘ ਸੋਢੀ ਡਡਵਿੰਡੀ ਨੂੰ ਸੁਲਤਾਨਪੁਰ ਲੋਧੀ ਦੀ ਪੁਲਸ ਵੱਲੋਂ ਘਰ ਵਿੱਚ ਨਜ਼ਰ ਬੰਦ ਕਰ ਦਿੱਤਾ ਗਿਆ ਹੈ।ਜਾਣਕਾਰੀ ਅਨੁਸਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਅੱਜ ਸੋਮਵਾਰ ਨੂੰ ਪੰਜਾਬ ਭਰ 'ਚ ਟਰੇਨਾਂ ਰੋਕਣ ਦਾ ਐਲਾਨ ਕੀਤਾ ਗਿਆ ਸੀ, ਜਿਸ ਦੇ ਸਬੰਧ ਵਿੱਚ ਮੁਖਤਿਆਰ ਸਿੰਘ ਸੋਢੀ ਡਡਵਿੰਡੀ ਵੱਲੋਂ ਵੱਡੇ ਕਾਫਲੇ ਨਾਲ ਜਾ ਕੇ ਜਲੰਧਰ ਰੇਲਾ ਰੋਕੀਆਂ ਜਾਣੀਆਂ ਸਨ ਪਰ ਜਾਣ ਤੋਂ ਪਹਿਲਾਂ ਹੀ ਸੁਲਤਾਨਪੁਰ ਲੋਧੀ ਪੁਲਸ ਨੇ ਉਹਨਾਂ ਨੂੰ ਘਰ ਵਿੱਚ ਨਜ਼ਰ ਬੰਦ ਕਰ ਦਿੱਤਾ ਹੈ।ਜ਼ਿਕਰਯੋਗ ਹੈ ਕਿ ਡਿਬਰੂਗੜ੍ਹ ਜੇਲ੍ਹ 'ਚ ਝੂਠੇ ਪਰਚੇ ਤਹਿਤ ਬੰਦ ਕੀਤੇ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ 'ਤੇ ਜੇਲ 'ਚ ਹੋ ਰਹੇ ਜ਼ੁਲਮ ਦੇ ਵਿਰੋਧ 'ਚ ਧਰਨਾ ਲਗਾ ਕੇ ਰੋਸ-ਪ੍ਰਦਰਸ਼ਨ ਕੀਤਾ ਜਾਣਾ।ਉਨ੍ਹਾਂ ਦੀ ਮੰਗ ਹੈ ਕਿ ਅੰਮ੍ਰਿਤਪਾਲ ਸਿੰਘ ਅਤੇ ਉਸ ਦੇ ਸਾਥੀਆਂ ਖ਼ਿਲਾਫ਼ ਝੂਠੇ ਕੇਸ ਰੱਦ ਕਰ ਕੇ ਉਨ੍ਹਾਂ ਨੂੰ ਇਨਸਾਫ਼ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਪੰਜਾਬ ਵਾਪਸ ਲਿਆਂਦਾ ਜਾਵੇ।ਧਰਨਾ ਦੇ ਰਹੇ ਕਿਸਾਨਾਂ ਦੀਆਂ ਮੰਗਾਂ ਨੂੰ ਜਲਦ ਮੰਨਿਆ ਜਾਵੇ ਅਤੇ ਉਨ੍ਹਾਂ ਦੇ ਸਾਰੇ ਮਾਮਲੇ ਹੱਲ ਕੀਤੇ ਜਾਣ ਅਤੇ ਸ਼ੁਭਕਰਣ ਦੀ ਮੌਤ ਨੂੰ ਲੈ ਕੇ ਵੀ ਉਸ ਦੇ ਪਰਵਾਰ ਨੂੰ ਇਨਸਾਫ਼ ਦਿੱਤਾ ਜਾਵੇ। ਇਸ ਸੰਬੰਧੀ ਆਪਣੇ-ਆਪਣੇ ਇਲਾਕਿਆਂ 'ਚ ਰੇਲਵੇ ਟਰੈਕ 'ਤੇ ਬੈਠ ਕੇ ਰੋਸ-ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਇਸੇ ਤਰ੍ਹਾਂ ਜ਼ਿਲ੍ਹਾ ਕਪੂਰਥਲਾ ਅਤੇ ਜਲੰਧਰ ਵੱਲੋਂ ਵੀ ਸੋਮਵਾਰ ਨੂੰ 11 ਵਜੇ ਤੋਂ ਲੈ ਕੇ ਦੁਪਹਿਰ 3 ਵਜੇ ਤੱਕ ਵੱਖ-ਵੱਖ ਥਾਵਾਂ 'ਤੇ ਧਰਨਾ ਲਗਾਇਆ ਜਾਣਾ ਸੀ

ਨੇਤਰ ਦਾਨ ਕਰਕੇ ਕਿਸੇ ਦੀ ਹਨੇਰੀ ਜ਼ਿੰਦਗੀ ਨੂੰ ਰੌਸ਼ਨ ਕਰਨ ਲਈ ਅੱਗੇ ਆਓ : ਅਰੋੜਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟਰਾਂਸਪਲਾਂਟ ਸੋਸਾਇਟੀ ਦੀ ਤਰਫੋਂ ਪ੍ਰਧਾਨ ਅਤੇ ਉੱਘੇ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਵਿੱਚ ਸਰਬ ਸਾਂਝਾ ਦਰਬਾਰ ਕਾਂਟੀਆਂ ਸ਼ਰੀਫ ਵਿਖੇ ਸਾਹਿਬ ਜੋਤ ਮਹਾਰਾਜ ਦੇ ਸਹਿਯੋਗ ਨਾਲ ਕੋਰਨੀਅਲ ਬਲਾਇੰਡਨੈਸ ਚੈੱਕਅਪ ਕੈਂਪ ਲਗਾਇਆ ਗਿਆ ਸੀ।ਇਸ ਕੈਂਪ ਵਿੱਚ 34 ਮਰੀਜ਼ ਅਜਿਹੇ ਮਿਲੇ ਸਨ ਜੋ ਕਿ ਅੰਧੇਪਨ ਅਤੇ ਅੱਖਾਂ ਦੀ ਬਿਮਾਰੀਆਂ ਤੋਂ ਪੀੜਤ ਸਨ।ਉਹਨਾਂ ਵਿੱਚੋਂ 14 ਮਰੀਜ਼ਾਂ ਦੇ ਆਪਰੇਸ਼ਨ ਜਨਵਰੀ ਅਤੇ ਫਰਵਰੀ ਮਹੀਨੇ ਵਿੱਚ ਕਰਵਾ ਦਿੱਤੇ ਗਏ ਸਨ ਅਤੇ ਜੋ ਹੁਣ ਇਸ ਸੁੰਦਰ ਸੰਸਾਰ ਨੂੰ ਦੇਖ ਰਹੇ ਹਨ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਦੱਸਿਆ ਕਿ ਕੋਰਨੀਅਲ ਬਲਾਇੰਡਨੈਸ ਚੈੱਕਅੱਪ ਕੈਂਪ ਪਹਿਲੀ ਵਾਰ ਲਗਾਇਆ ਗਿਆ ਹੈ ਜੋ ਕਿ ਅੱਜ ਤੱਕ ਕਦੀ ਵੀ ਨਹੀਂ ਲਗਾਇਆ ਗਿਆ ਸੀ। ਹੁਣ ਇਸ ਤਰ੍ਹਾਂ ਦੇ ਕੈਂਪਾਂ ਦਾ ਆਯੋਜਨ ਅਲੱਗ ਅਲੱਗ ਜ਼ਿਲ੍ਹਿਆਂ ਵਿੱਚ ਵੀ ਕੀਤਾ ਜਾਏਗਾ ਤਾਂ ਕਿ ਜੋ ਲੋਕ ਅੰਨ੍ਹੇਪਣ ਤੋਂ ਪੀੜਤ ਹਨ ਉਹਨਾਂ ਦਾ ਪਤਾ ਚੱਲ ਸਕੇ, ਕਿਉਂਕਿ ਬਹੁਤ ਸਾਰੇ ਲੋਕ ਪੈਸੇ ਦੀ ਕਮੀ ਦੇ ਕਾਰਨ ਆਪਣਾ ਇਲਾਜ ਠੀਕ ਢੰਗ ਨਾਲ ਨਹੀਂ ਕਰਵਾ ਸਕਦੇ। ਉਹਨਾਂ ਦੇ ਰੋਟਰੀ ਆਈ ਬੈਂਕ ਦੀ ਤਰਫੋਂ ਮੁਫਤ ਵਿੱਚ ਆਪਰੇਸ਼ਨ ਕਰਵਾ ਕੇ ਦਿੱਤੇ ਜਾਣਗੇ। ਅਰੋੜਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਨੇਤਾਦਾਨ ਮੁਹਿਮ ਦੇ ਨਾਲ ਜੁੜਨ ਅਤੇ ਜੇ ਕਰ ਉਹਨਾਂ ਦੇ ਆਸ ਪਾਸ ਕੋਈ ਅੰਨ੍ਹੇਪਨ ਤੋਂ ਪੀੜਿਤ ਵਿਅਕਤੀ ਹੈ ਤਾਂ ਉਸ ਨੂੰ ਸੋਸਾਇਟੀ ਤੱਕ ਪਹੁੰਚਾਣ ਤਾਂ ਕਿ ਉਹ ਵੀ ਇਸ ਸੁੰਦਰ ਸੰਸਾਰ ਨੂੰ ਦੇਖ ਸਕੇ। ਉਹਨਾਂ ਅੱਗੇ ਕਿਹਾ ਕਿ ਅੱਖਾਂ ਦਾਨ ਕਰਨ ਵਾਲੇ ਲੋਕਾਂ ਦੀ ਗਿਣਤੀ ਬਹੁਤ ਘੱਟ ਹੈ ਅਤੇ ਅੰਨੇਪਨ ਤੋਂ ਪੀੜਿਤ ਲੋਕਾਂ ਦੀ ਗਿਣਤੀ ਕਾਫੀ ਜਿਆਦਾ ਹੈ। ਇਸ ਲਈ ਸਾਨੂੰ ਮਰਨ ਉਪਰੰਤ ਅੱਖਾਂ ਦਾਨ ਕਰਕੇ ਕਿਸੇ ਦੀ ਹਨੇਰੀ ਜ਼ਿੰਦਗੀ ਨੂੰ ਰੌਸ਼ਨ ਕਰਨ ਲਈ ਅੱਗੇ ਆਣਾ ਚਾਹੀਦਾ ਹੈ। ਇਸ ਮੌਕੇ ਚੇਅਰਮੈਨ ਜੇ.ਬੀ. ਬਹਿਲ ਨੇ ਕਿਹਾ ਕਿ ਇੱਕ ਵਿਅਕਤੀ ਦੁਆਰਾ ਦਾਨ ਕੀਤੀਆਂ ਗਈਆਂ ਅੱਖਾਂ ਨਾਲ ਦੋ ਵਿਅਕਤੀਆਂ ਦੀ ਹਨੇਰੀ ਜ਼ਿੰਦਗੀ ਨੂੰ ਰੋਸ਼ਨ ਕੀਤਾ ਜਾ ਸਕਦਾ ਹੈ । ਜੇਕਰ ਤੁਸੀਂ ਇਹਨਾਂ ਨੂੰ ਮਰਨ ਉਪਰੰਤ ਸਰੀਰ ਦੇ ਨਾਲ ਜਲਾ ਦਿੰਦੇ ਹੋ ਤਾਂ ਇਹ ਇੱਕ ਚੁਟਕੀ ਰਾਖ ਬਣ ਜਾਂਦੀਆਂ ਹਨ। ਕਿਉਂ ਨਾ ਇਨ੍ਹਾਂ ਨੂੰ ਦਾਨ ਕਰਕੇ ਕਿਸੇ ਦੀ ਹਨੇਰੀ ਜ਼ਿੰਦਗੀ ਨੂੰ ਰੌਸ਼ਨ ਕੀਤਾ ਜਾਏ। ਉਹਨਾਂ ਕਿਹਾ ਕਿ ਕੋਰਨੀਆ ਬਲਾਇੰਡਨੈਸ ਨੂੰ ਦੂਰ ਕਰਨ ਲਈ ਸੰਕਾਰਾ ਆਈ ਹਸਪਤਾਲ ਵੱਲੋਂ ਸ਼ਲਾਘਾਯੋਗ ਯੋਗਦਾਨ ਦਿੱਤਾ ਜਾ ਰਿਹਾ ਹੈ। ਸੋਸਾਇਟੀ ਦੀ ਤਰਫੋਂ ਸ਼ਹਿਰਾਂ ਕਸਬਿਆਂ ਦੇ ਨਾਲ ਨਾਲ ਪਿੰਡਾਂ ਵਿੱਚ ਵੀ ਕੋਰਨੀਆ ਬਲਾਇੰਡਨੈਸ ਦੇ ਪੀੜਤ ਲੋਕਾਂ ਦੇ ਲਈ ਅਤੇ ਉਹਨਾਂ ਨੂੰ ਲਾਭ ਪਹੁੰਚਾਉਣ ਲਈ ਸਮੇਂ ਸਮੇਂ ਤੇ ਸੈਮੀਨਾਰ ਅਤੇ ਕੈਂਪ ਲਗਾਏ ਜਾ ਰਹੇ ਹਨ, ਜਿਸ ਦੇ ਤਹਿਤ ਹੁਣ ਤੱਕ 4050 ਤੋਂ ਵੱਧ ਕੋਰਨੀਆ ਬਲਾਇੰਡਨੈਸ ਲੋਕਾਂ ਨੂੰ ਇੱਕ ਇੱਕ ਅੱਖ ਲਗਾ ਕੇ ਰੋਸ਼ਨੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਮੌਕੇ ਪ੍ਰਿੰਸੀਪਲ ਡੀ.ਕੇ. ਸ਼ਰਮਾ, ਮਦਨ ਲਾਲ ਮਹਾਜਨ, ਰਮਿੰਦਰ ਸਿੰਘ, ਜਸਵੀਰ ਕੰਵਰ, ਬੀਨਾ ਚੋਪੜਾ, ਤਮੰਨਾ ਬਾਬੂ ਅਤੇ ਹੋਰ ਮੰਜੂਦ ਸਨ।

ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਉਤਸਵ ਮਨਾਇਆ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਸ੍ਰੀ ਗੁਰੂ ਰਵਿਦਾਸ ਮਿਸ਼ਨ ਐਂਡ ਵੈਲਫੇਅਰ ਕਮੇਟੀ (ਰਜਿ.) ਸ਼ਹੀਦ ਭਗਤ ਸਿੰਘ ਨਗਰ ਫਗਵਾੜਾ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 647ਵਾਂ ਪ੍ਰਕਾਸ਼ ਉਤਸਵ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ। ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਇਸ ਦੌਰਾਨ ਧਾਰਮਿਕ ਸਟੇਜ ਸਜਾਈ ਗਈ। ਜਿਸ ਵਿੱਚ ਵੱਖ-ਵੱਖ ਰਾਗੀ ਜਥਿਆਂ ਨੇ ਸ਼ਬਦ ਕੀਰਤਨ ਸਰਵਣ ਕਰਵਾਇਆ। ਮੁੱਖ ਬੁਲਾਰੇ ਮਾਸਟਰ ਸੋਮ ਰਾਜ ਨੇ ਸਾਰਿਆਂ ਨੂੰ ਗੁਰਪੁਰਬ ਦੀ ਵਧਾਈ ਦਿੰਦੇ ਹੋਏ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਅਤੇ ਮਿਸ਼ਨ 'ਤੇ ਚਾਨਣਾ ਪਾਇਆ। ਉਨ੍ਹਾਂ ਸੰਗਤਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ। ਪ੍ਰਬੰਧਕਾਂ ਵੱਲੋਂ ਪਤਵੰਤਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਲੰਗਰ ਦੀ ਸੇਵਾ ਅਟੁੱਟ ਵਰਤਾਈ ਗਈ। ਇਸ ਮੌਕੇ ਹਰਭਜਨ ਲਾਲ, ਸਾਧੂ ਰਾਮ, ਭੁਪਿੰਦਰ ਸਿੰਘ, ਮਹਿੰਦਰ ਰਾਮ, ਗਰੀਬ ਦਾਸ, ਚੇਤ ਰਾਮ, ਅਸ਼ੋਕ ਕੁਲਥਮ, ਸੰਤੋਖ ਸੱਲਣ, ਚਰਨਜੀਤ ਸਿੰਘ, ਮਦਨ ਲਾਲ ਸਾਬਕਾ ਕੌਂਸਲਰ, ਹਰਮੇਸ਼ ਬੰਗਾ, ਬਲਵੀਰ ਚੰਦ, ਮੋਹਨ ਸਿੰਘ ਆਦਿ ਹਾਜ਼ਰ ਸਨ।

ਘੋਗਰਾ ਵਿਖੇ ਯਾਦਵਿੰਦਰ ਸਿੰਘ ਵੱਲੋਂ ਪੋਲੀਓ ਰੋਧੀ ਮੁਹਿੰਮ ਦੀ ਸ਼ੁਰੂਆਤ

ਦਸੂਹਾ, ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਸਿਵਲ ਸਰਜਨ ਹੁਸ਼ਿਆਰਪੁਰ ਡਾ: ਬਲਵਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸੀਨੀਅਰ ਮੈਡੀਕਲ ਅਫ਼ਸਰ ਮੰਡ ਪੰਧੇਰ ਡਾ: ਐੱਸ.ਪੀ. ਸਿੰਘ ਦੀ ਦੇਖ-ਰੇਖ ਹੇਠ ਯਾਦਵਿੰਦਰ ਸਿੰਘ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਦਸੂਹਾ ਵੱਲੋਂ ਘੋਗਰਾ ਵਿਖੇ ਪਲਸ ਪੋਲੀਓ ਮੁਹਿੰਮ ਦੇ ਦੂਸਰੇ ਦਿਨ ਪੋਲੀਓ ਰੋਕੂ ਮੁਹਿੰਮ ਦੀ ਸ਼ੁਰੂਆਤ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾ ਕੇ ਕੀਤੀ ਗਈ।ਇਸ ਮੌਕੇ ਯਾਦਵਿੰਦਰ ਸਿੰਘ ਬਲਾਕ ਪ੍ਰਧਾਨ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਅਤੇ ਅੱਜ ਇਸ ਦਾ ਨਤੀਜਾ ਹੈ ਕਿ ਦੇਸ਼ 'ਚੋਂ ਪੋਲੀਓ ਵਰਗੀ ਬੀਮਾਰੀ ਲਗਭਗ ਖਤਮ ਹੋ ਚੁੱਕੀ ਹੈ ਅਤੇ ਅੱਜ ਵੀ ਵਿਭਾਗ ਵੱਲੋਂ ਪੋਲੀਓ ਮੁਹਿੰਮ ਤਹਿਤ 0 ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਪਿਲਾਈ ਜਾ ਰਹੀ ਹੈ।

ਇਸ ਮੌਕੇ ਪ੍ਰਮੋਦ ਗਿੱਲ ਨੇ ਯਾਦਵਿੰਦਰ ਸਿੰਘ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਦਸੂਹਾ ਦਾ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਧੀ ਦਵਾਈ ਪਿਲਾ ਕੇ ਪੋਲੀਓ ਰੋਧੀ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਧੰਨਵਾਦ ਕੀਤਾ ਅਤੇ ਦੱਸਿਆ ਕਿ ਅੱਜ ਪਲਸ ਪੋਲੀਓ ਮੁਹਿੰਮ ਤਹਿਤ ਮਿੰਨੀ ਪੀ.ਐਚ. ਸੀ ਘੋਗਰਾ ਵਿਖੇ ਪੋਲੀਓ ਦੀ ਦਵਾਈ ਪਿਲਾਈ ਗਈ। ਉਨ੍ਹਾਂ ਦੱਸਿਆ ਕਿ ਇਹ ਦਵਾਈ ਜ਼ੀਰੋ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪਿਲਾਈ ਗਈ।ਇਸ ਮੌਕੇ ਅਮਨ ਬਲਾਕ ਪ੍ਰਧਾਨ, ਲਾਡੀ ਬਾਜਵਾ ਬਲਾਕ ਪ੍ਰਧਾਨ ਸ਼ੋਸ਼ਲ ਮੀਡਿਆ, ਗੁਰਪਾਲ ਸਿੰਘ ਐਲ.ਐਚ.ਵੀ ਪ੍ਰੇਮਿਲਾ ਕੁਮਾਰੀ, ਸੁਖਰਾਜ ਆਸ਼ਾ ਵਰਕਰ, ਕਾਂਤਾ ਦੇਵੀ ਆਸ਼ਾ ਵਰਕਰ, ਬਲਜੀਤ ਕੌਰ ਆਸ਼ਾ ਵਰਕਰ ਆਦਿ ਹਾਜ਼ਰ ਸਨ।

ਭਗੌੜਾ ਮੁਲਜ਼ਮ ਗ੍ਰਿਫ਼ਤਾਰ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-ਪੁਲਸ ਦੀ ਸਪੈਸ਼ਲ ਬ੍ਰਾਂਚ ਟੀਮ ਨੇ ਭਗੌੜਾ ਕਰਾਰ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ।ਜਿਸ ਦੇ ਖਿਲਾਫ ਇਕ ਵਿਅਕਤੀ ਨੂੰ ਬਲੈਕਮੇਲ ਕਰਦੇ ਹੋਏ ਉਸਦੀ ਮੌਤ ਦਾ ਕਾਰਨ ਬਣਨ ਦਾ ਮਾਮਲਾ ਦਰਜ ਹੋਇਆ ਸੀ।ਏ ਐੱਸ ਆਈ ਜਸਪਾਲ ਸਿੰਘ, ਸੁਰਿੰਦਰ ਸਿੰਘ, ਤਰਲੋਚਨ ਸਿੰਘ, ਅਮਰਜੀਤ ਸਿੰਘ ਅਤੇ ਕੁਲਦੀਪ ਸਿੰਘ ਦੀ ਟੀਮ ਵੱਲੋਂ ਕਾਬੂ ਕੀਤੇ ਗਏ ਭਗੌੜੇ ਦੀ ਪਛਾਣ ਜੋਬਨ ਕੁਮਾਰ ਸੰਨੀ ਪੁੱਤਰ ਕਸ਼ਮੀਰ ਸਿੰਘ ਵਾਸੀ ਹਰਸੀ ਪਿੰਡ ਦੇ ਰੂਪ ਵਿਚ ਹੋਈ ਹੈ।ਜਿਸ ਦੇ ਖਿਲਾਫ 10 ਮਾਰਚ 2018 ਨੂੰ ਥਾਣਾ ਟਾਂਡਾ ਵਿਚ ਪਿੰਡ ਨੰਗਲੀ ਵਾਸੀ ਵਿਅਕਤੀ ਸੁਖਵਿੰਦਰ ਸਿੰਘ ਨੂੰ ਮਰਨ ਲਈ ਮਜਬੂਰ ਕਰਨ ਦਾ ਮਾਮਲਾ ਦਰਜ ਹੋਇਆ ਸੀ ਅਤੇ ਇਸਨੂੰ ਮਾਣਯੋਗ ਜੱਜ ਜਸਵਿੰਦਰ ਸ਼ੀਮਾਰ ਨੇ 21 ਜੁਲਾਈ 2023 ਨੂੰ ਭਗੌੜਾ ਕਰਾਰ ਦਿੱਤਾ ਸੀ।ਇਸ ਵਿਅਕਤੀ ਦੇ ਖਿਲਾਫ ਇਹ ਮਾਮਲਾ ਮੌਤ ਦਾ ਸ਼ਿਕਾਰ ਹੋਏ ਵਿਅਕਤੀ ਦੀ ਪਤਨੀ ਗੁਰਪ੍ਰੀਤ ਕੌਰ ਦੇ ਬਿਆਨ ਦੇ ਆਧਾਰ 'ਤੇ ਦਰਜ ਹੋਇਆ ਸੀ ।ਜਿਸ ਵਿਚ ਉਸਨੇ ਦੋਸ਼ ਲਾਇਆ ਸੀ ਕਿ ਇਸ ਮੁਲਜ਼ਮ ਨੇ ਉਸਦੇ ਪਤੀ ਨੂੰ ਕਿਸੇ ਔਰਤ ਨਾਲ ਉਸਦੀਆਂ ਇਤਰਾਜ਼ਯੋਗ ਫੋਟੋਆਂ ਹੋਣ ਸਬੰਧੀ ਬਲੈਕਮੇਲ ਕਰ ਕੇ ਰਕਮ ਲਈ ਸੀ ਅਤੇ ਬਾਅਦ ਵਿਚ ਦੋ ਲੱਖ

6-MAR-PAGE-10.qxd 3/5/2024 10:27 PM Page 1

ਟੋਲ ਪਲਾਜ਼ੇ ਦਾ ਮਲਬਾ ਬਣ ਰਿਹੈ ਹਾਦਸਿਆਂ ਦਾ ਕਾਰਨ

ਭੀਖੀ (ਧਰਮਵੀਰ ਸ਼ਰਮਾ)

ਨੇੜਲੇ ਪਿੰਡ ਹਮੀਰਗੜ੍ਹ ਢੈਪਈ ਦੇ ਬੇਆਬਾਦ ਟੋਲ-ਪਲਾਜ਼ੇ ਨੂੰ ਬੇਸ਼ੱਕ ਤਕਰੀਬਨ ਦੋ ਮਹੀਨਿਆਂ ਦੇ ਸੰਘਰਸ਼ ਉਪਰੰਤ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਢਹਿ-ਢੇਰੀ ਕਰ ਦਿੱਤਾ ਗਿਆ ਸੀ, ਪ੍ਰੰਤੂ ਇਸ ਟੋਲ ਪਲਾਜ਼ੇ ਦੇ ਪਏ ਮਲਬੇ ਕਾਰਨ ਰੋਜ਼ਾਨਾ ਹੀ ਵਾਹਨ ਹਾਦਸੇ ਦਾ ਸ਼ਿਕਾਰ ਹੋ ਰਹੇ ਹਨ, ਜਿਸ ਕਾਰਨ ਵਾਹਨ ਚਾਲਕਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋ ਰਿਹਾ ਹੈ। ਬਠਿੰਡਾ-ਚੰਡੀਗੜ੍ਹ ਰੋਡ ਹੋਣ ਕਾਰਨ ਇਸ ਰਸਤਿਓਂ ਆਮ ਵਾਹਨ ਚਾਲਕ ਹੀ ਨਹੀਂ ਬਲਕਿ ਸਰਕਾਰੀ ਤੇ ਪ੍ਰਸ਼ਾਸਨਕ ਨੁਮਾਇੰਦੇ ਲੰਘਦੇ ਹਨ, ਪ੍ਰੰਤੂ ਇਸ ਸਮੱਸਿਆ ਵੱਲ ਅਜੇ ਤੱਕ ਕਿਸੇ ਨੇ ਵੀ ਕੋਈ ਧਿਆਨ ਨਹੀਂ ਦਿੱਤਾ। ਜਦੋਂ ਹਦਾਸਾਗ੍ਰਸਤ ਵਾਹਨਾਂ ਨੂੰ ਇੱਥੋਂ ਚੁੱਕਣ ਲੱਗਿਆਂ ਕੁਝ ਦੇਰੀ ਹੋ ਜਾਂਦੀ ਹੈ ਤਾਂ ਰਾਤ ਵੇਲੇ ਹੋਰ ਵੀ ਵਾਹਨ ਇੱਕ ਦੂਜੇ ਨਾਲ ਟਕਰਾਅ ਜਾਂਦੇ ਹਨ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਇਕਾਈ ਪ੍ਰਧਾਨ ਦਰਸ਼ਨ ਸਿੰਘ ਨੇ ਦੱਸਿਆ ਕਿ ਸਭ ਕੁਝ ਪ੍ਰਸ਼ਾਸਨ ਦੇ ਧਿਆਨ ਵਿੱਚ ਹੁੰਦਿਆਂ ਵੀ ਇਸ ਮਲਬੇ ਨੂੰ ਚੁੱਕਿਆ ਨਹੀਂ ਜਾ ਰਿਹਾ। ਉਨ੍ਹਾ ਕਿਹਾ ਕਿ ਜੇਕਰ ਸਰਕਾਰ ਤੇ ਪ੍ਰਸ਼ਾਸਨ ਇਹ ਮਲਬਾ ਨਹੀਂ ਚੁੱਕ ਸਕਦਾ, ਤਾਂ ਸਾਨੂੰ ਮਲਬਾ ਚੁੱਕਣ ਲਈ ਕਹਿਣ। ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਜਨਰਲ ਸਕੱਤਰ ਮਹਿੰਦਰ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਇਹ ਮਲਬਾ ਪ੍ਰਸ਼ਾਸਨ ਨੂੰ ਹਟਾ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਭਾਵੇਂ 2 ਮਹੀਨਿਆਂ ਦੇ ਸੰਘਰਸ਼ ਦੌਰਾਨ ਇਸ ਟੋਲ ਪਲਾਜ਼ੇ ਨੂੰ ਹਟਾਉਣ ਵਿੱਚ ਵਰਕਰ ਸਫਲ ਹੋ ਗਏ ਹਨ, ਪ੍ਰੰਤੂ ਹੁਣ ਜ਼ਿਲ੍ਹਾ ਪ੍ਰਸ਼ਾਸਨ ਇਸ ਮਲਬੇ ਨੂੰ ਹਟਾਉਣ ਦਾ ਨਾਮ ਨਹੀਂ ਲੈ ਰਿਹਾ, ਜਿਸ ਕਾਰਨ ਇਹ ਹਾਦਸਿਆਂ ਦਾ ਕਾਰਨ ਬਣ ਰਿਹਾ ਹੈ। ਉਨ੍ਹਾ ਕਿਹਾ ਕਿ ਰੋਜ਼ਾਨਾ ਵਾਪਰਦੇ ਹਾਦਸਿਆਂ ਤੋਂ ਰਾਹਤ ਦਿਵਾਉਣ ਲਈ ਭਾਕਿਯੂ ਨੂੰ ਇਸ ਮਲਬੇ ਨੂੰ ਚੁਕਵਾਉਣ ਲਈ ਇੱਕ ਵਾਰ ਫਿਰ ਸੰਘਰਸ਼ ਵਿੱਢਣਾ ਪਵੇਗਾ।

ਸੁਖਬੀਰ ਵੱਲੋਂ ਗੜੇਮਾਰੀ ਪ੍ਰਭਾਵਤ ਫਸਲਾਂ ਦਾ ਜਾਇਜ਼ਾ

ਕਿਸਾਨਾਂ ਨੂੰ ਪ੍ਰਤੀ ਏਕੜ 25 ਹਜ਼ਾਰ ਰੁਪਏ ਫੌਰੀ ਅੰਤਰਿਮ ਮੁਆਵਜ਼ਾ ਦੇਣ ਦੀ ਮੰਗ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਦੋ ਦਿਨ ਪਹਿਲਾਂ ਹੋਈ ਭਿਆਨਕ ਗੜੇਮਾਰੀ ਦਾ ਸ਼ਿਕਾਰ ਹੋਏ ਕਿਸਾਨਾਂ ਨੂੰ ਉਨ੍ਹਾਂ ਦੇ ਹਾਲ 'ਤੇ ਛੱਡਣ ਦੀ ਜ਼ੋਰਦਾਰ ਨਿੰਦਾ ਕੀਤੀ ਤੇ ਮੰਗ ਕੀਤੀ ਕਿ ਪ੍ਰਭਾਵਤ ਕਿਸਾਨਾਂ ਨੂੰ ਫੌਰੀ 25 ਹਜ਼ਾਰ ਰੁਪਏ ਦੀ ਅੰਤਰਿਮ ਰਾਹਤ ਦਿੱਤੀ ਜਾਵੇ। ਅਕਾਲੀ ਦਲ ਦੇ ਪ੍ਰਧਾਨ, ਜਿਨ੍ਹਾਂ ਨੇ ਪਿੰਡ ਚੱਕ ਅਤਰ ਸਿੰਘ ਵਾਲਾ, ਨੰਦਗੜ੍ਹ, ਬਾਜਕ, ਸਰਦਾਰਗੜ੍ਹ, ਕਰਮਗੜ੍ਹ ਸਤਰਾ, ਵਿਰਕ ਖੁਰਦ, ਬੁਰਜ ਮਹਿਮਾ, ਮਹਿਮਾ ਭਗਵਾਨਾਂ, ਮਹਿਮਾ ਸਰਕਾਰੀ ਤੇ ਮਹਿਮਾ ਸਵਾਈ ਪਿੰਡਾਂ ਦਾ ਦੌਰਾ ਕੀਤਾ, ਨੇ ਕਿਹਾ ਕਿ ਪਿੰਡਾਂ ਵਾਲਿਆਂ ਨੇ ਉਨ੍ਹਾਂ ਨੂੰ ਦੱਸਿਆ ਹੈ ਕਿ ਨਾ ਤਾਂ ਕੋਈ ਆਪ ਵਿਧਾਇਕ ਤੇ ਨਾ ਹੀ ਖੇਤੀਬਾੜੀ ਮੰਤਰੀ ਹੁਣ ਤੱਕ ਉਨ੍ਹਾਂ ਕੋਲ ਆਏ ਹਨ। ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਨੁਕਸਾਨ ਦੇ

ਜਾਇਜ਼ੇ ਲਈ ਤੁਰੰਤ ਗਿਰਦਾਵਰੀ ਦੇ ਹੁਕਮ ਦੇਣ ਤੇ ਕਿਹਾ ਕਿ ਗਿਰਦਾਵਰੀ ਹੋਣ ਤੱਕ ਪ੍ਰਭਾਵਤ ਕਿਸਾਨਾਂ ਨੂੰ 25-25 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਅੰਤਰਿਮ ਮੁਆਵਜ਼ਾ ਦਿੱਤਾ ਜਾਵੇ।

ਸ੍ਰ. ਬਾਦਲ ਨੇ ਕਿਹਾ ਕਿ ਇਹ ਹੈਰਾਨੀ ਵਾਲੀ ਗੱਲ ਹੈ ਕਿ ਮੁੱਖ ਮੰਤਰੀ, ਜਿਨ੍ਹਾਂ ਨੇ ਕਿਸਾਨਾਂ ਨੂੰ ਫਸਲੀ ਨੁਕਸਾਨ ਹੋਣ ਦਾ ਅਗਾਊਂ ਮੁਆਵਜ਼ਾ ਦੇਣ ਦਾ ਵਾਅਦਾ ਕੀਤਾ ਸੀ, ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਕਾਰਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਹੁਣ ਤੱਕ ਮੁਆਵਜ਼ਾ ਦੇਣ ਵਿੱਚ ਨਾਕਾਮ ਰਹੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਨੇ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦੇਣ ਦਾ ਕਿਸਾਨਾਂ ਨਾਲ ਵਾਅਦਾ ਕਰਨ ਤੋਂ ਬਾਅਦ ਉਨ੍ਹਾਂ ਨਾਲ ਧੋਖਾ ਕੀਤਾ ਤੇ ਉਹ ਕਿਸਾਨਾਂ ਦੀਆਂ ਦਾਲਾਂ ਤੇ ਮੱਕੀ ਦੀ ਫਸਲ ਵੀ ਐੱਮ ਐੱਸ ਪੀ 'ਤੇ ਖ਼ੀਦਣ ਵਿੱਚ ਨਾਕਾਮ ਰਹੇ ਹਨ। ਸ੍ਰ. ਸੁਖਬੀਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਆਪ ਸਰਕਾਰ ਨੂੰ ਇਸ ਕਿਸਾਨ ਵਿਰੋਧੀ ਨੀਤੀ 'ਤੇ ਚਲਦੇ ਰਹਿਣ ਦੀ ਆਗਿਆ ਨਹੀਂ ਦੇਵੇਗਾ। ਉਨ੍ਹਾ ਕਿਹਾ ਕਿ ਜੇਕਰ ਗੜੇਮਾਰੀ ਕਾਰਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਨਾ ਦਿੱਤਾ ਗਿਆ ਤਾਂ ਅਸੀਂ ਕਿਸਾਨਾਂ ਵਾਸਤੇ ਨਿਆਂ ਲਈ ਸੰਘਰਸ਼ ਸ਼ੁਰੂ ਕਰਾਂਗੇ। ਇਸ ਮੌਕੇ ਉਨ੍ਹਾ ਨਾਲ ਸਾਬਕਾ ਵਿਧਾਇਕ ਪ੍ਰਕਾਸ਼ ਸਿੰਘ ਭੱਟੀ, ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਬਰਾੜ ਤੇ ਭੁੱਚੋ ਹਲਕੇ ਦੇ ਇੰਚਾਰਜ ਮਾਨ ਸਿੰਘ ਵੀ ਮੌਜੂਦ ਸਨ।

ਸਿਹਤ ਵਿਭਾਗ ਨੇ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਇਆ

ਮਾਨਸਾ (ਆਤਮਾ ਸਿੰਘ ਪਮਾਰ)-ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹੇ ਅੰਦਰ ਵੱਖ ਵੱਖ ਥਾਵਾਂ 'ਤੇ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਇਆ ਗਿਆ।ਇਸ ਮੌਕੇ ਡਾ. ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਹਰ ਵਿਅਕਤੀ ਨੂੰ ਛੋਟੀ ਉਮਰ ਤੋਂ ਹੀ ਆਪਣੀ ਸੁਣਨ ਸ਼ਕਤੀ ਦੀ ਜਾਂਚ ਕਰਵਾਉਣੀ ਚਾਹੀਦੀ ਹੈ।ਉਨਾ ਕਿਹਾ ਕਿ ਇਸ ਸਬੰਧੀ ਕੋਈ ਵੀ ਲਾਪ੍ਰਵਾਹੀ ਵਰਤਣੀ ਨੁਕਸਾਨਦੇਹ ਹੋ ਸਕਦੀ ਹੈ।ਉਨ੍ਹਾ ਕਿਹਾ ਕਿ ਸੜਕ ਕਿਨਾਰੇ ਬੈਠੇ ਵਿਅਕਤੀਆਂ ਤੋਂ ਕੰਨ ਸਾਫ਼ ਕਰਨ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਘੱਟ ਸੁਣਨ ਵਾਲੇ ਬੱਚਿਆਂ ਨੂੰ ਦੂਜੇ ਬੱਚਿਆਂ ਨਾਲ ਰਲਾਉਣ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ।ਸਮੇਂ ਸਮੇਂ ਮਾਹਰ ਡਾਕਟਰਾਂ ਦੀ ਰਾਇ ਲੈਣੀ ਚਾਹੀਦੀ ਹੈ।60 ਸਾਲ ਦੀ ਉਮਰ ਤੋਂ ਵੱਧ ਹਰ ਵਿਅਕਤੀ ਨੂੰ ਆਪਣਾ ਸੁਣਨ ਦਾ ਟੈਸਟ ਕਰਾਉਣਾ ਲਾਜ਼ਮੀ ਹੈ, ਖ਼ਾਸਕਰ ਉਦੋਂ ਜਦੋਂ ਤੁਸੀਂ ਗੱਲਬਾਤ ਦੌਰਾਨ ਵਾਰ ਵਾਰ ਸ਼ਬਦਾਂ ਨੂੰ ਦੁਹਰਾਉਣ ਲਈ ਕਹਿ ਰਹੇ ਹੋਵੋ।ਗਰਭ ਅਵਸਥਾ ਦੌਰਾਨ ਮਾਹਿਰ ਡਾਕਟਰ ਦੀ ਰਾਇ ਤੋਂ ਬਿਨਾਂ ਲਈ ਗਈ ਦਵਾਈ ਨਵਜੰਮੇ ਬੱਚੇ ਦੀ ਸੁਣਨ ਦੀਆਂ ਕਮੀਆਂ ਦਾ ਕਾਰਨ ਬਣ ਸਕਦੀ ਹੈ।ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਨੇ ਦੱਸਿਆ ਕਿ ਇਸ ਦਿਵਸ ਦਾ ਮੰਤਵ ਸਾਰੀ ਜ਼ਿੰਦਗੀ ਸੁਰੱਖਿਅਤ ਸੁਣਨ ਸ਼ਕਤੀ ਨੂੰ ਬਣਾਈ ਰੱਖਣਾ ਹੈ, ਜਦੋਂ ਕਦੀ ਵੀ ਸਾਨੂੰ ਕੋਈ ਵਿਅਕਤੀ ਮਿਲਦਾ ਹੈ, ਜਿਸ ਦੀ ਸੁਣਨ ਤੇ ਬੋਲਣ ਦੀ ਸਮਰੱਥਾ ਠੀਕ ਨਹੀਂ ਹੁੰਦੀ ਤਾਂ ਉਨ੍ਹਾਂ ਵਿਅਕਤੀਆਂ ਨਾਲ ਸਤਿਕਾਰ ਸਹਿਤ ਪੇਸ਼ ਆਉਣਾ ਚਾਹੀਦਾ ਹੈ।

ਆਜ਼ਾਦ ਸਪੋਰਟਸ ਕਲੱਬ ਵੱਲੋਂ ਖੇਡ ਮੇਲਾ 8 ਤੋਂ : ਨੱਥੋਵਾਲ

ਹਠੂਰ (ਨਛੱਤਰ ਸੰਧੂ)-ਆਜ਼ਾਦ ਸਪੋਰਟਸ ਐਂਡ ਵੈੱਲਫੇਅਰ ਕਲੱਬ ਹਠੂਰ ਵੱਲੋਂ 8, 9 ਤੇ 10 ਮਾਰਚ ਨੂੰ ਹਾਕੀ, ਫੁੱਟਬਾਲ, ਵਾਲੀਬਾਲ ਤੇ ਤਾਸ਼ ਸੀਪ ਦਾ ਖੇਡ ਮੇਲਾ ਕਲੱਬ ਦੇ ਪ੍ਰਧਾਨ ਜਸਕਮਲਪ੍ਰੀਤ ਸਿੰਘ ਨਿੱਪਾ ਦੀ ਅਗਵਾਈ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਮੋਗਾ ਪ੍ਰਭਦੀਪ ਸਿੰਘ ਨੱਥੋਵਾਲ ਦਾ ਵਿਸ਼ੇਸ਼ ਸਨਮਾਨ ਰਾਜ ਖਾਨ ਨੱਥੋਵਾਲ ਤੇ ਆਜ਼ਾਦ ਸਪੋਰਟਸ ਕਲੱਬ ਵੱਲੋਂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨਾਮਵਾਰ ਹਾਕੀ ਖਿਡਾਰੀਆਂ ਦਾ ਵੀ ਸਨਮਾਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜਖਾਨ ਨੇ ਦੱਸਿਆ ਕਿ ਇਸ ਖੇਡ ਮੇਲੇ ਨੂੰ ਲੈ ਕੇ ਪੂਰੇ ਪੰਜਾਬ ਦੇ ਖਿਡਾਰੀਆਂ ਤੇ ਦਰਸ਼ਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਖਿਡਾਰੀਆਂ ਦੇ ਖਾਣ-ਪੀਣ ਤੇ ਰਹਿਣ ਦਾ ਕਲੱਬ ਵੱਲੋਂ ਪੂਰਾ ਪ੍ਰਬੰਧ ਕੀਤਾ ਗਿਆ ਹੈ। ਸਾਨੂੰ ਸਾਰਿਆਂ ਨੂੰ ਇਸ ਖੇਡ ਮੇਲੇ ਵਿੱਚ ਪਹੁੰਚਣਾ ਚਾਹੀਦਾ ਹੈ। ਇਸ ਸਮੇਂ ਦੁੱਲਾ ਯੂ ਐੱਸ ਏ, ਸਤਨਾਮ ਯੂ ਐੱਸ ਏ, ਰਾਜੂ ਕੈਨੇਡਾ, ਬੂਟਾ ਕੈਨੇਡਾ, ਨਵਦੀਪ ਕੈਨੇਡਾ, ਪਾਲੀ ਕੈਨੇਡਾ, ਬਿੰਦਰ ਕੈਨੇਡਾ, ਰਿੰਕੂ ਕੈਨੇਡਾ, ਤੂਰ ਪਰਿਵਾਰ ਵਿੱਚੋਂ ਅਮਰਜੀਤ ਸਿੰਘ ਬੈਲਜੀਅਮ, ਨਿਸ਼ਾਨ ਅਸਟਰੇਲੀਆ, ਸਨੀ ਨੱਥੋਵਾਲ ਕੈਨੇਡਾ, ਪਾਲ ਹਠੂਰ, ਜੁਗਨੂੰ ਹਠੂਰ, ਬੇਦੀ ਹਠੂਰ, ਰਾਜਖਾਨ ਨੱਥੋਵਾਲ ਤੇ ਕੁਲਦੀਪ ਸਿੰਘ ਗਰੇਵਾਲ ਆਦਿ ਵਿਸ਼ੇਸ਼ ਤੌਰ 'ਤੇ ਆਪਣੀ ਹਾਜ਼ਰੀ ਭਰਨਗੇ।

ਸਿਹਤ ਵਿਭਾਗ ਨੇ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਇਆ

ਮਾਨਸਾ (ਆਤਮਾ ਸਿੰਘ ਪਮਾਰ)

ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ 'ਤੇ ਜ਼ਿਲ੍ਹੇ ਅੰਦਰ ਵੱਖ ਵੱਖ ਥਾਵਾਂ 'ਤੇ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਇਆ ਗਿਆ।ਇਸ ਮੌਕੇ ਡਾ. ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਹਰ ਵਿਅਕਤੀ ਨੂੰ ਛੋਟੀ ਉਮਰ ਤੋਂ ਹੀ ਆਪਣੀ ਸੁਣਨ ਸ਼ਕਤੀ ਦੀ ਜਾਂਚ ਕਰਵਾਉਣੀ ਚਾਹੀਦੀ ਹੈ।ਉਨਾ ਕਿਹਾ ਕਿ ਇਸ ਸਬੰਧੀ ਕੋਈ ਵੀ ਲਾਪ੍ਰਵਾਹੀ ਵਰਤਣੀ ਨੁਕਸਾਨਦੇਹ ਹੋ ਸਕਦੀ ਹੈ।ਉਨ੍ਹਾ ਕਿਹਾ ਕਿ ਸੜਕ ਕਿਨਾਰੇ ਬੈਠੇ ਵਿਅਕਤੀਆਂ ਤੋਂ ਕੰਨ ਸਾਫ਼ ਕਰਨ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਘੱਟ ਸੁਣਨ ਵਾਲੇ ਬੱਚਿਆਂ ਨੂੰ ਦੂਜੇ ਬੱਚਿਆਂ ਨਾਲ ਰਲਾਉਣ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ।ਸਮੇਂ ਸਮੇਂ ਮਾਹਰ ਡਾਕਟਰਾਂ ਦੀ ਰਾਇ ਲੈਣੀ ਚਾਹੀਦੀ ਹੈ।60 ਸਾਲ ਦੀ ਉਮਰ ਤੋਂ ਵੱਧ ਹਰ ਵਿਅਕਤੀ ਨੂੰ ਆਪਣਾ ਸੁਣਨ ਦਾ ਟੈਸਟ ਕਰਾਉਣਾ ਲਾਜ਼ਮੀ ਹੈ, ਖ਼ਾਸਕਰ ਉਦੋਂ ਜਦੋਂ ਤੁਸੀਂ ਗੱਲਬਾਤ ਦੌਰਾਨ ਵਾਰ ਵਾਰ ਸ਼ਬਦਾਂ ਨੂੰ ਦੁਹਰਾਉਣ ਲਈ ਕਹਿ ਰਹੇ ਹੋਵੋ।ਗਰਭ ਅਵਸਥਾ ਦੌਰਾਨ ਮਾਹਿਰ ਡਾਕਟਰ ਦੀ ਰਾਇ ਤੋਂ ਬਿਨਾਂ ਲਈ ਗਈ ਦਵਾਈ ਨਵਜੰਮੇ ਬੱਚੇ ਦੀ ਸੁਣਨ ਦੀਆਂ ਕਮੀਆਂ ਦਾ ਕਾਰਨ ਬਣ ਸਕਦੀ ਹੈ।ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਨੇ ਦੱਸਿਆ ਕਿ ਇਸ ਦਿਵਸ ਦਾ ਮੰਤਵ ਸਾਰੀ ਜ਼ਿੰਦਗੀ ਸੁਰੱਖਿਅਤ ਸੁਣਨ ਸ਼ਕਤੀ ਨੂੰ ਬਣਾਈ ਰੱਖਣਾ ਹੈ, ਜਦੋਂ ਕਦੀ ਵੀ ਸਾਨੂੰ ਕੋਈ ਵਿਅਕਤੀ ਮਿਲਦਾ ਹੈ, ਜਿਸ ਦੀ ਸੁਣਨ ਤੇ ਬੋਲਣ ਦੀ ਸਮਰੱਥਾ ਠੀਕ ਨਹੀਂ ਹੁੰਦੀ ਤਾਂ ਉਨ੍ਹਾਂ ਵਿਅਕਤੀਆਂ ਨਾਲ ਸਤਿਕਾਰ ਸਹਿਤ ਪੇਸ਼ ਆਉਣਾ ਚਾਹੀਦਾ ਹੈ।

ਵਿਧਾਇਕ ਗਰੇਵਾਲ ਵੱਲੋਂ ਜੀਕੇ ਸਟੇਟ 'ਚ ਵਿਕਾਸ ਕਾਰਜਾਂ ਦਾ ਉਦਘਾਟਨ

ਲੁਧਿਆਣਾ (ਰਾਜ ਸਿੰਗਲਾ)

ਵਿਧਾਨ ਸਭਾ ਹਲਕਾ ਪੂਰਵੀ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਵਾਰਡ ਨੰਬਰ 15 ਦੇ ਜੀਕੇ ਸਟੇਟ ਵਿਖੇ ਕਰੀਬ 70 ਲੱਖ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗਰੇਵਾਲ ਨੇ ਦੱਸਿਆ ਕਿ ਵਾਰਡ ਨੰਬਰ 15 ਦੀ ਜੀਕੇ ਸਟੇਟ ਕਲੌਨੀ ਕਾਫੀ ਪੁਰਾਣੀ ਬਣੀ ਹੋਈ ਹੈ, ਪਰ ਵਿਕਾਸ ਪੱਖੋਂ ਇਹ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਦਾ ਸ਼ਿਕਾਰ ਹੁੰਦੀ ਆ ਰਹੀ ਸੀ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਇਲਾਕੇ ਦੇ ਲੋਕਾਂ ਦੀ ਮੰਗ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਸਾਡੀ ਇਸ ਕਲੌਨੀ ਦੀਆਂ ਗਲੀਆਂ ਨੂੰ ਜ਼ਰੂਰ ਬਣਾਇਆ ਜਾਵੇ, ਸੋ ਅੱਜ ਇਲਾਕਾ ਵਾਸੀਆਂ ਦੀ ਮੰਗ ਨੂੰ ਪੂਰਾ ਕਰਦੇ ਹੋਏ ਕਰੀਬ 70 ਲੱਖ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ

ਉਦਘਾਟਨ ਕੀਤਾ ਗਿਆ ਹੈ, ਜੋ ਕਿ ਆਉਣ ਵਾਲੇ ਦਿਨਾਂ ਵਿੱਚ ਛੇਤੀ ਹੀ ਮੁਕੰਮਲ ਕਰ ਲਏ ਜਾਣਗੇ।

ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪਹਿਲੇ ਦਿਨ ਤੋਂ ਹੀ ਸੂਬੇ ਅੰਦਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਰਹੀ ਹੈ ਤੇ ਸੂਬੇ ਦੇ ਹਰ ਹਲਕੇ, ਹਰ ਸ਼ਹਿਰ ਵਿੱਚ ਰਿਕਾਰਡ ਤੋੜ ਵਿਕਾਸ ਕਾਰਜ ਚੱਲ ਰਹੇ ਹਨ, ਇਸੇ ਹੀ ਲੜੀ ਤਹਿਤ ਹਲਕਾ ਪੂਰਵੀ ਅੰਦਰ ਵੀ ਹਰ ਵਾਰਡ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾ ਕਿਹਾ ਕਿ ਹਲਕੇ ਅੰਦਰ ਆਮ ਆਦਮੀ ਕਲੀਨਿੰਗ, ਹਸਪਤਾਲ ਤੇ ਸਕੂਲਾਂ ਦੇ ਕੰਮ ਚੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਕੰਮਾਂ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ।ਉਨ੍ਹਾਂ ਇਲਾਕਾ ਵਾਸੀਆਂ ਨੂੰ ਭਰੋਸਾ ਦਿੰਦੇ ਹੋਏ ਕਿਹਾ ਕਿ ਹਲਕੇ ਅੰਦਰ ਵਿਕਾਸ ਪੱਖੋਂ ਕਿਸੇ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਮੌਕੇ ਪ੍ਰਧਾਨ ਜਸਪਾਲ ਸਿੰਘ, ਸੁਰਜੀਤ ਠੇਕੇਦਾਰ, ਅਮਰ ਸਿੰਘ ਮਕੌੜੀ, ਪ੍ਰਿੰਸੀਪਲ ਇੰਦਰਜੀਤ ਕੌਰ ਆਮ ਆਦਮੀ ਪਾਰਟੀ ਦੇ ਵਰਕਰਾਂ ਤੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

ਲੋਕ ਅਦਾਲਤ 9 ਨੂੰ

ਧੂਰੀ (ਪੱਤਰ ਪ੍ਰੇਰਕ)-ਚਾਹੇ ਤੁਸੀਂ ਅਦਾਲਤ ਵਿੱਚ ਕਿਸੇ ਮੁਕੱਦਮੇ ਦਾ ਸਾਹਮਣਾ ਕਰ ਰਹੇ

6-March-PAGE-11-Majha-24.qxd 3/5/2024 10:43 PM Page 1

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦਾ ਸ਼ੰਭੂ ਬਾਰਡਰ ਲਈ ਚੌਥਾ ਜਥਾ ਰਵਾਨਾ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪੱਟੀ ਜ਼ੋਨ ਆਗੂ ਸਵਰਨ ਸਿੰਘ ਖਹਿਰਾ ਦੀ ਅਗਵਾਈ ਵਿੱਚ ਹਰੀਕੇ ਪੱਤਣ ਤੋਂ ਸ਼ੰਭੂ ਬਾਰਡਰ ਲਈ ਚੌਥਾ ਜਥਾ ਰਵਾਨਾ ਹੋਇਆ ਜਿਸ ਵਿੱਚ ਸ਼ਾਮਲ ਕਿਸਾਨ ਮਜ਼ਦੂਰ ਧਰਨੇ 'ਚ 7 ਦਿਨ ਦੀ ਹਾਜ਼ਰੀ ਲਵਾਉਣਗੇ। ਇਕੱਠ ਨੂੰ ਸੰਬੋਧਨ ਕਰਦਿਆਂ ਸਵਰਨ ਸਿੰਘ ਖਹਿਰਾ, ਗੁਰਸੇਵਕ ਸਿੰਘ ਉੱਪਲ ਨੇ ਕਿਹਾ ਕਿ ਕਿਸਾਨੀ ਮੰਗਾਂ ਲਈ ਕੇਂਦਰ ਸਰਕਾਰ ਖਿਲਾਫ ਜਾਰੀ ਇਹ ਧਰਨਾ ਪ੍ਰਦਰਸ਼ਨ ਫੈਸਲਾਕੁੰਨ ਮੋੜ 'ਤੇ ਪਹੁੰਚ ਚੁੱਕਾ ਹੈ। ਉਨ੍ਹਾਂ ਕਿਹਾ ਕਿ ਦੂਸਰੇ ਦਿੱਲੀ ਅੰਦੋਲਨ ਦੇ ਸ਼ਹੀਦ ਕਿਸਾਨ ਸ਼ੁਭਕਰਨ ਸਿੰਘ ਦੇ ਭੋਗ ਸਮੇਂ ਸੰਘਰਸ਼ ਦੀ ਬਦਲੀ ਰਣਨੀਤੀ ਦੇ ਕੀਤੇ ਐਲਾਨਾਂ ਨੂੰ ਸਿਰੇ ਲਾਉਣ ਲਈ ਪਿੰਡਾਂ ਵਿੱਚ ਲਾਮਬੰਦੀ ਆਰੰਭ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਰਾਮਲੀਲਾ ਮੈਦਾਨ ਦਾ ਇਕੱਠ ਅਤੇ ਰੇਲ ਰੋਕੂ ਪ੍ਰੋਗਰਾਮ ਦਾ ਸਫਲਤਾ ਲਈ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਦੀ ਅਗਵਾਈ ਵਿੱਚ ਪੰਜਾਬ ਭਰ ਤੋਂ ਵੱਡੇ ਕਾਫਲੇ ਜਾਣਗੇ। ਉਨ੍ਹਾਂ ਮੰਗਾਂ ਦੇ ਜਲਦੀ ਹੱਲ ਲਈ ਹਰ ਸਮਾਜਿਕ ਪ੍ਰਾਣੀ ਤੋਂ ਸਹਿਯੋਗ ਦੀ ਮੰਗ ਕੀਤੀ। ਇਸ ਮੌਕੇ ਸੋਨੀ ਗਿੱਲ, ਭਗਵਾਨ ਸਿੰਘ ਸਿੱਧੂ, ਗੁਰਜੰਟ ਸਿੰਘ, ਜਗਤਾਰ ਸਿੰਘ, ਹਾਕਮ ਸਿੰਘ, ਬਲਕਾਰ ਸਿੰਘ, ਗੁਰਪ੍ਰੀਤ ਸਿੰਘ, ਰੇਸ਼ਮ ਸਿੰਘ, ਪ੍ਰਤਾਪ ਸਿੰਘ, ਅਮਰੀਕ ਸਿੰਘ ਆਦਿ ਹਾਜ਼ਰ ਸਨ।

ਧਾਲੀਵਾਲ ਅਜਨਾਲਾ ਹਲਕੇ ਦੀ ਨੁਹਾਰ ਬਦਲਣ ਲਈ ਸਦਾ ਤਤਪਰ: ਗੀਤਾ ਗਿੱਲ

ਅਜਨਾਲਾ (ਸੁਤਿੰਦਰ ਸਿੰਘ ਰਾਜੂ)-ਪੰਜਾਬ ਦੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਜਨਾਲਾ ਤਹਿਸੀਲ ਦੀ ਨੁਹਾਰ ਬਦਲਣ ਲਈ ਤਤਪਰ ਰਹਿੰਦੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਡਿਸਟਰਿਕਟ ਜੁਆਇੰਟ ਸੈਕਟਰੀ ਵਾਰਡ ਨੰਬਰ 9 ਦੀ ਇੰਚਾਰਜ ਮੈਡਮ ਗੀਤਾ ਗਿੱਲ ਨੇ ਕੀਤਾ। ਉਨ੍ਹਾਂ ਨੇ ਦੱਸਿਆ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਅਜਨਾਲੇ ਹਲਕੇ ਦਾ ਬਹੁਤ ਜ਼ਿਆਦਾ ਵਿਕਾਸ ਹੋ ਰਿਹਾ ਹੈ ਅਤੇ ਅਜਨਾਲਾ ਸ਼ਹਿਰ ਦੀ ਨੁਹਾਰ ਬਦਲੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਵਾਰਡ ਨੰਬਰ 9 ਵਿੱਚ ਪਟਵਾਰਖਾਨੇ ਵਾਲੀ ਗਲੀ ਜੋ ਕਿ 97 ਲੱਖ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋ ਰਹੀ ਹੈ ਅਤੇ ਵਾਰਡ ਵਿੱਚ ਪੰਜ ਟਰਾਂਸਫਾਰਮਰ ਬਿਜਲੀ ਲਈ ਲਗਾਏ ਗਏ ਹਨ ਤਾਂ ਕਿ ਲੋਕਾਂ ਨੂੰ ਬਿਜਲੀ ਦੀ ਮੁਸ਼ਕਲ ਨਾ ਆਵੇ ਅਤੇ ਲਾਈਟਾਂ, ਗਲੀਆਂ-ਨਾਲੀਆਂ ਹਰ ਤਰ੍ਹਾਂ ਦੇ ਕੰਮ ਆਰੰਭੇ ਗਏ ਹਨ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਆਪ ਕੇ ਦੁਆਰ ਤਹਿਤ ਕੈਂਪ ਲਗਾ ਕੇ ਹਰ ਇੱਕ ਦਾ ਕੰਮ ਇੱਕੋ ਛੱਤ ਹੇਠ ਕਰਕੇ ਸਰਕਾਰ ਨੇ ਵਾਅਦਿਆਂ ਦੀ ਵਚਨਬੱਧਤਾ ਨਿਭਾਈ ਹੈ। ਇਸ ਮੌਕੇ ਉਨ੍ਹਾਂ ਨੇ ਕੈਬਨਿਟ ਮੰਤਰੀ ਧਾਲੀਵਾਲ ਦਾ ਆਪਣੇ ਵਾਰਡ ਵਿੱਚ ਕੀਤੇ ਵਿਕਾਸ ਕਾਰਜਾਂ ਲਈ ਧੰਨਵਾਦ ਕੀਤਾ।

ਸ੍ਰੀ ਚੋਲਾ ਸਾਹਿਬ ਮੇਲੇ ਮੌਕੇ 9ਵਾਂ 1 ਰੋਜ਼ਾ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਮੌਕੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਸ਼ਾਹਪੁਰੀਆਂ ਵੱਲੋਂ ਅੱਜ ਐੱਨਆਰਆਈ ਵੀਰਾਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦਵਾਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ 9ਵਾਂ 1 ਰੋਜ਼ਾ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ।ਇਸ ਕੈਂਪ ਵਿਚ ਮੁੱਖ ਮਹਿਮਾਨ ਵਜੋਂ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਗੁਰਜੀਤ ਸਿੰਘ ਸ਼ਾਹਪੁਰੀਏ ਨੇ ਦੱਸਿਆ ਕੇ ਇਸ ਕੈਂਪ ਦੋਰਾਨ 250 ਦੇ ਕਰੀਬ ਨੌਜਵਾਨਾਂ ਨੂੰ ਦਸਤਾਰਾਂ ਸਜਾਈਆਂ ਗਈਆਂ ਤੇ 50 ਦੇ ਕਰੀਬ ਨੌਜਵਾਨਾਂ ਨੂੰ ਦਸਤਾਰਾਂ ਵੰਡੀਆਂ ਗਈਆਂ ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 16 ਨੌਜਵਾਨਾਂ ਨੇ ਨਸ਼ੇ ਤਿਆਗ ਕੇ ਕੇਸ ਅਤੇ ਦਾੜ੍ਹੀ ਰੱਖਣ ਦਾ ਪ੍ਰਣ ਵੀ ਲਿਆ ਹੈ।ਇਸ ਮੌਕੇ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨੌਜਵਾਨਾਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਵੱਲੋਂ ਦਰਸਾਏ ਮਾਰਗ ਤੇ ਚੱਲਦਿਆਂ ਸਾਬਤ ਸੂਰਤ ਸਿੱਖੀ ਰੂਪ ਧਾਰਨ ਕਰਨਾ ਚਾਹੀਦਾ ਹੈ ।ਇਨ੍ਹਾਂ ਨੌਜਵਾਨਾਂ ਦਾ ਇਹ ਬਹੁਤ ਵੱਡਾ ਉਪਰਾਲਾ ਹੈ, ਜੋ ਨੌਜਵਾਨ ਪੀੜ੍ਹੀ ਨੂੰ ਸਿੱਖੀ ਤੇ ਗੁਰੂ ਨਾਲ ਜੋੜ ਰਹੇ ਹਨ।ਇਸ ਮੌਕੇ ਬਾਬਾ ਜੀ ਵੱਲੋਂ ਇਸ ਕੈਂਪ ਦੌਰਾਨ ਸੇਵਾ ਨਿਭਾਉਣ ਵਾਲੇ ਦਸਤਾਰ ਕੋਚਾਂ ਅਤੇ ਦਸਤਾਰ ਸਜਾਉਣ ਵਾਲੇ ਨੌਜਵਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਇਸ ਕੈਂਪ ਵਿੱਚ ਤੀਰਥ ਸਿੰਘ ਅਟਵਾਲ, ਕੁਲਦੀਪ ਸਿੰਘ ਰਾਜਾ, ਗੋਪੀ ਬੈਂਸ, ਸ਼ਰਨਦੀਪ ਸਿੰਘ, ਕੁਲਵੰਤ ਸਿੰਘ ਧਾਲੀਵਾਲ, ਅਤਿੰਦਰ ਪਾਲ ਸਿੰਘ, ਅੰਮ੍ਰਿਤਬੀਰ ਸਿੰਘ, ਇਕਬਾਲ ਸਿੰਘ ਰੰਧਾਵਾ, ਅੰਮ੍ਰਿਤਪਾਲ ਸਿੰਘ ਬੈਂਸ, ਬਲਦੇਵ ਰਾਜ ਅਰੋੜਾ, ਮਨਪ੍ਰੀਤ ਸਿੰਘ ਮੰਨੂੰ, ਮਹਾਜਨ ਹਸਪਤਾਲ ਦੇ ਵੀਰਾਂ ਵੱਲੋਂ ਵਿਸ਼ੇਸ਼ ਤੌਰ ਤੇ ਸਹਿਯੋਗ ਦਿੱਤਾ ਗਿਆ।ਇਸ ਮੌਕੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਿੰਦਰ ਸਿੰਘ ਕਿੰਗ, ਜਸਪਾਲ ਸਿੰਘ ਭੁੱਲਰ, ਇੰਟਰਨੈਸ਼ਨਲ ਕੋਚ ਗੁਰਜੀਤ ਸਿੰਘ ਸ਼ਾਹਪੁਰ, ਦਸਤਾਰੇ ਖਾਲਸਾ ਕਲੱਬ ਦੇ ਪ੍ਰਧਾਨ ਪਰਮਿੰਦਰ ਸਿੰਘ ਰਾਜਪੁਰਾ, ਕੋਚ ਪ੍ਰਭਜੀਤ ਸਿੰਘ, ਸਾਹਿਬ ਸਿੰਘ, ਨਵਦੀਪ ਰਾਣਾ, ਗੁਰਜੰਟ ਸਿੰਘ, ਲਵਪ੍ਰੀਤ ਸਿੰਘ, ਹਰਤੇਜ ਸਿੰਘ, ਲਵਲੀਨ ਸਿੰਘ, ਮਨਪ੍ਰੀਤ ਸਿੰਘ, ਵਿਕਾਸਦੀਪ ਸਿੰਘ, ਕਰਨਬੀਰ ਕੈਨੇਡਾ, ਰਣਜੀਤ ਸਿੰਘ, ਜਸਪਾਲ ਸਿੰਘ, ਜਗਜੀਤ ਸਿੰਘ, ਗਗਨਦੀਪ ਸਿੰਘ ਆਦਿ ਵੱਖ ਵੱਖ ਦਸਤਾਰ ਕੋਚਾਂ ਵੱਲੋਂ ਵੱਖ-ਵੱਖ ਦਸਤਾਰਾਂ ਅਤੇ ਦੁਮਾਲੇ ਸਜਾਏ ਗਏ।

ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿ ਜਾਣ ਵਾਲੇ ਸ਼ਰਧਾਲੂਆਂ ਤੋਂ ਪਾਸਪੋਰਟ ਮੰਗੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਜੂਨ 2024 ਵਿਚ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਸ਼ਰਧਾਲੂਆਂ ਪਾਸੋਂ ਪਾਸਪੋਰਟਾਂ ਦੀ ਮੰਗ ਕੀਤੀ ਹੈ।

ਚਾਹਵਾਨ ਸ਼ਰਧਾਲੂ ਆਪਣੇ ਪਾਸਪੋਰਟ 25 ਮਾਰਚ 2024 ਤੱਕ ਸ਼੍ਰੋਮਣੀ ਕਮੇਟੀ ਦਫ਼ਤਰ ਦੇ ਯਾਤਰਾ ਵਿਭਾਗ ਵਿਖੇ ਜਮ੍ਹਾ ਕਰਵਾ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਣ ਪਾਕਿਸਤਾਨ ਵਿਖੇ ਸਿੱਖ ਸ਼ਰਧਾਲੂਆਂ ਦਾ ਜਥਾ ਭੇਜਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਜੂਨ ਮਹੀਨੇ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਭੇਜਿਆ ਜਾਵੇਗਾ।

ਜਥੇ ਵਿਚ ਜਾਣ ਦੇ ਚਾਹਵਾਨ ਸ਼ਰਧਾਲੂ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਦੀ ਸਿਫਾਰਸ਼ ਸਹਿਤ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਜਮ੍ਹਾ ਕਰਵਾਉਣ। ਪਾਸਪੋਰਟ ਦੇ ਨਾਲ ਪਛਾਣ ਪੱਤਰ ਵਜੋਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਕਾਪੀ ਵੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸ਼ਰਧਾਲੂ ਆਪਣੇ ਪਾਸਪੋਰਟ ਸਮੇਂ ਸਿਰ ਜਮ੍ਹਾਂ ਕਰਵਾਉਣ ਤਾਂ ਜੋ ਅਗਲੀ ਕਾਰਵਾਈ ਲਈ ਸਰਕਾਰ ਨੂੰ ਭੇਜੇ ਜਾ ਸਕਣ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਪਿੰਡ ਦੁੱਬਲੀ 'ਚ ਫ੍ਰੀ ਮੈਡੀਕਲ ਕੈਂਪ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਪੱਟੀ ਵੱਲੋਂ ਧੰਨ-ਧੰਨ ਬਾਬਾ ਸੰਤ ਖ਼ਾਲਸਾ ਜੀ ਦੇ ਸਾਲਾਨਾ ਜੋੜ ਮੇਲੇ ਦੇ ਸਬੰਧ ਵਿੱਚ ਪਿੰਡ ਦੁੱਬਲੀ ਵਿਖੇ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ। ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਚੀਮਾ ਨੇ ਦੱਸਿਆ ਕਿ ਐਸੋਸੀਏਸ਼ਨ ਸਮਾਜ ਵਿਚ ਲੋਕਾਂ ਨੂੰ ਸਸਤੀ ਕੀਮਤਾਂ ਤੇ ਦਵਾਈ ਦਾਰੂ ਦੇ ਕੇ ਦਿਨ-ਰਾਤ ਸੇਵਾ ਕਰ ਰਹੀ ਹੈ। ਹੁਣ ਸਾਲਾਨਾ ਜੋੜ ਮੇਲੇ ਵਿਚ ਆਉਣ ਵਾਲੀਆਂ ਸੰਗਤਾਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ।ਉਨ੍ਹਾਂ ਵੱਲੋਂ ਦਿੱਲੀ ਦੇ ਬਾਰਡਰਾਂ 'ਤੇ ਚੱਲ ਰਹੇ ਕਿਸਾਨੀ ਸੰਘਰਸ਼ ਦੌਰਾਨ ਵੀ ਸੰਗਤਾਂ ਨੂੰ ਫ੍ਰੀ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।ਬੀਤੇ ਸਮੇਂ ਦੌਰਾਨ ਪਿੰਡ ਘੜੂੰਮ ਨੇੜੇ ਸਤਲੁਜ ਬਿਆਸ ਦਰਿਆਵਾਂ 'ਚ ਪਾੜ ਪੈਣ ਨਾਲ ਬੰਨ੍ਹ ਟੁੱਟ ਗਿਆ ਸੀ।

ਸਰਹਾਲੀ ਸਾਹਿਬ ਵਾਲੇ ਬਾਬਿਆਂ ਵੱਲੋਂ ਬੰਨ੍ਹ ਬੰਨ੍ਹਣ ਮੌਕੇ ਵੀ ਫ੍ਰੀ ਮੈਡੀਕਲ ਕੈਂਪ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ ਸੀ। ਇਸ ਮੌਕੇ ਜ਼ਿਲਾ ਪ੍ਰਧਾਨ ਡਾ. ਜੈਮਲ ਸਿੰਘ, ਡਾ. ਸੁਖਵਿੰਦਰ ਸਿੰਘ ਦੁੱਬਲੀ, ਡਾ. ਗੁਰਜੀਤ ਸਿੰਘ ਦੁੱਬਲੀ, ਡਾ. ਗੁਰਮਿੰਦਰ ਸਿੰਘ ਦੁੱਬਲੀ, ਡਾ. ਗੁਰਪਾਲ ਸਿੰਘ ਨਦੋਹਰ, ਡਾ. ਅਮਰਜੀਤ ਸਿੰਘ ਅਤੇ ਅਨੰਦ ਹਸਪਤਾਲ ਭਿੱਖੀਵਿੰਡ ਤੋਂ ਡਾ. ਗੁਰਪ੍ਰੀਤ ਸਿੰਘ ਨੇ ਜੋੜ ਮੇਲੇ ਵਿੱਚ ਸੇਵਾਵਾਂ ਨਿਭਾਈਆਂ ।

ਖ਼ਾਲਸਾ ਕਾਲਜ ਵਿਖੇ ਦੋ ਰੋਜ਼ਾ ਸਾਇੰਸ ਅਕੈਡਮਿਕ ਵਰਕਸ਼ਾਪ ਦਾ ਆਯੋਜਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖ਼ਾਲਸਾ ਕਾਲਜ ਦੇ ਕਮਿਸਟਰੀ ਵਿਭਾਗ ਵੱਲੋਂ 'ਆਪਟੀਕਲ ਅਤੇ ਫੰਕਸ਼ਨਲ ਆਰਗੈਨਿਕ ਮਟੀਰੀਅਲ' ਵਿਸ਼ੇ 'ਤੇ 2 ਰੋਜ਼ਾ ਵਿਗਿਆਨ ਬੁੱਧੀਜੀਵੀਆਂ ਦੀ ਲੈਕਚਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਉਕਤ ਵਰਕਸ਼ਾਪ ਵਿਗਿਆਨ ਅਕੈਡਮੀਆਂ ਮੁੱਖ ਤੌਰ 'ਤੇ ਇੰਡੀਅਨ ਅਕੈਡਮੀ ਆਫ ਸਾਇੰਸਿਜ਼, ਬੈਂਗਲੂਰੂ, ਇੰਡੀਅਨ ਨੈਸ਼ਨਲ ਸਾਇੰਸ ਅਕੈਡਮੀ, ਨਵੀਂ ਦਿੱਲੀ ਅਤੇ ਨੈਸ਼ਨਲ ਅਕੈਡਮੀ ਆਫ ਸਾਇੰਸਿਜ਼, ਪ੍ਰਯਾਗਰਾਜ, ਉੱਤਰ ਪ੍ਰਦੇਸ਼ ਦੇ ਸਹਿਯੋਗ ਨਾਲ ਕਰਵਾਈ ਗਈ, ਜਿਸ 'ਚ ਖੇਤਰ ਦੇ ਚੋਟੀ ਦੇ ਵਿਗਿਆਨੀਆਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨੇ ਕਿਹਾ ਕਿ ਕਾਲਜ ਸੂਬੇ ਦਾ ਇਕਲੌਤਾ ਕਾਲਜ ਹੈ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਬਾਅਦ ਇਸ ਸਨਮਾਨ ਦੀ ਮੇਜ਼ਬਾਨੀ ਕਰਨ ਵਾਲਾ ਦੂਜਾ ਕਾਲਜ ਹੈ, ਜਿੱਥੇ ਵਿਗਿਆਨੀਆਂ ਨੇ ਰਸਾਇਣ ਵਿਗਿਆਨ 'ਚ ਨਵੀਨਤਮ ਵਿਕਾਸ ਦਾ ਇੰਨ੍ਹੇ ਵੱਡੇ ਪੱਧਰ 'ਤੇ ਆਦਾਨ-ਪ੍ਰਦਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ 'ਚ ਵਿਸ਼ਵ ਪ੍ਰਸਿੱਧ ਵਿਗਿਆਨੀ ਪ੍ਰੋ. ਪੁਸਪੈਂਡੂ ਕੇ. ਦਾਸ, ਪ੍ਰੋ. ਉਦੈ ਮੈਤਰਾ, ਪ੍ਰੋ. ਕਮਲਜੀਤ ਸਿੰਘ ਅਤੇ ਪ੍ਰੋ. ਪਰਮਜੀਤ ਕੌਰ ਨੇ ਬਤੌਰ ਸਰੋਤ ਵਿਅਕਤੀਆਂ ਵਜੋਂ ਭਾਗ ਲਿਆ।

ਪੰਜਾਬ ਸਰਕਾਰ ਦਾ ਬਜਟ ਕਿਸਾਨ ਵਿਰੋਧੀ : ਸਤਨਾਮ ਸਿੰਘ ਪਨੂੰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਕਿਸਾਨ ਮਜ਼ਦੂਰ ਜਥੇਬੰਦੀ ਨੇ ਪੰਜਾਬ ਸਰਕਾਰ ਵੱਲੋਂ ਵਿਧਾਨ ਵਿੱਚ ਪਾਸ ਕੀਤੇ ਕਿਸਾਨ ਮਜ਼ਦੂਰ ਬਜਟ ਦਾ ਸਖ਼ਤ ਵਿਰੋਧ ਕਰਦਿਆਂ ਕਿਸਾਨ ਪੱਖੀ ਖੇਤੀ ਨੀਤੀ ਪੇਸ਼ ਕਰਨ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਨ ਤੇ ਸਾਰੀਆਂ ਫ਼ਸਲਾਂ ਲਈ ਐੱਮਐੱਸਪੀ ਦੀ ਗਰੰਟੀ ਦਾ ਕਾਨੂੰਨ ਬਣਾਉਣ ਲਈ ਵਿਧਾਨ ਸਭਾ ਵਿੱਚ ਮਤਾ ਪਾਸ ਕਰਨ ਦੀ ਮੰਗ ਕੀਤੀ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪਨੂੰ ਅਤੇ ਸੂਬਾ ਦਫਤਰ ਸਕੱਤਰ ਗੁਰਬਚਨ ਸਿੰਘ ਚੱਬਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਵਿਧਾਨ ਸਭਾ ਵਿੱਚ ਜੋ ਬਜਟ ਪੇਸ਼ ਕੀਤਾ ਹੈ, ਉਸ ਵਿੱਚ ਕਿਸਾਨਾਂ/ਮਜ਼ਦੂਰਾਂ ਲਈ ਕੁਝ ਵੀ ਨਹੀਂ ਹੈ। ਖੇਤੀ ਸੈਕਟਰ ਨੂੰ ਬਜਟ ਵਿੱਚੋਂ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਗਿਆ ਹੈ। ਖੇਤੀ ਨੀਤੀ ਦਾ ਪਿਛਲੇ ਦੋ ਸਾਲਾਂ ਤੋਂ ਢਿੱਡੋਰਾ ਪਿੱਟਣ ਦੇ ਬਾਵਜੂਦ ਵੀ ਅੱਜ ਤੱਕ ਨਵੀਂ ਖੇਤੀ ਨੀਤੀ ਕਿਸਾਨਾਂ ਸਾਹਮਣੇ ਨਹੀਂ ਲਿਆਂਦੀ ਗਈ। ਪਿਛਲੇ 22 ਦਿਨਾਂ ਤੋਂ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਸੰਘਰਸ਼ ਚੱਲਣ ਦੇ ਬਾਵਜੂਦ ਪੰਜਾਬ ਸਰਕਾਰ ਨੇ ਚੁੱਪ ਧਾਰੀ ਹੋਈ ਹੈ। ਸ਼ਾਂਤਮਈ ਅੰਦੋਲਨ 'ਤੇ ਹਰਿਆਣਾ ਸਰਕਾਰ ਵੱਲੋਂ ਮੋਦੀ ਸਰਕਾਰ ਦੀ ਸ਼ਹਿ 'ਤੇ ਕੀਤੇ ਅਣਮਨੁੱਖੀ ਤਸ਼ੱਦਦ ਬਾਰੇ ਵੀ ਸਾਜ਼ਿਸ਼ੀ ਦੜ ਵੱਟੀ ਹੋਈ ਹੈ। ਪੰਜਾਬ ਸਰਕਾਰ ਵੱਲੋਂ ਕਿਸਾਨਾਂ/ਮਜ਼ਦੂਰਾਂ ਪ੍ਰਤੀ ਅਪਣਾਏ ਵਤੀਰੇ, ਸਾਰੀਆਂ ਫ਼ਸਲਾਂ ਲਈ ਐੱਮਐੱਸਪੀ ਗਰੰਟੀ ਦਾ ਕਾਨੂੰਨ ਬਣਾਉਣ,

6-MAR-PAGE-12.qxd 3/5/2024 10:48 PM Page 1

ਮਾਨ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ : ਜੌੜਾਮਾਜਰਾ

ਚੰਡੀਗੜ੍ਹ, (ਗੁਰਜੀਤ ਬਿੱਲਾ) ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੇਸ਼ ਕੀਤੇ ਗਏ ਤੀਜੇ ਬਜਟ ਨੂੰ ਕਿਸਾਨਾਂ ਦੀ ਭਲਾਈ ਅਤੇ ਪੇਂਡੂ ਇਲਾਕੇ ਲਈ ਵਿਕਾਸ ਮੁਖੀ ਦੱਸਿਆ ਹੈ।

ਉਨ੍ਹਾਂ ਕਿਹਾ ਕਿ ਬਜਟ ਨਾਲ ਸੂਬੇ ਵਿੱਚ ਸਿੰਜਾਈ ਸਹੂਲਤਾਂ ਹੋਰ ਮਜ਼ਬੂਤ ਹੋਣਗੀਆਂ।ਜੌੜਾਮਾਜਰਾ ਨੇ ਕਿਹਾ ਕਿ ਸੂਬੇ ਵਿੱਚ ਨਹਿਰੀ ਨੈਟਵਰਕ ਨੂੰ ਵਧੇਰੇ ਮਜ਼ਬੂਤ ਕਰਨ ਲਈ ਵਿੱਤੀ ਸਾਲ 2024-25 ਲਈ ਸਰਕਾਰ ਨੇ 2,107 ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜੋ ਦਰਸਾਉਂਦਾ ਹੈ ਕਿ ਸਰਕਾਰ ਜਿੱਥੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਵਚਨਬੱਧ ਹੈ, ਉਥੇ ਕਿਸਾਨਾਂ ਲਈ ਸਿੰਜਾਈ ਦੇ ਸਥਾਈ ਅਤੇ ਦੀਰਘਕਾਲੀ ਪ੍ਰਬੰਧ ਕਰਨ ਲਈ ਤਤਪਰ ਹੈ।ਜਲ ਸਰੋਤ ਮੰਤਰੀ ਨੇ ਕਿਹਾ ਕਿ ਸਿੰਜਾਈ ਸਹੂਲਤਾਂ ਨੂੰ ਪਹਿਲ ਦੇਣ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸੋਚ ਤੋਂ ਸੇਧ ਲੈ ਕੇ ਸਰਕਾਰ ਨੇ ਇੱਕ ਨਵੇਂ ਮਾਲਵਾ ਕੈਨਾਲ ਪ੍ਰਾਜੈਕਟ ਦੀ ਤਜਵੀਜ਼ ਰੱਖੀ ਹੈ। ਇਸ ਪਹਿਲਕਦਮੀ ਦਾ ਟੀਚਾ ਲਗਭਗ 1,78,000 ਏਕੜ ਨੂੰ ਕਵਰ ਕਰਨਾ ਹੈ, ਜਿਸ ਨਾਲ ਬਠਿੰਡਾ, ਫ਼ਰੀਦਕੋਟ, ਫ਼ਿਰੋਜ਼ਪੁਰ ਅਤੇ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ ਨੂੰ ਲਾਭ ਹੋਵੇਗਾ। ਇਸ ਪ੍ਰਾਜੈਕਟ ਦਾ ਉਦੇਸ਼ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਨੂੰ ਘਟਾਉਣਾ ਅਤੇ ਹਾੜ੍ਹੀ ਦੇ ਸਮੇਂ ਦੌਰਾਨ ਬਿਆਸ-ਸਤਲੁਜ ਦਰਿਆ ਦੇ ਪਾਣੀ ਦੀ ਘੱਟ ਵਰਤੋਂ ਵਾਲੇ ਪੰਜਾਬ ਦੇ ਹਿੱਸੇ ਨੂੰ ਅਨੁਕੂਲ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਲੰਮੇ ਸਮੇਂ ਤੋਂ ਉਡੀਕੇ ਜਾ ਰਹੇ ਸ਼ਾਹਪੁਰ ਕੰਢੀ ਡੈਮ ਪ੍ਰਾਜੈਕਟ ਵਿੱਚ ਜਲ ਭੰਡਾਰ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।ਇਸ ਨਾਲ 37,173 ਹੈਕਟੇਅਰ ਦੀ ਵਾਧੂ ਸਿੰਜਾਈ ਸਮਰੱਥਾ ਪੈਦਾ ਹੋਵੇਗੀ ਅਤੇ ਨਾਲ ਹੀ ਯੂ.ਬੀ.ਡੀ.ਸੀ. ਪ੍ਰਣਾਲੀ ਅਧੀਨ 1.18 ਲੱਖ ਹੈਕਟੇਅਰ ਖੇਤਰ ਭਾਵ ਅੰਮ੍ਰਿਤਸਰ, ਗੁਰਦਾਸਪੁਰ, ਤਰਨ ਤਾਰਨ ਅਤੇ ਪਠਾਨਕੋਟ ਵਿੱਚ ਸਿੰਜਾਈ ਹੋ ਸਕੇਗੀ। 206 ਮੈਗਾਵਾਟ ਦੀ ਸਥਾਪਿਤ ਸਮਰੱਥਾ ਵਾਲਾ ਹਾਈਡਲ ਪਾਵਰ ਪਲਾਂਟ ਛੇਤੀ ਪੂਰਾ ਹੋ ਜਾਵੇਗਾ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਨੇਕ-ਨੀਅਤੀ ਨਾਲ ਜਲ ਮਾਰਗਾਂ ਦੀ ਲਾਈਨਿੰਗ ਦੇ ਕੰਮਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਰਾਜ ਭਰ ਵਿੱਚ 80 ਕਰੋੜ ਰੁਪਏ ਦੇ ਕੰਮ ਪਹਿਲਾਂ ਹੀ ਸ਼ੁਰੂ ਕੀਤੇ ਜਾ ਚੁੱਕੇ ਹਨ। ਵਿੱਤੀ ਸਾਲ 2024-25 ਵਿੱਚ ਨਵੇਂ ਪ੍ਰਾਜੈਕਟਾਂ-ਉਸਾਰੀ/ਰੀ-ਮਾਡਲਿੰਗ ਅਤੇ ਲਾਈਨਿੰਗ/ਰੀ-ਲਾਈਨਿੰਗ ਦੇ ਕੰਮਾਂ ਲਈ 143 ਕਰੋੜ ਰੁਪਏ ਅਤੇ ਰਾਜਸਥਾਨ ਅਤੇ ਸਰਹਿੰਦ ਫ਼ੀਡਰ ਦੀ ਰੀ-ਲਾਈਨਿੰਗ ਨੂੰ ਪੂਰਾ ਕਰਨ ਲਈ 150 ਕਰੋੜ ਰੁਪਏ ਰਾਖਵੇਂ ਰੱਖੇ ਹਨ।ਧਰਤੀ ਹੇਠਲੇ ਘੱਟ ਰਹੇ ਪਾਣੀ ਦੀ ਸਮੱਸਿਆ ਪ੍ਰਤੀ ਸੁਚੇਤ ਹੈ। ਇਸ ਲਈ ਕਿਸਾਨਾਂ ਨੂੰ ਸਿੰਜਾਈ ਲਈ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਉਣ ਹਿੱਤ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 194 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਪਲੱਬਧ ਜ਼ਮੀਨੀ ਅਤੇ ਧਰਤੀ ਹੇਠਲੇ ਸਰੋਤਾਂ ਦੀ ਸਮਝਦਾਰੀ ਨਾਲ ਵਰਤੋਂ ਕਰਨ ਲਈ ਸਰਕਾਰ ਵੱਲੋਂ ਖੇਤਾਂ ਵਿੱਚ ਵੱਖ-ਵੱਖ ਜਲ ਸੰਭਾਲ ਤਕਨੀਕਾਂ ਜਿਵੇਂ ਸੂਖਮ ਸਿੰਜਾਈ ਅਤੇ ਧਰਤੀ ਹੇਠ ਪਾਈਪਲਾਈਨਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਚਾਲੂ ਸਾਲ ਦੌਰਾਨ 13,016 ਹੈਕਟੇਅਰ ਖੇਤਰ ਨੂੰ ਇਸ ਦਾ ਲਾਭ ਹੋਇਆ ਹੈ। ਮਿੱਟੀ ਅਤੇ ਪਾਣੀ ਦੀ ਸੰਭਾਲ ਲਈ 194 ਕਰੋੜ ਰੁਪਏ ਦੇ ਬਜਟ ਦੀਆਂ ਤਜਵੀਜ਼ਾਂ ਰੱਖੀਆਂ ਗਈਆਂ ਹਨ, ਜਿਨ੍ਹਾਂ ਵਿੱਚ ਕਿਸਾਨਾਂ ਨੂੰ ਸਿੰਜਾਈ ਲਈ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਉਣ ਹਿੱਤ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਦੋ ਨਵੇਂ ਨਾਬਾਰਡ ਪ੍ਰਾਜੈਕਟ ਸ਼ੁਰੂ ਕਰਨ ਦੀਆਂ ਤਜਵੀਜ਼ਾਂ ਸ਼ਾਮਲ ਹਨ।

ਪਾਰੋਵਾਲ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ ਗੁਰਪੁਰਬ ਸ਼ਰਧਾਪੂਰਵਕ ਮਨਾਇਆ

ਗੜ੍ਹਸ਼ੰਕਰ(ਫੂਲਾ ਸਿੰਘ ਬੀਰਮਪੁਰ)- ਇਲਾਕੇ ਦੇ ਪਿੰਡ ਪਾਰੋਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 647ਵਾਂ ਪ੍ਰਕਾਸ਼ ਦਿਹਾੜਾ ਸਮੂਹ ਸੰਗਤਾਂ, ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਮਨਾਇਆ ਗਿਆ। ਬਾਣੀ ਦੇ ਰਚੇਤਾ, ਇਨਕਲਾਬ ਦੇ ਮੋਢੀ, ਗਰੀਬ ਮਜ਼ਲੂਮਾਂ ਦੇ ਹੱਕ ਲਈ ਹਾਅ ਦਾ ਨਾਹਰਾ ਮਾਰਨ ਵਾਲੇ, ਹੱਥੀਂ ਕਿਰਤ ਕਰਨ ਦਾ ਸੁਨੇਹਾ ਦੇਣ ਵਾਲੇ ਸਤਿਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਗੁਰਪੁਰਬ ਦੀ ਵਧਾਈ ਦਿੱਤੀ । ਇਸ ਮੌਕੇ ਰਾਗੀ ਜਥਾ ਗੌਰਵਮੀਤ ਪਰਜੀਆਂ ਤੇ ਸਾਥੀਆਂ ਵਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਚਾਹ ਪਕੌੜੇ ਅਤੇ ਗੁਰੂ ਦਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਲੜਕੀ ਨਾਲ ਜਬਰ ਜਨਾਹ ਕਰਨ ਵਾਲਿਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ, ਕਿਰਤੀ ਕਿਸਾਨ ਯੂਨੀਅਨ, ਜੀਵਨ ਜਾਗ੍ਰਿਤੀ ਮੰਚ ਅਤੇ ਦੁਆਬਾ ਸਾਹਿਤ ਸਭਾ ਵੱਲੋਂ ਪਿਛਲੇ ਦਿਨੀਂ ਭਾਰਤ ਵਿੱਚ ਸਫਰ ਕਰਨ ਆਏ ਸਪੇਨੀ ਜੋੜੇ ਨਾਲ ਬਦਸਲੂਕੀ ਕਰਕੇ ਕੁੱਟਮਾਰ ਕਰਨ ਅਤੇ ਸਪੇਨੀ ਔਰਤ ਨਾਲ ਸਮੂਹਿਕ ਬਲਾਤਕਾਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਵੱਖ-ਵੱਖ ਜਥੇਬੰਦੀਆਂ ਡੀ ਟੀ ਐਫ ਦੇ ਸੂਬਾ ਜਨਰਲ ਸਕੱਤਰ ਮੁਕੇਸ਼ ਕੁਮਾਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਕਾਮਰੇਡ ਹਰਮੇਸ਼ ਢੇਸੀ, ਜੀਵਨ ਜਾਗ੍ਰਿਤੀ ਮੰਚ ਦੇ ਪ੍ਰਧਾਨ ਪ੍ਰਿੰਸੀਪਲ ਡਾ. ਬਿੱਕਰ ਸਿੰਘ ਅਤੇ ਦੁਆਬਾ ਸਾਹਿਤ ਸਭਾ ਦੇ ਜਨਰਲ ਸਕੱਤਰ ਪਵਨ ਕੁਮਾਰ ਭੱਮੀਆਂ ਨੇ ਕਿਹਾ ਕਿ ਸਪੇਨੀ ਜੋੜਾ ਜੋ ਪੂਰੀ ਦੁਨੀਆ ਵਿੱਚ ਮੋਟਰਸਾਈਕਲ 'ਤੇ ਵੱਖ ਵੱਖ ਦੇਸ਼ਾਂ ਵਿੱਚ ਸਫਰ ਕਰਦਿਆਂ ਹੋਇਆਂ ਭਾਰਤ ਪਹੁੰਚਿਆ ਹੋਇਆ ਹੈ ਜਦੋਂ ਇਹ ਜੋੜਾ ਝਾਰਖੰਡ ਵਿੱਚ ਰਾਤ ਬਿਤਾ ਰਿਹਾ ਸੀ ਤਾਂ ਉੱਥੇ ਗੁੰਡਿਆਂ ਵੱਲੋਂ ਇਸ ਜੋੜੇ ਦੀ ਕੁੱਟਮਾਰ ਕਰਨ ਤੋਂ ਬਾਅਦ ਸਪੇਨੀ ਔਰਤ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ ਜੋ ਕਿ ਕਿਸੇ ਵੀ ਸੱਭਿਅਕ ਸਮਾਜ ਅਤੇ ਲੋਕਤੰਤਰੀ ਦੇਸ਼ 'ਤੇ ਵੱਡਾ ਕਲੰਕ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਹਾਕਮਾਂ ਵੱਲੋਂ ਲਗਾਤਾਰ ਪਿਛਲੇ ਇਕ ਦਹਾਕੇ ਤੋਂ ਦੇਸ਼ ਦੇ ਵਿੱਚ ਫਿਰਕੂ ਅਤੇ ਔਰਤ ਵਿਰੋਧੀ ਮਾਹੌਲ ਬਣਾ ਕੇ ਅਤੇ ਇਹੋ ਜਿਹੇ ਅਨਸਰਾਂ ਦੀ ਲਗਾਤਾਰ ਸਰਕਾਰੇ ਦਰਬਾਰੇ ਪੁਸ਼ਤ ਪਨਾਹੀ ਕਰਨ ਕਰਕੇ ਇਹੋ ਜਿਹੇ ਘਿਨੌਣੇ ਕਾਂਡ ਲਗਾਤਾਰ ਵਾਪਰ ਰਹੇ ਹਨ ਅਤੇ ਦੇਸ਼ ਦਾ ਨਾਂ ਪੂਰੀ ਦੁਨੀਆ ਪੱਧਰ ਤੇ ਕਲੰਕਤ ਹੁੰਦਾ ਹੈ। ਉਨ੍ਹਾਂ ਇਨ੍ਹਾਂ ਬਲਾਤਕਾਰੀ ਦੋਸ਼ੀਆਂ ਖਿਲਾਫ ਸਖਤ ਐਕਸ਼ਨ ਲੈਣ ਦੀ ਮੰਗ ਕੀਤੀ।

ਭੱਕੂਮਾਜਰਾ 'ਚ ਗੁਰਮਤਿ ਸਮਾਗਮ ਕਰਵਾਇਆ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)-ਪਿੰਡ ਭੱਕੂਮਾਜਰਾ ਵਿਖੇ ਨੌਜਵਾਨ ਸਭਾ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਿੰਡ ਵਾਸੀਆਂ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ 39ਵਾਂ ਗੁਰਮਤਿ ਸਮਾਗਮ ਕਰਵਾਇਆ । ਸਮਾਜ ਸੇਵੀ ਭਾਈ ਸ਼ਮਿੰਦਰ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਉਣ ਤੋਂ ਬਾਅਦ ਸਜਾਏ ਦੀਵਾਨ ਵਿਚ ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ, ਭਾਈ ਗਗਨਪਰੀਤ ਸਿੰਘ, ਗਿਆਨੀ ਹਰਭਜਨ ਸਿੰਘ, ਭਾਈ ਤਵਨੀਤ ਸਿੰਘ, ਬਾਬਾ ਸੁਖਵਿੰਦਰ ਸਿੰਘ, ਭਾਈ ਗੁਰਦੇਵ ਸਿੰਘ ਅਸਟ੍ਰੇਲੀਆ ਅਤੇ ਗਿਆਨੀ ਨਿਸ਼ਾਨ ਸਿੰਘ ਆਦਿ ਵਲੋਂ ਕੀਰਤਨ, ਗੁਰਮਤਿ ਵਿਚਾਰਾਂ ਅਤੇ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਮੁਫਤ ਸਿਹਤ ਜਾਂਚ ਕੈਂਪ ਲਗਾਇਆ ਅਤੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ । ਇਸ ਦੌਰਾਨ ਹੀ ਅਮਰ ਸ਼ਹੀਦ ਭਾਈ ਜਮਾਲਾ ਸਿੰਘ ਨੰਨੂਆਂ ਦੀ ਯਾਦ ਨੂੰ ਸਮਰਪਿਤ ਧਾਰਮਿਕ ਪੁਸਤਕਾਂ ਦੀ ਪ੍ਰਦਰਸ਼ਨੀ ਲਗਾਈ ਅਤੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ । ਇਸ ਮੌਕੇ ਪ੍ਰਧਾਨ ਬਲਵਿੰਦਰ ਸਿੰਘ, ਰਵਿੰਦਰ ਸਿੰਘ, ਹਰਦੀਪ ਸਿੰਘ, ਮੋਹਨਜੀਤ ਸਿੰਘ, ਪ੍ਰਗਟ ਸਿੰਘ, ਜੁਝਾਰ ਸਿੰਘ, ਅਜੀਤ ਸਿੰਘ, ਪ੍ਰੇਮ ਸਿੰਘ, ਦਰਸ਼ਨ ਸਿੰਘ, ਹਰਜੀਤ ਸਿੰਘ ਅਤੇ ਰਾਜਿੰਦਰ ਸਿੰਘ ਆਦਿ ਹਾਜ਼ਰ ਸਨ ।

ਗ੍ਰਾਮੀਣ ਸੰਵਰਧਨ ਤੇ ਮਹਾਂਗ੍ਰਾਮ ਯੋਜਨਾ ਤਹਿਤ 113 ਨਵੀਂਆਂ ਪਰਿਯੋਜਨਾਵਾਂ ਨੂੰ ਮਨਜ਼ੂਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਸਰਕਾਰ ਨੇ ਸੱਤ ਜਿਲ੍ਹਿਆਂ ਵਿਚ ਗ੍ਰਾਮੀਣ ਸੰਵਰਧਨ ਅਤੇ ਮਹਾਗ੍ਰਾਮ ਯੋਜਨਾ ਤਹਿਤ 113 ਨਵੀਂ ਪਰਿਯੋਜਨਾਵਾਂ ਨੂੰ ਮੰਜੂਰੀ ਦਿੱਤੀ ਹੈ। ਇੰਨ੍ਹਾਂ ਪਰਿਯੋਜਨਾਵਾਂ 'ਤੇ 121 ਕਰੋੜ ਰੁਪਏ ਖਰਚ ਹੋਣਗੇ। ਇਹ ਪਰਿਯੋਜਨਾਵਾਂ ਯਮੁਨਾਨਗਰ, ਪੰਚਕੂਲਾ, ਅੰਬਾਲਾ, ਫਰੀਦਾਬਾਦ, ਝੱਜਰ, ਭਿਵਾਨੀ ਅਤੇ ਦਾਦਰੀ ਵਿਚ ਸ਼ੁਰੂ ਹੋਣਗੀਆਂ।ਮੁੱਖ ਮੰਤਰੀ ਮਨੋਹਰ ਲਾਲ ਨੇ ਇੱਥੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਵੱਲੋਂ ਲਾਗੂ ਕੀਤੀ ਜਾਣ ਵਾਲੀ ਉਪਰੋਕਤ 113 ਪਰਿਯੋਜਨਾਵਾਂ ਨੂੰ ਪ੍ਰਸਾਸ਼ਨਿਕ ਮੰਜੂਰੀ ਪ੍ਰਦਾਨ ਕੀਤੀ ਹੈ। ਇਸ ਸਬੰਧ ਵਿਚ ਇਥ ਅਧਿਕਾਰਕ ਬੁਲਾਰੇ ਨੇ ਦਸਿਆ ਕਿ 2 ਪਰਿਯੋਜਨਾਵਾਂ ਮਹਾਗ੍ਰਾਮ ਯੋਜਨਾ ਤਹਿਤ ਅਤੇ 108 ਪਰਿਯੋਜਨਾਵਾਂ ਗ੍ਰਾਮੀਣ ਸੰਵਰਧਨ ਪ੍ਰੋਗ੍ਰਾਮ ਤਹਿਤ ਮੰਜੂਰ ਕੀਤੀ ਗਈਆਂ ਹਨ। ਇਸ ਤੋਂ ਇਲਾਵਾ 3 ਪਰਿਯੋਜਨਾਵਾਂ ਸੀਵਰੇਜ ਅਤੇ ਸਵੱਛਤਾ ਦੇ ਤਹਿਤ ਮੰਜੂਰ ਹਨ। ਬੁਲਾਰੇ ਨੇ ਦਸਿਆ ਕਿ ਯਮੁਨਾਨਗਰ, ਝੱਜਰ ਅਤੇ ਫਰੀਦਾਬਾਦ ਵਿਚ ਸੀਵਰੇਜ ਅਤੇ ਸਵੱਛਤਾ ਦੀ 3 ਪਰਿਯੋਜਨਾਵਾਂ ਨੂੰ ਮੰਜੂਰੀ ਦਿੱਤੀ ਗਈ ਹੈ ਪਰਿਯੋਜਨਾਵਾਂ ਵਿਚ ਫਰੀਦਾਬਾਦ ਦੇ ਡਿਵੀਜਨ ਦਫਤਰ ਵਿਚ 1.49 ਕਰੋੜ ਰੁਪਏ ਦੀ ਲਾਗਤ ਨਾਲ ਲੈਬ ਦਾ ਨਿਰਮਾਣ ਕਰਵਾਇਆ ਜਾਵੇਗਾ। ਇਸੀ ਤਰ੍ਹਾਂ ਨਾਲ ਯਮੁਨਾਨਗਰ ਵਿਚ ਲੈਬ ਸਮੱਗਰੀ ਦੀ ਖਰੀਦ ਸਮੇਤ ਨਵੀਂ ਜ਼ਿਲ੍ਹਾ ਪੱਧਰੀ ਵੇਸਟ ਜਲ ਜਾਂਚ ਲੈਬ 'ਤੇ 1.01 ਕਰੋੜ ਰੁਪਏ ਖਰਚ ਕੀਤੇ ਜਾਣਗੇ।ਜ਼ਿਲ੍ਹਾ ਝੱਜਰ ਦੇ ਬਹਾਦੁਰਗੜ੍ਹ ਵਿਚ ਸ਼ਹਿਰੀ ਅਤੇ ਗ੍ਰਾਮੀਣ ਜਲ ਸਪਲਾਈ ਲਈ ਪਬਲਿਕ ਹੈਲਥ ਇੰਜੀਨੀਅਰਿੰਗ ਵਿਭਾਗ ਵਿਚ ਲੈਬ ਭਵਨ ਦੇ ਨਿਰਮਾਣ 'ਤੇ 60.41 ਲੱਖ ਰੁਪਏ ਖਰਚ ਕੀਤੇ ਜਾਣਗੇ।ਪੰਚਕੂਲਾ ਦੇ (ਧਾਨੀ) ਵਿਚ ਜਲ ਸਪਲਾਈ ਪਾਇਪ ਲਾਇਨ ਅਤੇ ਅੰਬਾਲਾ ਦੇ ਤੋਕਾ ਪਿੰਡ ਵਿਚ (ਐਫਐਚਟੀਸੀ) ਜਲ ਸਪਲਾਈ 'ਤੇ ਲਾਇਨਾਂ 'ਤੇ 21.98 ਲੱਖ ਰੁਪਏ, ਅੰਬਾਲਾ ਮੋਹਰਾ ਪਿੰਡ ਵਿਚ ਏਸੀ/ਪੀਵੀਸੀ ਦੀ ਪੁਰਾਣੀ ਜਲ ਸਪਲਾਈ ਪਾਇਪ ਲਾਇਨ ਨੂੰ ਬਦਲਣ 'ਤੇ 91.16 ਲੱਖ ਰੁਪਏ, ਪੰਚਕੂਲਾ ਦੇ ਟੋੜਾ ਪਿੰਡ ਵਿਚ ਜਲ ਸਪਲਾਈ ਦੀ ਲਾਇਨਾਂ ਵਿਛਾਉਣ 'ਤੇ 22.36 ਲੱਖ ਰੁਪਏ ਖਰਚ ਕੀਤੇ ਜਾਂਣਗੇ। ਬੁਲਾਰੇ ਨੇ ਦਸਿਆ ਕਿ ਯਮੁਨਾਨਗਰ ਦੇ ਬਲਾਕ ਪ੍ਰਤਾਪ ਨਗਰ ਪੂਰਨ ਸੀਵਰੇਜ ਸਹੂਲਤ ਅਤੇ ਐਸਟੀਪੀ ਦੇ ਨਿਰਮਾਣ 'ਤੇ 23.87 ਲੱਖ ਰੁਪਏ ਖਰਚ ਕੀਤੇ ਜਾਣਗੇ।

ਸ਼੍ਰੋਮਣੀ ਰੰਘਰੇਟਾ ਦਲ (ਟਕਸਾਲੀ) ਨੇ ਗੋਬਿੰਦ ਨਗਰ ਵਿਖੇ ਕਮੇਟੀ ਦਾ ਕੀਤਾ ਗਠਨ

ਸ਼ਾਹਕੋਟ (ਗਿਆਨ ਸੈਦਪੁਰੀ) ਦਲਿਤ ਸਮਾਜ ਦੀ ਬਿਹਤਰੀ ਲਈ ਜਥੇਬੰਦ ਹੋਣਾ ਜ਼ਰੂਰੀ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਰੰਘਰੇਟਾ ਦਲ (ਟਕਸਾਲੀ) ਦੇ ਸੂਬਾ ਪ੍ਰਧਾਨ ਅਮਰਜੀਤ ਸਿੰਘ ਈਦਾ ਨੇ ਕੀਤਾ।ਉਹ ਗੋਬਿੰਦ ਨਗਰ (ਮਲਸੀਆ) ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਹਮੇਸ਼ਾ ਨੌਜਵਾਨਾਂ ਨੂੰ ਨਾਲ ਲੈ ਕੇ ਸਮਾਜ ਦੀ ਬਿਹਤਰੀ ਲਈ ਕਾਰਜ ਕੀਤੇ ਜਾਂਦੇ ਹਨ।ਉਨ੍ਹਾਂ ਵੱਲੋਂ ਗੋਬਿੰਦ ਨਗਰ (ਮਲਸੀਆ) ਦੀ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿੱਚ ਰਮਨ ਕੁਮਾਰ ਪ੍ਰਧਾਨ, ਸਾਹਿਲ ਸੀਨੀਅਰ ਵਾਇਸ ਪ੍ਰਧਾਨ, ਸੁਖਦੇਵ ਜਨਰਲ ਸਕੱਤਰ, ਸਨੀ ਵਾਇਸ ਪ੍ਰਧਾਨ, ਪ੍ਰਭਜੋਤ ਸੀ